6-OCT-PAGE-1.qxd 10/5/2023 10:28 PM Page 1

ਸ਼ੁੱਕਰਵਾਰ, 6 ਅਕਤੂਬਰ, 2023
20 ਅੱਸੂ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 126

ਨਵਾਂ ਜ਼ਮਾਨਾ

DAILY NAWAN ZAMANA • FRIDAY, 6 OCTOBER, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 14

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਈ ਡੀ ਤੇਰੀਆਂ ਕੜੀਆਂ ਜੁੜ ਨਹੀਂ ਰਹੀਆਂ, ਇੱਥੇ ਅੰਦਾਜ਼ੇ ਨਹੀਂ, ਸਬੂਤ ਚੱਲਣੇ : ਸੁਪਰੀਮ ਕੋਰਟ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਵੀਰਵਾਰ ਆਬਕਾਰੀ ਨੀਤੀ ਵਿਚ ਕਥਿਤ ਘਪਲੇ ਦੇ ਮਾਮਲੇ 'ਚ ਗ੍ਰਿਫ਼ਤਾਰ ਦਿੱਲੀ ਦੇ ਸਾਬਕਾ ਵਿੱਤ ਮੰਤਰੀ ਮਨੀਸ਼ ਸਿਸੋਦੀਆ ਦੀ ਜ਼ਮਾਨਤ ਦੀ ਅਰਜ਼ੀ 'ਤੇ ਸੁਣਵਾਈ ਕਰਦਿਆਂ ਈ ਡੀ ਨੂੰ ਝੰਜੋੜਿਆ।

ਜਸਟਿਸ ਸੰਜੀਵ ਖੰਨਾ ਤੇ ਜਸਟਿਸ ਐੱਸ ਵੀ ਐੱਨ ਭੱਟੀ ਦੀ ਬੈਂਚ ਨੇ ਈ ਡੀ ਨੂੰ ਕਿਹਾ—ਸਬੂਤਾਂ ਦੀਆਂ ਕੜੀਆਂ ਇਕ-ਦੂਜੇ ਨਾਲ ਜੁੜ ਨਹੀਂ ਰਹੀਆਂ। ਤੁਹਾਡੀਆਂ ਦਲੀਲਾਂ ਅੰਦਾਜ਼ੇ 'ਤੇ ਅਧਾਰਤ ਹਨ, ਜਦਕਿ ਇਹ ਸਬੂਤਾਂ 'ਤੇ ਅਧਾਰਤ ਹੋਣੀਆਂ ਚਾਹੀਆਂ ਹਨ।

ਬੈਂਚ ਨੇ ਈ ਡੀ ਦੇ ਵਕੀਲ ਨੂੰ ਪੁੱਛਿਆ—ਸਰਕਾਰੀ ਗਵਾਹ ਬਣੇ ਕਾਰੋਬਾਰੀ ਦਿਨੇਸ਼ ਅਰੋੜਾ ਦੇ ਬਿਆਨ ਦੇ ਇਲਾਵਾ ਸਿਸੋਦੀਆ ਦੇ ਖਿਲਾਫ ਸਬੂਤ ਕਿੱਥੇ ਹਨ? ਸਿਸੋਦੀਆ ਨੂੰ ਜੇ ਪੈਸੇ ਮਿਲੇ ਤਾਂ ਕਿਸ ਨੇ ਦਿੱਤੇ ਅਤੇ ਉਹ ਉਨ੍ਹਾ ਤੱਕ ਕਿਵੇਂ ਪੁੱਜਾ? ਪੈਸੇ ਦੇਣ ਵਾਲੇ ਬਹੁਤ ਸਾਰੇ ਲੋਕ ਹੋ ਸਕਦੇ ਹਨ। ਜ਼ਰੂਰੀ ਨਹੀਂ ਕਿ ਉਹ ਸ਼ਰਾਬ ਨਾਲ ਜੁੜੇ ਹੋਣ। ਸਬਤ ਕਿੱਥੇ ਹਨ। ਬੈਂਚ ਨੇ ਮਾਮਲੇ ਦੀ ਅਗਲੀ ਸੁਣਵਾਈ 12 ਅਕਤੂਬਰ ਪਾਈ ਹੈ। ਇਸੇ ਦੌਰਾਨ ਬੈਂਚ ਨੇ ਕਿਹਾ ਕਿ ਬੁੱਧਵਾਰ ਸੁਣਵਾਈ ਦੌਰਾਨ ਕਿਸੇ ਪਾਰਟੀ ਦਾ ਨਾਂਅ ਨਹੀਂ ਲਿਆ ਸੀ, ਸਰਸਰੀ ਪੁੱਛਿਆ ਸੀ ਕਿ ਜਦ ਕਿਹਾ ਜਾ ਰਿਹਾ ਕਿ ਸ਼ਰਾਬ ਘੁਟਾਲੇ ਨਾਲ ਸਿਆਸੀ ਪਾਰਟੀ ਨੂੰ ਲਾਭ ਹੋਇਆ ਤਾਂ ਉਸ ਨੂੰ ਮਾਮਲੇ ਵਿਚ ਧਿਰ ਕਿਉਂ ਨਹੀਂ ਬਣਾਇਆ ਗਿਆ। ਸਿਸੋਦੀਆ ਦੇ ਵਕੀਲ ਅਭਿਸ਼ੇਕ ਮਨੂੰ ਸਿੰਘਵੀ ਨੇ ਸੁਣਵਾਈ ਦੌਰਾਨ ਮਾਮਲਾ ਉਠਾਉਂਦਿਆਂ ਕਿਹਾ ਸੀ ਕਿ ਟੀ ਵੀ ਚੈਨਲ ਖਬਰ ਚਲਾ ਰਹੇ ਹਨ ਕਿ 'ਆਪ' ਨੂੰ ਪਾਰਟੀ ਬਣਾਉਣ ਦੀ ਤਿਆਰੀ ਹੈ।

ਫਾਜ਼ਲ ਜੱਜਾਂ ਨੇ ਕਿਹਾ ਕਿ ਉਹ ਚੈਨਲਾਂ ਦੇ ਹਿਸਾਬ ਨਾਲ ਨਹੀਂ ਚਲਦੇ, ਉਨ੍ਹਾਂ ਸਿਰਫ ਇਹ ਕਿਹਾ ਸੀ ਕਿ ਜਦ ਕਿਹਾ ਜਾ ਰਿਹਾ ਹੈ ਤਾਂ ਸੰਬੰਧਤ ਪਾਰਟੀ ਨੂੰ ਧਿਰ ਕਿਉਂ ਨਹੀਂ ਬਣਾਇਆ ਗਿਆ।

ਰਾਜਪਾਲ ਦੀ ਮੁੱਖ ਮੰਤਰੀ ਨੂੰ ਇੱਕ ਹੋਰ ਚਿੱਠੀ

ਤਰਨ ਤਾਰਨ 'ਚ 'ਗੈਰਕਾਨੂੰਨੀ' ਮਾਈਨਿੰਗ ਦੀ ਘਟਨਾ ਦੀ ਪੂਰੀ ਰਿਪੋਰਟ ਮੰਗੀ

ਚੰਡੀਗੜ੍ਹ : ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਚਿੱਠੀਆਂ ਦਾ ਸਿਲਸਿਲਾ ਜਾਰੀ ਰੱਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਕ ਹੋਰ ਚਿੱਠੀ ਲਿਖ ਕੇ ਤਰਨ ਤਾਰਨ ਵਿਚ 'ਗੈਰਕਾਨੂੰਨੀ' ਮਾਈਨਿੰਗ ਦੀ ਘਟਨਾ ਦੀ ਵਿਸਤ੍ਰਿਤ ਰਿਪੋਰਟ ਮੰਗੀ ਹੈ।



ਹਾਲ ਹੀ 'ਚ ਗੈਰਕਾਨੂੰਨੀ ਮਾਈਨਿੰਗ ਦੇ ਮਾਮਲੇ ਵਿਚ 'ਆਪ' ਦੇ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦੇ ਕਰੀਬੀ ਰਿਸ਼ਤੇਦਾਰ ਸਣੇ 10 ਵਿਅਕਤੀਆਂ ਦੀ ਗ੍ਰਿਫਤਾਰੀ ਦੇ ਬਾਅਦ ਤਰਨ ਤਾਰਨ ਦੇ ਐੱਸ ਐੱਸ ਪੀ ਗੁਰਮੀਤ ਸਿੰਘ ਚੌਹਾਨ ਦੀ ਬਦਲੀ ਕਰ ਦਿੱਤੀ ਗਈ ਸੀ।

ਮੀਡੀਆ ਰਿਪੋਰਟਾਂ ਦੇ ਹਵਾਲੇ ਨਾਲ ਰਾਜਪਾਲ ਨੇ ਕਿਹਾ—ਮੈਂ ਮੀਡੀਆ ਵਿਚ ਵਿਧਾਇਕ ਦੇ ਪੁਲਸ ਵਿਚ ਕੁਰੱਪਸ਼ਨ, ਰਾਤ ਨੂੰ ਵਿਧਾਇਕ ਦੇ ਕਰੀਬੀ ਰਿਸ਼ਤੇਦਾਰਾਂ ਵੱਲੋਂ ਗੈਰਕਾਨੂੰਨੀ ਮਾਈਨਿੰਗ, ਪੁਲਸ ਅਧਿਕਾਰੀਆਂ ਦੀ ਮੁਅੱਤਲੀ ਤੇ ਫਿਰ ਤਰਨ ਤਾਰਨ ਦੇ ਐੱਸ ਐੱਸ ਪੀ ਦੀ ਬਦਲੀ ਬਾਰੇ ਟਕਰਾਉਂਦੀਆਂ ਰਿਪੋਰਟਾਂ ਪੜ੍ਹ ਰਿਹਾ ਹਾਂ। ਪੰਜਾਬ ਵਿਚ ਗੈਰਕਾਨੂੰਨੀ ਮਾਈਨਿੰਗ ਅਹਿਮ ਮੁੱਦਾ ਹੈ ਤੇ ਇਸ ਵਿਚ ਕਾਫੀ ਕੁਰੱਪਸ਼ਨ ਦੀ ਗੱਲ ਹੁੰਦੀ ਹੈ। ਇਸ ਪਿਛੋਕੜ ਵਿਚ ਕੁਝ ਮੀਡੀਆ ਰਿਪੋਰਟਾਂ ਵਿਚ ਕਿਹਾ ਗਿਆ ਹੈ ਕਿ ਪੁਲਸ ਪਾਰਟੀ ਨੇ ਤਰਨ ਤਾਰਨ ਜ਼ਿਲ੍ਹੇ ਵਿਚ ਰਾਤ ਨੂੰ ਗੈਰਕਾਨੂੰਨੀ ਮਾਈਨਿੰਗ ਨੂੰ ਬੇਨਕਾਬ ਕੀਤਾ ਅਤੇ ਵਿਧਾਇਕ ਦਾ ਇਕ ਕਰੀਬੀ ਰਿਸ਼ਤੇਦਾਰ ਇਸ ਦਾ ਹਿੱਸਾ ਹੈ। ਮੀਡੀਆ ਰਿਪੋਰਟਾਂ ਵਿਚ ਅੱਗੇ ਕਿਹਾ ਗਿਆ ਹੈ ਕਿ ਜਿਹੜੀ ਪੁਲਸ ਪਾਰਟੀ ਛਾਪਾ ਮਾਰਨ ਗਈ ਸੀ, ਉਸ ਨੂੰ ਮੁਅੱਤਲ ਕਰ ਦਿੱਤਾ ਗਿਆ ਤੇ ਐੱਸ ਐੱਸ ਪੀ ਨੂੰ ਬਦਲ ਦਿੱਤਾ ਗਿਆ। ਇਸ ਕਰਕੇ ਉਹ ਚਾਹੁੰਦੇ ਹਨ ਕਿ ਸਰਕਾਰ ਵਿਧਾਇਕ ਦੇ ਦੋਸ਼ਾਂ, ਗੈਰਕਾਨੂੰਨੀ ਮਾਈਨਿੰਗ ਸਰਗਰਮੀ ਤੇ ਪੁਲਸ ਅਧਿਕਾਰੀਆਂ ਖਿਲਾਫ ਕਾਰਵਾਈ ਬਾਰੇ ਵਿਸਤ੍ਰਿਤ ਰਿਪੋਰਟ ਉਨ੍ਹਾ ਨੂੰ ਦੇਵੇ।

ਐੱਸ ਵਾਈ ਐੱਲ ਦਾ ਤਾਂ ਸਵਾਲ ਹੀ ਪੈਦਾ ਨਹੀਂ ਹੁੰਦਾ

ਨਵੇਂ ਐਡਵੋਕੇਟ ਜਨਰਲ ਵਜੋਂ ਗੁਰਮਿੰਦਰ ਸਿੰਘ ਦੇ ਨਾਂਅ 'ਤੇ ਮੋਹਰ ਲਾਈ

ਚੰਡੀਗੜ੍ਹ (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮੰਤਰੀ ਮੰਡਲ ਨੇ ਵੀਰਵਾਰ ਗੁਰਮਿੰਦਰ ਸਿੰਘ ਨੂੰ ਪੰਜਾਬ ਦਾ ਨਵਾਂ ਐਡਵੋਕੇਟ ਜਨਰਲ ਨਿਯੁਕਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ।

ਮੰਤਰੀ ਮੰਡਲ ਨੇ ਅਹੁਦਾ ਛੱਡ ਰਹੇ ਐਡਵੋਕੇਟ ਜਨਰਲ ਵਿਨੋਦ ਘਈ ਦਾ ਅਸਤੀਫਾ ਵੀ ਮਨਜ਼ੂਰ ਕਰ ਲਿਆ ਹੈ,ਜਿਨ੍ਹਾ ਨਿੱਜੀ ਕਾਰਨਾਂ ਕਰਕੇ ਅਸਤੀਫਾ ਦਿੱਤਾ ਹੈ। ਇਸ ਦੌਰਾਨ ਉੱਘੇ ਵਕੀਲ ਗੁਰਮਿੰਦਰ ਸਿੰਘ ਦੇ ਨਾਂਅ ਨੂੰ ਸੂਬੇ ਦੇ ਸਭ ਤੋਂ ਵੱਡੇ ਕਾਨੂੰਨੀ ਅਹੁਦੇ ਲਈ ਮਨਜ਼ੂਰੀ ਦਿੱਤੀ ਗਈ ਹੈ।

ਮੰਤਰੀ ਮੰਡਲ ਨੇ ਕਿਹਾ ਕਿ ਪੰਜਾਬ ਕੋਲ ਕਿਸੇ ਸੂਬੇ ਨੂੰ ਦੇਣ ਲਈ ਵਾਧੂ ਪਾਣੀ ਨਹੀਂ, ਜਿਸ ਕਰਕੇ ਸਤਲੁਜ-ਯਮੁਨਾ ਲਿੰਕ (ਐੱਸ ਵਾਈ ਐੱਲ) ਨਹਿਰ ਦੀ ਉਸਾਰੀ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਮੰਤਰੀ ਮੰਡਲ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਤਲੁਜ ਦਰਿਆ ਪਹਿਲਾਂ ਹੀ ਸੁੱਕ ਚੁੱਕ ਹੈ ਅਤੇ ਪੰਜਾਬ ਕੋਲ ਕਿਸੇ ਹੋਰ ਸੂਬੇ ਨਾਲ ਇਕ ਬੂੰਦ ਵੀ ਸਾਂਝੀ ਕਰਨ ਦਾ ਸਵਾਲ ਹੀ ਪੈਦਾ ਨਹੀਂ ਉਠਦਾ। ਪੰਜਾਬ ਕੋਲ ਹਰਿਆਣਾ ਨਾਲ ਸਾਂਝਾ ਕਰਨ ਲਈ ਵਾਧੂ ਪਾਣੀ ਨਹੀਂ ਅਤੇ ਕੌਮਾਂਤਰੀ ਨੇਮਾਂ ਮੁਤਾਬਕ ਪਾਣੀ ਦੀ ਮੌਜੂਦਗੀ ਬਾਰੇ ਮੁੜ ਮੁਲਾਂਕਣ ਕਰਨ ਦੀ ਲੋੜ ਹੈ। ਮੰਤਰੀ ਮੰਡਲ ਨੇ ਇਹ ਨੁਕਤਾ ਵੀ ਵਿਚਾਰਿਆ ਕਿ ਪੰਜਾਬ ਦੇ 76.5 ਫੀਸਦੀ ਬਲਾਕ (153 ਵਿੱਚੋਂ 117) ਖਤਰੇ ਦੀ ਕਗਾਰ ਉਤੇ ਹਨ, ਜਦਕਿ ਧਰਤੀ ਹੇਠੋਂ 100 ਫੀਸਦੀ ਤੋਂ ਵੱਧ ਪਾਣੀ ਕੱਢਿਆ ਜਾ ਰਿਹਾ ਹੈ। ਦੂਜੇ ਪਾਸੇ ਹਰਿਆਣਾ ਵਿੱਚ ਸਿਰਫ 61.5 ਫੀਸਦੀ (143 ਵਿੱਚੋਂ 88 ਬਲਾਕ) ਖਤਰੇ ਦੀ ਸਥਿਤੀ ਵਿੱਚ ਹਨ।

ਮੰਤਰੀ ਮੰਡਲ ਨੇ ਸੂਬੇ ਦੀਆਂ ਜੇਲ੍ਹਾਂ ਵਿੱਚ ਉਮਰ ਕੈਦ ਦੀ ਸਜ਼ਾ ਭੁਗਤ ਰਹੇ ਦੋ ਕੈਦੀਆਂ ਦੀ ਅਗਾਊਂ ਰਿਹਾਈ ਦੇ ਕੇਸ ਭੇਜਣ ਲਈ ਵੀ ਸਹਿਮਤੀ ਦੇ ਦਿੱਤੀ। ਮੰਤਰੀ ਮੰਡਲ ਦੀ ਮਨਜ਼ੂਰੀ ਤੋਂ ਬਾਅਦ ਅਗਾਊਂ ਰਿਹਾਈ ਦੇ ਕੇਸ ਭਾਰਤੀ ਸੰਵਿਧਾਨ ਦੀ ਧਾਰਾ 161 ਅਧੀਨ ਵਿਚਾਰਨ ਲਈ ਪੰਜਾਬ ਦੇ ਰਾਜਪਾਲ ਨੂੰ ਭੇਜੇ ਜਾਣਗੇ।

ਮੰਤਰੀ ਮੰਡਲ ਨੇ ਪੰਜਾਬ ਗੁੱਡਜ਼ ਐਂਡ ਸਰਵਿਸਿਜ਼ ਟੈਕਸ (ਸੋਧ) ਬਿੱਲ-2023 ਨੂੰ ਪੇਸ਼ ਕਰਨ ਦੇ ਪ੍ਰਸਤਾਵ ਨੂੰ ਹਰੀ ਝੰਡੀ ਦੇ ਦਿੱਤੀ ਹੈ, ਜਿਸ ਨਾਲ ਜੀ ਐੱਸ ਟੀ ਕੌਂਸਲ ਦੇ ਆਦੇਸ਼ਾਂ ਮੁਤਾਬਕ ਪੰਜਾਬ ਗੁੱਡਜ਼ ਐਂਡ ਸਰਵਿਸਿਜ਼ ਵਿੱਚ ਲੋੜੀਂਦੀਆਂ ਸੋਧਾਂ ਕੀਤੀਆਂ ਜਾਣਗੀਆਂ। ਟੈਕਸਦਾਤਾਵਾਂ ਦੀ ਸਹੂਲਤ ਅਤੇ ਕਾਰੋਬਾਰ ਨੂੰ ਸੁਖਾਲਾ ਬਣਾਉਣ ਨੂੰ ਉਤਸ਼ਾਹਤ ਕਰਨ ਲਈ ਪੰਜਾਬ ਜੀ ਐੱਸ ਟੀ ਐਕਟ-2017 ਵਿੱਚ ਕੁਝ ਸੋਧਾਂ ਕਰਨ ਦਾ ਪ੍ਰਸਤਾਵ ਹੈ, ਜਿਨ੍ਹਾਂ ਵਿੱਚ ਜੀ ਐੱਸ ਟੀ ਅਪੀਲ ਟ੍ਰਿਬਿਊਨਲ ਅਤੇ ਇਸ ਦੇ ਰਾਜ ਬੈਂਚਾਂ ਦਾ ਗਠਨ, ਕੁਝ ਅਪਰਾਧਾਂ ਨੂੰ ਗੈਰ-ਅਪਰਾਧਿਕ ਬਣਾਉਣਾ, ਛੋਟੇ ਵਪਾਰੀਆਂ ਨੂੰ ਈ-ਕਾਮਰਸ ਅਪ੍ਰੇਟਰਾਂ ਵੱਲੋਂ ਮਾਲ ਦੀ ਸਪਲਾਈ ਕਰਨ ਦੀ ਸਹੂਲਤ, ਜਾਣਕਾਰੀ ਦੀ ਸਹਿਮਤੀ ਅਧਾਰਿਤ ਸ਼ੇਅਰਿੰਗ ਅਤੇ ਆਨਲਾਈਨ ਗੇਮਿੰਗ ਅਤੇ ਟੈਕਸ ਲਈ ਕਾਨੂੰਨੀ ਵਿਵਸਥਾਵਾਂ ਆਦਿ ਸ਼ਾਮਲ ਹਨ।

ਹਾਲ ਹੀ ਵਿੱਚ ਹੋਈਆਂ 'ਸਰਕਾਰ-ਸਨਅਤਕਾਰ ਮਿਲਣੀਆਂ' ਦੌਰਾਨ ਉਦਯੋਗਪਤੀਆਂ ਨਾਲ ਕੀਤੇ ਵਾਅਦੇ ਮੁਤਾਬਕ ਮੰਤਰੀ ਮੰਡਲ ਨੇ ਮੌਜੂਦਾ ਇਕਹਿਰੀਆਂ ਇਮਾਰਤਾਂ ਨੂੰ ਰੈਗੂਲਰ ਕਰਨ ਦੀ ਨੀਤੀ ਨੂੰ ਹਰੀ ਝੰਡੀ ਦੇ ਦਿੱਤੀ ਹੈ। ਇਹ ਫੈਸਲਾ ਮਿਊਂਸਪਲ ਹੱਦ, ਅਰਬਨ ਅਸਟੇਟ ਅਤੇ ਉਦਯੋਗਿਕ ਫੋਕਲ ਪੁਆਇੰਟ ਤੋਂ ਬਾਹਰ ਬਿਨਾਂ ਪ੍ਰਵਾਨਗੀ ਤੋਂ ਬਣਾਈਆਂ ਇਕਹਿਰੀਆਂ ਇਮਾਰਤਾਂ ਉਤੇ ਲਾਗੂ ਹੋਵੇਗਾ, ਜਿਨ੍ਹਾਂ ਵਿੱਚ ਹੋਟਲ, ਮਲਟੀਪਲੈਕਸ, ਫਾਰਮ ਹਾਊਸ, ਸਿੱਖਿਆ, ਮੈਡੀਕਲ ਤੇ ਸਨਅਤੀ ਸੰਸਥਾਵਾਂ

● ਬਾਕੀ ਸਫ਼ਾ 2 'ਤੇ

31 ਦਸੰਬਰ ਤੱਕ 3 ਫੀਸਦੀ ਵਾਧੂ ਸਟੈਂਪ ਡਿਊਟੀ ਤੋਂ ਛੋਟ

ਪੰਜਾਬ ਵਾਸੀਆਂ ਨੂੰ ਵੱਡੀ ਰਾਹਤ ਦਿੰਦਿਆਂ ਮੰਤਰੀ ਮੰਡਲ ਨੇ ਸ਼ਹਿਰੀ ਇਲਾਕਿਆਂ (ਮਿਊਂਸਪਲ ਕਾਰਪੋਰੇਸ਼ਨ ਅਤੇ ਕਲਾਸ-1 ਨਗਰ ਕੌਂਸਲਾਂ) ਵਿੱਚ 31 ਦਸੰਬਰ ਤੱਕ ਜਾਇਦਾਦ ਦੀ ਰਜਿਸਟ੍ਰੇਸ਼ਨ ਉਤੇ 3 ਫੀਸਦੀ ਵਾਧੂ ਸਟੈਂਪ ਡਿਊਟੀ (ਸਮਾਜਕ ਸੁਰੱਖਿਆ ਫੰਡ) ਤੋਂ ਛੋਟ ਦੇਣ ਦੀ ਪ੍ਰਵਾਨਗੀ ਦੇ ਦਿੱਤੀ ਹੈ। ਲੋਕਾਂ ਦੇ ਵਡੇਰੇ ਹਿੱਤਾਂ ਦੇ ਮੱਦੇਨਜ਼ਰ ਮੰਤਰੀ ਮੰਡਲ ਨੇ ਭਾਰਤੀ ਸਟੈਂਪ ਐਕਟ-1899 ਦੀ ਧਾਰਾ 3-ਸੀ ਅਤੇ ਸ਼ਡਿਊਲ 1-ਬੀ, ਜੋ ਕਿ ਭਾਰਤੀ ਸਟੈਂਪ ਐਕਟ, 1899 ਦੇ ਅਧੀਨ ਵਸੂਲਣਯੋਗ ਹੈ, ਨੂੰ ਖਤਮ ਕਰਨ ਲਈ ਮਨਜ਼ੂਰੀ ਦੇ ਦਿੱਤੀ ਹੈ। ਇਸ ਕਦਮ ਨਾਲ ਸ਼ਹਿਰੀ ਇਲਾਕਿਆਂ (ਨਗਰ ਨਿਗਮ ਅਤੇ ਕਲਾਸ-1 ਨਗਰ ਕੌਂਸਲਾਂ) ਅੰਦਰ ਜ਼ਮੀਨ ਖਰੀਦਣ ਵਾਲਿਆਂ ਨੂੰ ਛੋਟ ਮਿਲੇਗੀ।

ਮੋਦੀ ਦੇ ਦੇਸ਼ 'ਚ...

ਨਵੀਂ ਦਿੱਲੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਜੱਦੀ ਰਾਜ ਗੁਜਰਾਤ ਦੀ ਇਕ-ਤਿਹਾਈ ਆਬਾਦੀ (31 ਲੱਖ ਤੋਂ ਵੱਧ ਪਰਵਾਰ) ਗਰੀਬੀ ਰੇਖਾ ਤੋਂ ਹੇਠਾਂ (ਬੀ ਪੀ ਐੱਲ) ਜ਼ਿੰਦਗੀ ਗੁਜ਼ਾਰ ਰਹੇ ਹਨ। ਸਰਕਾਰ ਪਿੰਡਾਂ 'ਚ ਬੀ ਪੀ ਐੱਲ ਵਿਅਕਤੀ ਨੂੰ 816 ਰੁਪਏ ਤੇ ਸ਼ਹਿਰਾਂ ਵਿਚ ਇਕ ਹਜ਼ਾਰ ਰੁਪਏ ਦਿੰਦੀ ਹੈ। ਇਹ ਪੇਂਡੂ ਲਈ ਰੋਜ਼ਾਨਾ 26 ਰੁਪਏ ਤੇ ਸ਼ਹਿਰੀ ਲਈ 32 ਰੁਪਏ ਬਣਦੇ ਹਨ। ਪਿਛਲੇ ਦਿਨੀਂ ਵਿਕਾਸ ਰਾਜ ਮੰਤਰੀ ਬੱਚੂਭਾਈ ਮਗਨਭਾਈ ਖਾਬੜ ਨੇ ਕਾਂਗਰਸ ਵਿਧਾਇਕ ਤੁਸ਼ਾਰ ਚੌਧਰੀ ਦੇ ਸਵਾਲ ਦੇ ਜਵਾਬ ਵਿਚ ਅਸੰਬਲੀ 'ਚ ਦੱਸਿਆ ਕਿ ਗੁਜਰਾਤ ਵਿਚ 31 ਲੱਖ 61 ਹਜ਼ਾਰ 310 ਬੀ ਪੀ ਐੱਲ ਪਰਵਾਰਾਂ ਦੀ ਪਛਾਣ ਕੀਤੀ ਗਈ ਹੈ। ਇਨ੍ਹਾਂ ਵਿਚ 16 ਲੱਖ 28 ਹਜ਼ਾਰ 744 ਪਰਵਾਰ ਬੇਹੱਦ ਗਰੀਬ ਤੇ 15 ਲੱਖ 32 ਹਜ਼ਾਰ 566 ਗਰੀਬਾਂ ਦੀ ਸ਼੍ਰੇਣੀ ਵਿਚ ਆਉਂਦੇ ਹਨ।

ਇਸ ਤੋਂ ਇਲਾਵਾ ਪਤਾ ਲੱਗਦਾ ਹੈ ਕਿ ਪਿੱਛੇ ਜਿਹੇ ਤੋਂ ਬੀ ਪੀ ਐੱਲ ਪਰਵਾਰ ਵੱਧ ਰਹੇ ਹਨ। 2020-21 ਵਿਚ 1047 ਪਰਵਾਰ ਇਸ ਸ਼੍ਰੇਣੀ ਵਿਚ ਆ ਗਏ ਸਨ, ਜਦਕਿ ਨਿਕਲੇ 14 ਪਰਵਾਰ ਸਨ। 2021-22 ਵਿਚ 1751 ਨਵੇਂ ਪਰਵਾਰ ਸ਼ਾਮਲ ਹੋਏ, ਜਦਕਿ ਨਿਕਲੇ ਦੋ ਪਰਿਵਾਰ। ਇਸੇ ਤਰ੍ਹਾਂ 2022-23 ਵਿਚ 303 ਪਰਵਾਰ ਗਰੀਬੀ ਹੇਠਾ ਤੋਂ ਥੱਲੇ ਆ ਗਏ ਤੇ ਨਿਕਲਿਆ ਇਕ ਪਰਵਾਰ। ਅਰਥ ਸ਼ਾਸਤਰੀ ਹੇਮੰਤ ਕੁਮਾਰ ਸ਼ਾਹ ਮੁਤਾਬਕ ਜੇ ਪ੍ਰਤੀ ਗਰੀਬ ਪਰਵਾਰ ਦੇ ਔਸਤ ਛੇ ਜੀਅ ਮੰਨੇ ਜਾਣ ਤਾਂ ਗੁਜਰਾਤ ਵਿਚ ਬੀ ਪੀ ਐੱਲ ਆਬਾਦੀ ਇਕ ਕਰੋੜ 89 ਲੱਖ ਹੈ। ਇਹ ਦਰਸਾਉਂਦਾ ਹੈ ਕਿ ਰਾਜ ਦੀ ਇਕ-ਤਿਹਾਈ ਆਬਾਦੀ ਗਰੀਬੀ ਰੇਖਾ ਤੋਂ ਥੱਲੇ ਹੈ।

'ਆਪ' ਵੱਲੋਂ ਚੰਡੀਗੜ੍ਹ 'ਚ ਪ੍ਰਦਰਸ਼ਨ

ਚੰਡੀਗੜ੍ਹ (ਗੁਰਜੀਤ ਬਿੱਲਾ)

ਆਮ ਆਦਮੀ ਪਾਰਟੀ ਪੰਜਾਬ ਨੇ ਆਪਣੇ ਸੀਨੀਅਰ ਆਗੂ ਅਤੇ ਰਾਜ ਸਭਾ ਮੈਂਬਰ ਸੰਜੇ ਸਿੰਘ ਦੀ ਈ ਡੀ (ਡਾਇਰੈਕਟੋਰੇਟ ਆਫ ਇਨਫੋਰਸਮੈਂਟ) ਵੱਲੋਂ ਕੀਤੀ ਗ੍ਰਿਫਤਾਰੀ ਦਾ ਸਖਤ ਵਿਰੋਧ ਅਤੇ ਨਿੰਦਾ ਕੀਤੀ ਹੈ। 'ਆਪ' ਪੰਜਾਬ ਇਕਾਈ ਨੇ ਚੰਡੀਗੜ੍ਹ 'ਚ ਭਾਜਪਾ ਦੇ ਦਫਤਰ ਅੱਗੇ ਕੇਂਦਰ ਸਰਕਾਰ ਖਿਲਾਫ ਧਰਨਾ ਵੀ ਦਿੱਤਾ, ਜਿੱਥੇ ਪੁਲਸ ਨੇ ਉਨ੍ਹਾਂ ਖਿਲਾਫ ਜਲ ਤੋਪਾਂ ਦੀ ਵਰਤੋਂ ਕੀਤੀ।

ਧਰਨੇ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਪ੍ਰੈੱਸ ਕਾਨਫਰੰਸ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਦੇ ਸੀਨੀਅਰ ਆਗੂ ਤੇ ਵਿੱਤ ਮੰਤਰੀ ਹਰਪਾਲ

● ਬਾਕੀ ਸਫ਼ਾ 2 'ਤੇ

ਸ਼ਿਖਰ ਧਵਨ ਦਾ ਤਲਾਕ

ਨਵੀਂ ਦਿੱਲੀ : ਸਥਾਨਕ ਅਦਾਲਤ ਨੇ ਕ੍ਰਿਕਟਰ ਸ਼ਿਖਰ ਧਵਨ ਤੇ ਆਇਸ਼ਾ ਮੁਖਰਜੀ ਦੇ ਤਲਾਕ 'ਤੇ ਮੋਹਰ ਲਗਾ ਦਿੱਤੀ ਹੈ। ਧਵਨ ਨੇ ਦੋਸ਼ ਲਗਾਇਆ ਸੀ ਕਿ ਉਸ ਦੀ ਪਤਨੀ ਉਸ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਦੀ ਹੈ। ਪਟਿਆਲਾ ਹਾਊਸ ਕੋਰਟ ਦੇ ਜੱਜ ਹਰੀਸ਼ ਕੁਮਾਰ ਨੇ ਧਵਨ ਵੱਲੋਂ ਤਲਾਕ ਦੀ ਪਟੀਸ਼ਨ 'ਚ ਕੀਤੇ ਸਾਰੇ ਦਾਅਵਿਆਂ ਨੂੰ ਸਵੀਕਾਰ ਕਰ ਲਿਆ, ਕਿਉਂਕਿ ਉਸ ਦੀ ਪਤਨੀ ਨੇ ਦੋਸ਼ਾਂ ਦਾ ਵਿਰੋਧ ਨਹੀਂ ਕੀਤਾ ਅਤੇ ਨਾ ਹੀ ਆਪਣਾ ਬਚਾਅ ਕੀਤਾ। ਇਸ ਜੋੜੇ ਦਾ ਇਕ ਪੁੱਤ ਵੀ ਹੈ। ਬੱਚੇ ਦੀ ਸਥਾਈ ਸਪੁਰਦਗੀ ਬਾਰੇ ਕੋਈ ਹੁਕਮ ਜਾਰੀ ਨਾ ਕਰਦ

6-OCT-PAGE-1.qxd 10/5/2023 10:30 PM Page 2

ਸਿਵਲ ਹਸਪਤਾਲ 'ਚ ਸਫ਼ਾਈ ਅਭਿਆਨ ਚਲਾਇਆ

ਮੁਕਤਸਰ (ਸ਼ਮਿੰਦਰਪਾਲ/ਪੂਜਾ)-ਭਾਰਤ ਸਰਕਾਰ ਵੱਲੋਂ ਮਹਾਤਮਾ ਗਾਂਧੀ ਜਯੰਤੀ ਦੇ ਸਬੰਧ ਵਿੱਚ ਪੂਰੇ ਭਾਰਤ 'ਚ ਮਨਾਏ ਜਾ ਰਹੇ ਸਵੱਛ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ, ਸਿਵਲ ਸਰਜਨ, ਡਾਰੀਟਾ ਬਾਲਾ ਤੇ ਸੀਨੀਅਰ ਮੈਡੀਕਲ ਅਫ਼ਸਰ ਡਾਰਾਹੁਲ ਜਿੰਦਲ ਦੇ ਦਿਸ਼ਾ-ਨਿਰਦੇਸ਼ 'ਤੇ ਸਿਵਲ ਹਸਪਤਾਲ ਵਿਖੇ ਮੁਕਤਸਰ ਵੈਲਫੇਅਰ ਕਲੱਬ ਦੇ ਸਹਿਯੋਗ ਨਾਲ ਸਫ਼ਾਈ ਮੁਹਿਮ ਚਲਾਈ ਗਈ। ਇਸ ਮੌਕੇ ਡਾ ਗੁਰਮੀਤ ਭੰਡਾਰੀ ਮੈਡੀਕਲ ਅਫ਼ਸਰ, ਸ੍ਰੀਮਤੀ ਸੁਨੀਤਾ ਰਾਣੀ ਨਰਸਿੰਗ ਸਿਸਟਰ, ਸ੍ਰੀਮਤੀ ਮਨਜੀਤ ਕੌਰ ਨਰਸਿੰਗ ਸਿਸਟਰ, ਸ੍ਰੀ ਜੋਗਿੰਦਰ ਸਿੰਘ ਜਸ, ਸ੍ਰੀ ਜਸਪ੍ਰੀਤ ਸਿੰਘ ਛਾਬੜਾ, ਐਡਵੋਕੇਟ ਸ੍ਰੀ ਅਸ਼ੀਸ਼ ਕੁਮਾਰ, ਬਾਂਸਲ ਤੇ ਨਵਜੋਤ ਸਿੰਘ ਮਾਨ ਹਜ਼ਜਰ ਸਨ। ਇਸ ਅਭਿਆਨ ਦੀ ਸ਼ੁਰੂਆਤ ਕਰਦਿਆਂ ਡਾ. ਗੁਰਮੀਤ ਭੰਡਾਰੀ ਨੇ ਕਿਹਾ ਕਿ ਹਰੇਕ ਵਿਆਕਤੀ ਨੂੰ ਸਿਹਤਮੰਦ ਰਹਿਣ ਲਈ ਆਪਣੇ ਆਲੇ-ਦੁਆਲੇ ਨੂੰ ਸਾਫ਼ ਸੁਥਰਾ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਹਸਪਤਾਲ ਦੀ ਟੀਮ ਸਮੇਂ-ਸਮੇਂ ਸਫ਼ਾਈ ਵੱਲ ਵਿਸ਼ੇਸ਼ ਧਿਆਨ ਦਿੰਦੀ ਹੈ ਤਾਂ ਜੁ ਇੱਥੇ ਆਉਣ ਵਾਲੇ ਸਟਾਫ਼ ਤੇ ਮਰੀਜ਼ਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਨਾ ਪਵੇ। ਇਸ ਦੌਰਾਨ ਸ੍ਰੀ ਜੋਗਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਘਰੇਲੂ ਕੂੜਾ ਸੜਕਾਂ 'ਤੇ ਨਹੀ ਸੁੱਟਣਾ ਚਾਹੀਦਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਕਰਨ ਨਾਲ ਜਿਥੇ ਸ਼ਹਿਰ ਦੀ ਸੁੰਦਰਤਾ ਘਟਦੀ ਹੈ, ਉਥੇ ਹੀ ਬੇਸਹਾਰਾ ਪਸ਼ੂਆਂ ਲਈ ਪਲਾਸਟਿਕ ਦੇ ਲਿਫ਼ਾਫੇ ਮੌਤ ਦਾ ਕਾਰਨ ਬਣਦੇ ਹਨ। ਸ੍ਰੀ ਜ਼ਸਪੀਤ ਛਾਬੜਾ ਨੇ ਕਿਹਾ ਕਿ ਸੰਸਥਾ ਵੱਲੋਂ ਸਮੇਂ-ਸਮੇਂ ਲੋਕਾਂ ਨੂੰ ਸਾਫ਼ ਦਾ ਧਿਆਨ ਰੱਖਣ ਲਈ ਲੋਕਾਂ ਨੂੰ ਪ੍ਰੇਰਤ ਕੀਤਾ ਜਾਂਦਾ ਹੈ ਅਤੇ ਇਹ ਮੁਹਿਮ ਅੱਗੇ ਤੋਂ ਵੀ ਲਗਾਤਾਰ ਜਾਰੀ ਰਹੇਗੀ।

ਸੁਮਨਪ੍ਰੀਤ ਕੌਰ ਤੇ ਹਰਸ਼ਪ੍ਰੀਤ ਸਿੰਘ ਸਟੇਟ ਪੱਧਰੀ ਮੁਕਾਬਲੇ ਲਈ ਚੁਣੇ

ਜਗਰਾਓਂ (ਅਮਿਤ ਖੰਨਾ)-ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਓਂ ਦੀਆਂ ਅੰਡਰ-17 ਤੇ ਅੰਡਰ-19 ਲੜਕੇ-ਲੜਕੀਆਂ ਨੇ 2 ਗੋਲਡ, 1 ਚਾਂਦੀ ਤੇ ਇੱਕ ਕਾਂਸੀ ਦਾ ਤਮਗਾ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਮੈਡਮ ਸ਼ਸ਼ੀ ਜੈਨ, ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਣਾ ਨੇ ਦੱਸਿਆ ਕਿ ਮੁੱਕੇਬਾਜ਼ੀ ਵਿੱਚ ਅੰਡਰ-19 ਲੜਕੀ ਸੁਮਨਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਪ੍ਰਾਪਤ ਕੀਤਾ, ਅੰਡਰ-17 ਵਿੱਚ ਹਰਸ਼ਪ੍ਰੀਤ ਸਿੰਘ ਨੇ ਕੁਸ਼ਤੀ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਚਾਂਦੀ ਦਾ ਮੈਡਲ ਪ੍ਰਾਪਤ ਕੀਤਾ। ਹਰਜੀਤ ਸਿੰਘ ਨੇ ਅੰਡਰ-14 ਕੁਸ਼ਤੀ ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਕਾਂਸੀ ਦਾ ਮੈਡਲ ਲਿਆ। ਇਸੇ ਤਰ੍ਹਾਂ ਦੂਜੇ ਪਾਸੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹਰਸ਼ਪ੍ਰੀਤ ਸਿੰਘ ਨੇ ਕੁਸ਼ਤੀ ਵਿੱਚ ਅੰਡਰ-17 ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਹਾਸਲ ਕਰਕੇ ਸਟੇਟ ਪੱਧਰ ਦੇ ਮੁਕਾਬਲੇ ਵਿੱਚ ਆਪਣੀ ਥਾਂ ਬਣਾਈ। ਹਰਜੀਤ ਸਿੰਘ ਨੇ ਅੰਡਰ-14 ਕੁਸ਼ਤੀ ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਕਾਂਸੀ ਦਾ ਮੈਡਲ ਪ੍ਰਾਪਤ ਕੀਤਾ। ਸਕੂਲ ਦੇ ਖਿਡਾਰੀ ਸੁਮਨਪ੍ਰੀਤ ਕੌਰ ਤੇ ਹਰਸ਼ਪ੍ਰੀਤ ਸਿੰਘ ਸਟੇਟ ਪੱਧਰੀ ਮੁਕਾਬਲੇ ਲਈ ਚੁਣੇ ਗਏ। ਜੇਤੂ ਖਿਡਾਰੀਆਂ ਦਾ ਸਕੂਲ ਪਹੁੰਚਣ 'ਤੇ ਸਵਾਗਤ ਕੀਤਾ ਡਾਇਰੈਕਟਰ ਮੈਡਮ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਵਿੱਚ ਉਤਸ਼ਾਹ ਤੇ ਅੱਗੇ ਵਧਣ ਦੀ ਭਾਵਨਾ ਨੂੰ ਪ੍ਰੇਰਿਤ ਕਰਦੇ ਹੋਏ ਖੇਡਾਂ ਵਿੱਚ ਹਿੱਸਾ ਲੈਣ ਲਈ ਕਿਹਾ।

ਮੂਨ ਲਾਈਟ ਸਕੂਲ ਦੇ ਵਿਦਿਆਰਥੀਆਂ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚੋਂ ਤਿੰਨ ਤਮਗੇ ਜਿੱਤੇ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਨੇੜਲੇ ਪਿੰਡ ਹੇਡੋਂ ਬੇਟ ਵਿਖੇ ਸਥਿਤ ਮੂਨ ਲਾਈਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਖਿਡਾਰੀਆਂ ਨੇ 'ਖੇਡਾਂ ਵਤਨ ਪੰਜਾਬ' ਦੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਦਿਆਂ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਪ੍ਰਿੰਸੀਪਲ ਸੁਰਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਇਨ੍ਹਾਂ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚੋਂ ਸਕੂਲ ਦੀ ਵਿਦਿਆਰਥਣ ਦੀਪਾਕਸ਼ੀ ਨੇ 3000 ਮੀਟਰ ਦੌੜ 'ਚੋਂ ਸੋਨ ਤਮਗਾ, ਜਸਪ੍ਰੀਤ ਕੌਰ ਨੇ ਚਾਂਦੀ ਦਾ ਤਮਗਾ ਤੇ ਦਿਲਪ੍ਰੀਤ ਕੌਰ ਨੇ ਗੋਲਾ ਸੁੱਟਣ 'ਚੋਂ ਕਾਂਸੇ ਦਾ ਤਮਗਾ ਜਿੱਤਿਆ। ਉਨ੍ਹਾਂ ਦੱਸਿਆ ਕਿ ਅਜਿਹੇ ਪਲ ਜਿੱਥੇ ਬੱਚਿਆਂ ਤੇ ਮਾਪਿਆਂ ਲਈ ਅਭੁੱਲ ਹੁੰਦੇ ਹਨ, ਇਸ ਦੇ ਨਾਲ-ਨਾਲ ਸੰਸਥਾ ਵੀ ਅਜਿਹੀਆਂ ਪ੍ਰਾਪਤੀਆਂ ਨਾਲ ਮਾਪਿਆਂ ਤੇ ਸਮਾਜ ਪ੍ਰਤੀ ਕੀਤੇ ਵਆਦਿਆਂ ਨੂੰ ਪੂਰਾ ਕਰਨ ਦਾ ਪ੍ਰਮਾਣ ਪੇਸ਼ ਕਰਦੀ ਹੈ। ਪ੍ਰਿੰਸੀਪਲ ਸੁਰਜੀਤ ਸਿੰਘ ਬਾਜਵਾ ਵੱਲੋਂ ਡੀ.ਪੀ.ਈ. ਕਿਰਨਜੀਤ ਸਿੰਘ ਅਤੇ ਖਿਡਾਰੀਆਂ ਤੇ ਮਾਪਿਆਂ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਵਧਾਈ ਦਿੱਤੀ।

ਸਿਲਵਰ ਓਕਸ ਸਕੂਲ ਵਿਖੇ ਵਿਦਿਆਰਥੀ ਸਨਮਾਨ ਸਮਾਰੋਹ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵਿਖੇ ਵਿਦਿਆਰਥੀ ਸਨਮਾਨ ਸਮਾਰੋਹ ਕੀਤਾ ਗਿਆ। ਸਿਲਵਰ ਓਕਸ ਸਕੂਲਾਂ ਦੇ ਨਿਰਦੇਸ਼ਕਾ ਬਰਨਿੰਦਰ ਪਾਲ ਸੇਖੋਂ ਦਾ ਇਸ ਮੌਕੇ ਪਹੁੰਚਣ 'ਤੇ ਸਕੂਲ ਦੇ ਮੁੱਖ ਅਧਿਆਪਕਾ ਛਾਇਆ ਵਿਨੋਚਾ ਤੇ ਸਮੂਹ ਸਟਾਫ ਵੱਲੋਂ ਤਹਿ ਦਿਲੋਂ ਸਵਾਗਤ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ (ਲੈਂਪ ਲਾਈਟਿੰਗ) ਕਰਕੇ ਪ੍ਰਮਾਤਮਾ ਦੇ ਨਾਮ ਨਾਲ ਕੀਤੀ ਗਈ। ਇਸ ਸਮਾਰੋਹ ਵਿੱਚ ਮਈ ਮਹੀਨੇ ਤੋਂ ਲੈ ਕੇ ਸਤੰਬਰ ਤੱਕ ਕਰਵਾਈਆਂ ਗਈਆਂ ਵੱਖ ਵੱਖ ਗਤੀਵਿਧੀਆਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਨਿਰਦੇਸ਼ਕਾ ਬਰਨਿੰਦਰ ਪਾਲ ਸੇਖੋਂ ਤੇ ਮੁੱਖ ਅਧਿਆਪਕਾ ਛਾਇਆ ਵਿਨੋਚਾ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਬਾਅਦ ਉਨ੍ਹਾਂ ਨੇ ਆਪਣੇ ਪ੍ਰੇਰਨਾਤਮਿਕ ਸ਼ਬਦਾਂ ਨਾਲ ਸਰਟੀਫਿਕੇਟ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਅੱਗੇ ਤੋਂ ਹੋਰ ਵਧੀਆ ਕਾਰਗੁਜ਼ਾਰੀ ਕਰਨ ਲਈ ਪ੍ਰੇਰਿਤ ਕੀਤਾ। ਬਾਅਦ ਵਿੱਚ ਛਾਇਆ ਵਿਨੋਚਾ ਵੱਲੋਂ ਨਿਰਦੇਸ਼ਕਾ ਮੈਡਮ ਦਾ ਧੰਨਵਾਦ ਕਰਦੇ ਹੋਏ ਬੱਚਿਆਂ ਦੀ ਹੌਂਸਲਾ ਅਫਜ਼ਾਈ ਕੀਤੀ ਤੇ ਕਿਹਾ ਕਿ ਮੁਕਾਬਲੇ ਵਿੱਚ ਭਾਗ ਲੈਣ ਵਾਲਾ ਹਰ ਬੱਚਾ ਮੇਰੇ ਲਈ ਜੇਤੂ ਹੈ। ਸਾਰਿਆਂ ਨੇ ਤਾੜੀਆਂ ਵਜਾ ਕੇ ਬੱਚਿਆਂ ਦੀ ਜਿੱਤ ਦੀ ਖੁਸ਼ੀ ਨੂੰ ਹੋਰ ਦੁੱਗਣਾ ਕਰ ਦਿੱਤਾ। ਅਖੀਰ 'ਚ ਰਾਸ਼ਟਰੀ ਗਾਣ ਨਾਲ ਇਸ ਸਨਮਾਨ ਸਮਾਰੋਹ ਦੀ ਸਮਾਪਤੀ ਕੀਤੀ ਗਈ।

ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮੌਕੇ ਸੁਪਰ ਸੀਨੀਅਰ ਮੈਂਬਰਾਂ ਦਾ ਸਨਮਾਨ

ਮੋਗਾ (ਅਮਰਜੀਤ ਬੱਬਰੀ)-'ਜ਼ਿੰਦਗੀ ਦੇ ਸਫਰ ਦਾ ਇਹ ਮੀਲ ਪੱਥਰ ਆਖਰੀ, ਬਜ਼ੁਰਗੀ ਜੀਵਨ ਦੀ 'ਆਤਮ' ਇਕ ਸੰਧੂਰੀ ਸ਼ਾਮ ਹੈ' ਤਹਿਤ ਪਾਰਕ ਮਿੱਤਰ ਸਭਾ ਮੋਗਾ ਵੱਲੋਂ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮਨਾਇਆ ਗਿਆ। ਇਸ ਮੌਕੇ ਆਤਮਾ ਸਿੰਘ ਨੇ ਕਵਿਤਾ ਰਾਹੀਂ ਮੈਂਬਰਾਨ ਦੇ ਗੁਣ ਬਿਆਨ ਕੀਤੇ ਤੇ ਸਭ ਦੀ ਸਲਾਮਤੀ ਲਈ ਅਰਦਾਸ ਕੀਤੀ। ਉਰਮਿਲ ਸ਼ਰਮਾ ਨੇ ਅਪਣੇ ਸੰਬੋਧਨ ਵਿੱਚ ਕਿਹਾ ਕਿ ਬਜ਼ੁਰਗਾਂ ਪ੍ਰਤੀ ਸੱਚੀ ਸ਼ਰਧਾ ਤੇ ਉਨ੍ਹਾਂ ਵੱਲੋਂ ਪਰਿਵਾਰ, ਸਮਾਜ ਤੇ ਦੇਸ਼ ਹਿੱਤ ਲਈ ਕੀਤੇ ਅਣਗਿਣਤ ਯੋਗਦਾਨਾਂ ਨੂੰ ਪ੍ਰਗਟ ਕਰਨ ਲਈ ਅੰਤਰਾਸ਼ਟਰੀ ਬਜ਼ੁਰਗ ਦਿਵਸ ਮਨਾਇਆ ਜਾਂਦਾ ਹੈ। ਉਕਤ ਸਭਾ ਵੱਲੋਂ ਸੁਪਰ ਸੀਨੀਅਰ ਮੈਂਬਰਾਨ ਨੂੰ ਸਨਮਾਨ ਚਿੰਨ੍ਹ ਤੇ ਫੁੱਲਾਂ ਦੇ ਹਾਰ ਭੇਟਾਂ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰੀਤਮ ਸਿੰਘ, ਆਰ. ਐੱਸ. ਰਜੋਰੀਆ, ਕੁਲਦੀਪ ਅਰੋੜਾ, ਮਨਜੀਤ ਸਿੰਘ ਧਾਲੀਵਾਲ, ਆਤਮਾ ਸਿੰਘ ਚੜਿੱਕ, ਸਤਿ ਨਾਰਾਇਣ ਸਿੰਘ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਬਲਵਿੰਦਰ ਸਿੰਘ ਪੁਰਬਾ ਕਾਨੂੰਗੋ, ਜੱਗਾ ਸਿੰਘ, ਗੁਰਚਰਨ ਸਿੰਘ, ਬਿੱਕਰ ਸਿੰਘ, ਜਨਕ ਰਾਜ ਛਾਬੜਾ, ਤਰਸੇਮ ਗਾਬਾ, ਦਰਸ਼ਨ ਜੱਸਲ, ਪ੍ਰੀਤਮ ਸਿੰਘ ਸੱਦੇਵਾਲੀਆ, ਬਲਦੇਵ ਸਿੰਘ, ਲਾਲੀ ਸ਼ਰਮਾ, ਆਤਮਾ ਸਿੰਘ, ਲੱਖਾ ਸਿੰਘ, ਨਿਰਮਲ ਸਿੰਘ ਦਵਿੰਦਰ ਸਿੰਘ, ਅਮਰਜੀਤ ਸਿੰਘ ਜੱਸਲ ਆਦਿ ਹਾਜ਼ਰ ਸਨ। ਅੰਤ ਵਿੱਚ ਮੈਂਬਰਾਨ ਨੇ ਲਾਈਟ ਰਿਫਰੈਸ਼ਮੈਂਟ ਦਾ ਅਨੰਦ ਮਾਣਿਆ। ਸਨਮਾਨਤ ਹੋਏ ਮੈਂਬਰਾਨ ਨੇ ਉਕਤ ਸਨਮਾਨ ਲਈ ਸਭਾ ਦਾ ਹਾਰਦਿਕ ਧੰਨਵਾਦ ਕੀਤਾ।

ਡੀ ਏ ਵੀ ਕਾਲਜ ਵਿਖੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ

ਮਲੋਟ (ਗੁਰਮੀਤ ਸਿੰਘ ਮੱਕੜ)-ਸਥਾਨਕ ਡੀ.ਏ.ਵੀ. ਕਾਲਜ ਵਿਖੇ ਪ੍ਰਿੰਸੀਪਲ ਸ਼੍ਰੀ ਸੁਭਾਸ਼ ਗੁਪਤਾ ਦੀ ਅਗਵਾਈ ਵਿੱਚ ਰੈੱਡ ਰਿਬਨ ਕਲੱਬ ਦੇ ਇੰਚਾਰਜ ਮੈਡਮ ਇਕਬਾਲ ਕੌਰ ਤੇ ਐਨ.ਐਸ.ਐਸ. ਯੂਨਿਟ ਦੇ ਅਫ਼ਸਰ ਡਾ. ਜਸਬੀਰ ਕੌਰ ਦੀ ਨਿਗਰਾਨੀ ਵਿੱਚ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ, ਸ਼੍ਰੀ ਮੁਕਤਸਰ ਸਾਹਿਬ ਦੇ ਨਿਰਦੇਸ਼ਾਂ ਅਧੀਨ ਪੋਸਟਰ ਮੇਕਿੰਗ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ, ਜਿਸ ਦੇ ਵਿਸ਼ੇ ਏਡਜ਼, ਬਲੱਡ ਡੋਨੇਸ਼ਨ, ਡਰੱਗ ਅਡੀਕਸ਼ਨ ਆਦਿ ਸਨ। ਇਸ ਪ੍ਰਤੀਯੋਗਤਾ ਵਿੱਚ ਕਾਲਜ ਦੇ 60 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਵੱਲੋਂ ਵੱਖ-ਵੱਖ ਵਿਸ਼ਿਆਂ 'ਤੇ ਪੋਸਟਰ ਬਣਾਏ ਗਏ। ਜੱਜ ਦੀ ਭੂਮਿਕਾ ਮੈਡਮ ਨੀਲਮ ਭਾਰਦਵਾਜ, ਡਾ. ਵਿਨੀਤ ਕੁਮਾਰ ਤੇ ਸ਼੍ਰੀ ਰਾਮ ਮਨੋਜ ਨੇ ਬਾਖੂਬੀ ਨਿਭਾਈ। ਇਸ ਪ੍ਰਤੀਯੋਗਤਾ ਵਿੱਚ ਸਿਮਰਪ੍ਰੀਤ ਕੌਰ ਨੇ ਪਹਿਲਾ ਸਥਾਨ, ਨੇਹਾ ਨੇ ਦੂਜਾ ਸਥਾਨ ਤੇ ਗੁਰਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।

ਇਸ ਤੋਂ ਇਲਾਵਾ ਅੰਜਲੀ, ਅਨਕਮਲ, ਹਿਮਾਨੀ, ਕਰਨਪ੍ਰੀਤ, ਪੰਕਜ, ਸੌਰਵ ਤੇ ਤਨੀਸ਼ਾ ਨੂੰ ਇਨਾਮ ਵੀ ਦਿੱਤੇ ਗਏ। ਇਸ ਮੌਕੇ ਸਾਰਿਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਪ੍ਰਿੰਸੀਪਲ ਸੁਭਾਸ਼ ਗੁਪਤਾ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਸੀ।

ਪੰਜਾਬ ਕੋਲ ਵਾਧੂ ਪਾਣੀ ਨਹੀਂ, ਲਿੰਕ ਨਹਿਰ ਦਾ ਮੁੱਦਾ ਅਗਲੀਆਂ ਪੀੜ੍ਹੀਆਂ ਦੇ ਜੀਵਨ ਨਾਲ ਜੁੜਿਆ ਹੋਇਐ : ਸੇਖੋਂ

ਮੁੱਖ ਮੰਤਰੀ ਸਰਬ ਪਾਰਟੀ ਮੀਟਿੰਗ ਬੁਲਾ ਕੇ ਪਾਣੀ ਦੀ ਰਾਖੀ ਲਈ ਪ੍ਰੋਗਰਾਮ ਉਲੀਕੇ

ਬਠਿੰਡਾ (ਬਖਤੌਰ ਢਿੱਲੋਂ)-ਸਰਵਉੱਚ ਅਦਾਲਤ ਵੱਲੋਂ ਸਤਿਲੁਜ-ਜਮਨਾ ਲਿੰਕ ਨਹਿਰ ਦੇ ਪੰਜਾਬ ਵਿਚਲੀ ਜ਼ਮੀਨ ਦਾ ਸਰਵੇਖਣ ਕਰਵਾਉਣ ਦੇ ਆਦੇਸ਼ ਦੇਣ ਨਾਲ ਇਹ ਮੁੱਦਾ ਮੁੜ ਪੂਰੀ ਤਰ੍ਹਾਂ ਗਰਮਾ ਗਿਆ ਹੈ। ਇਹ ਮਾਮਲਾ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਜੀਵਨ ਨਾਲ ਜੁੜਿਆ ਹੋਇਆ ਹੈ, ਇਸ ਲਈ ਸਮੁੱਚੀਆਂ ਸਿਆਸੀ ਪਾਰਟੀਆਂ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਪੰਜਾਬ ਦੇ ਪਾਣੀ ਦੀ ਰਾਖੀ ਲਈ ਯਤਨ ਕਰਨੇ ਚਾਹੀਦੇ ਹਨ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਰਾਜ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਸ ਮਾਮਲੇ 'ਤੇ ਤੁਰੰਤ ਸਰਬ ਪਾਰਟੀ ਮੀਟਿੰਗ ਬੁਲਾਉਣੀ ਚਾਹੀਦੀ ਹੈ। ਕਾ: ਸੇਖੋਂ ਨੇ ਕਿਹਾ ਕਿ ਇਹ ਮਸਲਾ ਕਰੀਬ 42 ਸਾਲ ਪਹਿਲਾਂ ਹੋਏ ਇੱਕ ਸਮਝੌਤੇ ਨਾਲ ਖੜਾ ਹੋ ਗਿਆ ਸੀ, ਪਰ ਪੰਜਾਬ ਦੇ ਲੋਕਾਂ ਨੇ ਉਸ ਸਮੇਂ ਹੀ ਇਸ ਦਾ ਵਿਰੋਧ ਸ਼ੁਰੂ ਕਰ ਦਿੱਤਾ ਸੀ। ਪੰਜਾਬ ਕੋਲ ਪਹਿਲਾਂ ਹੀ ਆਪਣੀ ਲੋੜ ਅਨੁਸਾਰ ਪਾਣੀ ਉਪਲੱਬਧ ਨਹੀਂ ਹੈ, ਨਹਿਰੀ ਪਾਣੀ ਦੀ ਘਾਟ ਕਾਰਨ ਕਿਸਾਨਾਂ ਨੂੰ ਟਿਊਬਵੈੱਲਾਂ ਦੇ ਸਹਾਰੇ ਆਪਣੀਆਂ ਫ਼ਸਲਾਂ ਪਾਲਣੀਆਂ ਪੈਂਦੀਆਂ ਹਨ। ਇਸ ਨਾਲ ਬਿਜਲੀ ਦੀ ਘਾਟ ਦਾ ਨਵਾਂ ਮਸਲਾ ਉੱਠ ਖੜਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਜਮਨਾ ਨਦੀ ਚੋਂ ਬਣਦਾ ਹੱਕ ਤਾਂ ਦਿੱਤਾ ਨਹੀਂ ਜਾ ਰਿਹਾ, ਸਗੋਂ ਹੁਣ ਸੂਬੇ ਦੇ ਪਾਣੀ ਨੂੰ ਹੋਰ ਰਾਜਾਂ ਵੱਲ ਭੇਜਣ ਲਈ ਦਬਾਅ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਦੀ ਸੋਚ ਹਮੇਸ਼ਾ ਪੰਜਾਬ ਵਿਰੋਧੀ ਰਹੀ ਹੈ ਤੇ ਇਸ ਮਾਮਲੇ 'ਤੇ ਵੀ ਉਸ ਦਾ ਝੁਕਾਅ ਹਰਿਆਣਾ ਵੱਲ ਹੈ। ਸੂਬਾ ਸਕੱਤਰ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਭਗਵੰਤ ਮਾਨ ਸਰਕਾਰ ਪਾਣੀਆਂ ਦੇ ਮੁੱਦੇ 'ਤੇ ਪੰਜਾਬ ਦਾ ਪੱਖ ਸਹੀ ਢੰਗ ਨਾਲ ਪੇਸ਼ ਕਰਨ ਤੋਂ ਅਸਮਰੱਥ ਰਹੀ ਹੈ, ਜਿਸ ਕਰਕੇ ਹੁਣ ਫੇਰ ਇਹ ਮੁੱਦਾ ਚਰਚਾ ਵਿੱਚ ਆ ਗਿਆ ਹੈ। ਸਰਕਾਰ ਵੱਲੋਂ ਪਾਣੀ ਵਾਧੂ ਨਾ ਹੋਣ ਦਾ ਕੇਵਲ ਬਿਆਨ ਦੇ ਕੇ ਸੱਚੇ ਸਾਬਿਤ ਹੋਣ ਦੀ ਬਜਾਏ ਮਾਹਰ ਕਾਨੂੰਨਦਾਨਾਂ ਨਾ

6-Oct-PAGE-3.qxd 10/5/2023 10:55 PM Page 1

ਭਾਕਿਯੂ ਅੰਬਾਵਤਾ ਤੇ ਏਕਤਾ ਉਗਰਾਹਾਂ ਵੱਲੋਂ ਲਖੀਮਪੁਰ ਖੀਰੀ ਘਟਨਾ ਵਿਰੁੱਧ ਰੋਸ ਪ੍ਰਦਰਸ਼ਨ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)

ਭਾਰਤੀ ਕਿਸਾਨ ਯੂਨੀਅਨ ਅੰਬਾਵਤਾ ਅਤੇ ਏਕਤਾ ਉਗਰਾਹਾਂ ਵੱਲੋਂ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਲਖੀਮਪੁਰ ਖੀਰੀ ਘਟਨਾ ਦੇ ਦੋਸ਼ੀਆਂ ਨੂੰ ਸਜ਼ਾਵਾਂ ਨਾ ਦੇਣ ਦੇ ਰੋਸ ਵਜੋਂ ਅੱਜ ਭਿੱਖੀਵਿੰਡ ਕਚਹਿਰੀ 'ਚ ਕੇਂਦਰ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕਰਦਿਆਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਅੰਬਾਵਤਾ ਦੇ ਜ਼ਿਲ੍ਹਾ ਤਰਨ ਤਾਰਨ ਤੋਂ ਪ੍ਰਧਾਨ ਪੰਜਾਬ ਸਿੰਘ ਕੰਬੋਕੇ, ਜ਼ਿਲ੍ਹਾ ਪ੍ਰਧਾਨ ਤਰਸੇਮ ਸਿੰਘ ਕਲਸੀਆਂ, ਜ਼ਿਲ੍ਹਾ ਪ੍ਰਧਾਨ ਦਲੇਰ ਸਿੰਘ ਰਾਜੋਕੇ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਤਿੰਨ ਸਾਲ ਬੀਤ ਜਾਣ ਦੇ ਲਖੀਮਪੁਰ ਖੀਰੀ ਘਟਨਾ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਨਾ ਦੇਣਾ ਲੋਕਤੰਤਰ ਦਾ ਘਾਣ ਹੈ। ਉਨ੍ਹਾਂ ਕਿਹਾ ਕਿ ਲਖੀਮਪੁਰ ਖੀਰੀ 'ਚ ਸ਼ਾਂਤਮਈ ਢੰਗ ਨਾਲ ਤਿੰਨ ਕਾਲੇ ਖੇਤੀ ਕਾਨੂੰਨਾਂ ਦਾ ਵਿਰੋਧ ਕਰ ਰਹੇ ਕਿਸਾਨਾਂ ਨੂੰ ਸਰੇਆਮ ਗੱਡੀ ਹੇਠਾਂ ਦਰੜਨ ਵਾਲੇ ਕੇਂਦਰੀ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਟੈਨੀ ਦੇ ਪੁੱਤਰ ਅਸ਼ੀਸ਼ ਮਿਸ਼ਰਾ ਨੂੰ ਭਾਜਪਾਈ ਬਚਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜੇ ਮਿਸ਼ਰਾ ਟੈਨੀ ਨੂੰ ਮੰਤਰੀ ਮੰਡਲ ਵਿੱਚੋਂ ਬਰਖਾਸਤ ਨਾ ਕਰਕੇ ਕੇਂਦਰ ਸਰਕਾਰ ਨੇ ਕਿਸਾਨ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ। ਇਸ ਮੌਕੇ ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਦਿੱਲੀ ਅੰਦੋਲਨ ਦੌਰਾਨ ਕਿਸਾਨਾਂ ਵਿਰੁੱਧ ਦਰਜ ਕੀਤੇ ਗਏ ਨਜਾਇਜ਼ ਪੁਲਸ ਮੁਕੱਦਮੇ ਰੱਦ ਕੀਤੇ ਜਾਣ ਅਤੇ ਅਜੇ ਮਿਸ਼ਰਾ ਟੈਨੀ ਨੂੰ ਮੰਤਰੀ ਮੰਡਲ ਵਿੱਚੋਂ ਤੁਰੰਤ ਬਰਖਾਸਤ ਕੀਤਾ ਜਾਵੇ। ਇਸ ਮੌਕੇ ਦਲੇਰ ਸਿੰਘ ਰਾਜੋਕੇ ਅਤੇ ਤਰਸੇਮ ਸਿੰਘ ਕਲਸੀਆਂ ਨੇ ਕਿਹਾ ਕਿ ਦਿੱਲੀ ਮੋਰਚੇ ਦੌਰਾਨ 750 ਕਿਸਾਨਾਂ ਦੀ ਕੁਰਬਾਨੀ ਵਿਅਰਥ ਨਹੀਂ ਜਾਣ ਦਿੱਤੀ ਜਾਵੇਗੀ ਅਤੇ ਕਿਸਾਨ-ਮਜ਼ਦੂਰਾਂ ਦੇ ਹੱਕ 'ਤੇ ਮੰਗਾਂ ਦੀ ਲੜਾਈ ਲਗਾਤਾਰ ਜਾਰੀ ਰੱਖੀ ਜਾਵੇਗੀ। ਇਸ ਮੌਕੇ ਵਿਕਰਮਜੀਤ ਸਿੰਘ ਚੇਲਾ ਮੋੜ, ਸਲਵਿੰਦਰ ਸਿੰਘ ਮਾੜੀ ਗੌੜਸਿੰਘ,ਹਰਜੀਤ ਮਾੜੀ ਗੌੜਸਿੰਘ, ਇੰਦਰਜੀਤ ਸਿੰਘ ਮਾੜੀਮੇਘਾ, ਗੁਰਮੇਜ ਸਿੰਘ ਅਲਗੋਂ ਖੁਰਦ, ਗੁਰਸਾਹਬ ਸਿੰਘ ਫੌਜੀ, ਗੁਰਦੇਵ ਸਿੰਘ ਫੌਜੀ ਕੰਬੋਕੇ,ਸਿਕੰਦਰ ਸਿੰਘ ਦਰਾਜਕੇ, ਰਾਣਾ ਪ੍ਰਤਾਪ ਸਿੰਘ ਦਰਾਜਕੇ, ਸਤਨਾਮ ਸਿੰਘ ਅਮਰਕੋਟ,ਹਰਜਿੰਦਰ ਸਿੰਘ ਪਹਿਲਵਾਨ,ਰਾਮ ਧਵਨ ਭਿੱਖੀਵਿੰਡ, ਹਰਚਰਨ ਸਿੰਘ ਖਾਲੜਾ,ਹਰਜੀਤ ਕੁਮਾਰ ਖਾਲੜਾ,ਸੁਖਦੇਵ ਸਿੰਘ ਕੰਬੋਕੇ,ਸਿਤਾਰਾ ਸਿੰਘ ਕੰਬੋਕੇ, ਗੁਰਜਿੰਦਰ ਸਿੰਘ ਨਾਰਲਾ,ਕਪਤਾਨ ਸਿੰਘ ਨਾਰਲਾ ਆਦਿ ਕਿਸਾਨ ਹਾਜ਼ਰ ਸਨ।

ਰਿਆਤ ਬਾਹਰਾ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਦੁਆਰਾ ਬਣਾਈ ਰੋਬੋਟ ਕਾਰ ਦਾ ਸਫਲ ਪ੍ਰਦਰਸ਼ਨ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਰਿਆਤ ਬਾਹਰਾ ਇੰਜੀਨੀਅਰਿੰਗ ਕਾਲਜ ਦੇ ਮੈਕੇਨਿਕਲ ਇੰਜੀਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਦੁਆਰਾ ਬਣਾਈ ਗਈ ਰੋਬੋਟ ਕਾਰ ਨੇ ਰੋਬੋ ਰੇਸ ਵਿੱਚ ਭਾਗ ਲਿਆ। ਇਸ ਸੰਬੰਧ ਵਿੱਚ ਵਿਭਾਗ ਦੇ ਮੁਖੀ ਡਾ. ਗੌਰਵ ਪਰਾਸ਼ਰ ਨੇ ਜਾਣਕਾਰੀ ਦਿੱਤੀ ਕਿ ਇੰਜੀਨੀਅਰਿੰਗ ਦਿਵਸ ਦੇ ਮੌਕੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਨੇ ਰੋਬੋ ਰੇਸ ਦਾ ਆਯੋਜਨ ਕੀਤਾ ਸੀ। ਜਿਸ ਵਿੱਚ ਵੱਖ -ਵੱਖ ਕਾਲਜਾਂ ਦੀ 40 ਟੀਮਾਂ ਨੇ ਭਾਗ ਲਿਆ। ਜਿਸ ਵਿੱਚ ਰਿਆਤ ਬਾਹਰਾ ਇੰਜੀਨੀਅਰਿੰਗ ਕਾਲਜ ਦੀ ਟੀਮ ਨੇ ਆਪਣਾ ਸਥਾਨ ਟਾਪ -10 ਵਿੱਚ ਅੰਕਿਤ ਕੀਤਾ। ਡਾ. ਗੌਰਵ ਨੇ ਦੱਸਿਆ ਕਿ ਇਸ ਰੋਬੋਟ ਕਾਰ ਦਾ ਨਿਰਮਾਣ ਤੀਸਰੇ ਸੋਮੇਸਟਰ ਦੇ ਪੰਜ ਵਿਦਿਆਰਥੀਆਂ ਦੁਆਰਾ ਰੀਸਾਇਕਲ ਮੋਟੀਰੀਅਲ ਨਾਲ ਕੀਤਾ ਗਿਆ ਸੀ, ਜੋ ਕਿ ਰੋਬੋ ਰੇਸ ਵਿੱਚ ਆਕਰਸ਼ਣ ਦਾ ਕੇਂਦਰ ਬਣੀ ਰਹੀ ਸੀ। ਇਸ ਮੌਕੇ ਰਿਆਤ ਬਾਹਰਾ ਗੁਰੱਪ ਦੇ ਚੇਅਰਮੇਨ ਗੁਰਵਿੰਦਰ ਸਿੰਘ ਬਾਹਰਾ ਨੇ ਵਿਦਿਆਰਥੀਆਂ ਦੁਆਰਾ ਬਣਾਈ ਗਈ ਇਸ ਰੋਬੋਟ ਕਾਰ ਦੀ ਪ੍ਰਸ਼ੰਸਾ ਕੀਤੀ ਅਤੇ ਵਿਦਿਆਰਥੀਆਂ ਅਤੇ ਮੈਕੇਨਿਕਲ ਵਿਭਾਗ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ। ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਅਤੇ ਪ੍ਰਿੰਸੀਪਲ ਡਾ. ਜੋਤਸਨਾ ਨੇ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰੋ ਕੁਲਦੀਪਕ ਠਾਕੁਰ, ਪ੍ਰੋ ਸਾਹਿਲ ਕੈਂਥ, ਪ੍ਰੋ ਹਿਤੇਸ਼ ਕੁਮਾਰ, ਪ੍ਰੋ ਗੁਰਪ੍ਰੀਤ ਸਿੰਘ ਮੌਜੂਦ ਸਨ।

ਰਿਆੜਕੀ ਪਬਲਿਕ ਸਕੂਲ ਤੁਗਲਵਾਲ 'ਚ ਸ਼ੂਟਿੰਗ ਮੁਕਾਬਲੇ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)

ਪੜ੍ਹਾਈ ਦੇ ਨਾਲ ਨਾਲ ਵਿਦਿਆਰਥੀਆਂ ਵਿੱਚ ਖੇਡਾਂ ਪ੍ਰਤੀ ਸ਼ੌਕ ਅਤੇ ਪਿਆਰ ਪੈਦਾ ਕਰਨ ਦੇ ਨਾਲ ਹੀ ਸਮਾਜ ਵਿੱਚ ਬਹੁਤ ਵੱਡੇ ਪੱਧਰ 'ਤੇ ਸੁਧਾਰ ਕੀਤੇ ਜਾ ਸਕਦੇ ਹਨ, ਕਿਉਂਕਿ ਇਸ ਨਾਲ ਅਸੀਂ ਵਿਦਿਆਰਥੀਆਂ ਦੀ ਐਨਰਜੀ ਦਾ ਇਸਤੇਮਾਲ ਚੰਗੇ ਪਾਸੇ ਕਰ ਸਕਦੇ ਹਾਂ, ਜਿਸ ਨਾਲ ਉਹ ਆਉਣ ਵਾਲੇ ਸਮੇਂ ਵਿੱਚ ਦੇਸ਼ ਤੇ ਕੌਮ ਦਾ ਨਾਂਅ ਰੋਸ਼ਨ ਕਰ ਸਕਦੇ ਹਨ ਅਤੇ ਏਸ਼ੀਆਈ ਖੇਡਾਂ ਵਿੱਚ ਭਾਰਤੀਆਂ ਦੁਆਰਾ ਕੀਤਾ ਜਾ ਰਿਹਾ ਸ਼ਾਨਦਾਰ ਪ੍ਰਦਰਸ਼ਨ ਵੀ ਨੌਜਵਾਨ ਖਿਡਾਰੀਆਂ ਨੂੰ ਹੋਰ ਉਤਸ਼ਾਹਤ ਕਰੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ 10 ਮੀ: ਸ਼ੂਟਿੰਗ ਮੁਕਾਬਲੇ ਦੌਰਾਨ ਵਿਦਿਆਰਥੀਆਂ, ਕੋਚ ਸਾਹਿਬਾਨ ਅਤੇ ਮਾਪਿਆਂ ਨੂੰ ਸੰਬੋਧਿਤ ਹੁੰਦਿਆਂ ਕੀਤਾ। ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਵਿਖੇ ਕਰਵਾਏ ਗਏ ਸ਼ੂਟਿੰਗ ਮੁਕਾਬਲਿਆਂ 'ਚ ਜ਼ਿਲ੍ਹੇ ਗੁਰਦਾਸਪੁਰ ਦੇ ਸਕੂਲਾਂ ਅਤੇ ਸਾਰੇ ਹੀ ਵਰਗ ਮੁਕਾਬਲਿਆਂ ਵਿੱਚ ਆਮ ਖਿਡਾਰੀਆਂ ਨੇ ਵੀ ਵੱਧ ਚੜ੍ਹ ਕੇ ਹਿੱਸਾ ਲਿਆ। ਰਿਆੜਕੀ ਪਬਲਿਕ ਸਕੂਲ ਦੇ 9 ਵਿਦਿਆਰਥੀਆਂ ਨੇ ਇਨ੍ਹਾਂ ਮੁਕਬਲਿਆਂ ਵਿੱਚ ਤਗਮੇ ਹਾਸਲ ਕੀਤੇ। ਆਈ.ਐਸ.ਐਸ.ਐਫ ਕੈਟਾਗਰੀ ਰਾਈਫਲ ਸ਼ੂਟਿੰਗ ਵਿੱਚ ਅਨਹਦ ਕੌਰ ਨੇ ਗੋਲਡ, ਐਨ ਆਰ ਅੰਡਰ 17 ਕੈਟਾਗਰੀ ਪਿਸਟਲ ਸ਼ੂਟਿੰਗ ਵਿੱਚ ਵਿਸ਼ਵਜੀਤ ਸਿੰਘ ਬੇਰੀ ਨੇ ਗੋਲਡ, ਐਨ ਆਰ ਅੰਡਰ 14 ਰਾਈਫਲ ਕੈਟਾਗਰੀ ਵਿੱਚ ਅਨਾਹਦ ਸਿੰਘ ਵਿਰਕ ਨੇ ਗੋਲਡ, ਏਕਪ੍ਰੀਤ ਕੌਰ ਨੇ ਪਿਸਟਲ ਵਿੱਚ ਸਿਲਵਰ, ਏਕ ਨੂਰ ਸਿੰਘ ਨੇ ਪਿਸਟਲ ਵਿੱਚ ਸਿਲਵਰ, ਪ੍ਰਭਜੋਤ ਕੌਰ ਨੇ ਰਾਈਫਲ ਵਿੱਚ ਸਿਲਵਰ, ਹਰਲੀਨ ਕੌਰ ਨੇ ਪਿਸਟਲ ਵਿੱਚ ਬਰਾਂਜ, ਨਵਨੀਤ ਸਿੰਘ ਨੇ ਪਿਸਟਲ 'ਚ ਸਿਲਵਰ, ਕਰਮਨਪ੍ਰੀਤ ਸਿੰਘ ਨੇ ਰਾਈਫਲ ਵਿੱਚ ਬਰਾਜ ਹਾਸਲ ਕਰਕੇ ਆਪਣਾ ਨਾਂਅ ਸੂਬੇ ਪੱਧਰੀ ਖੇਡਾਂ 'ਚ ਦਰਜ ਕਰਵਾਇਆ ਹੈ। ਇਸ ਮੌਕੇ ਰਿਆੜਕੀ ਪਬਲਿਕ ਸਕੂਲ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ, ਡਾਇਰੈਕਟਰ ਮਨਪ੍ਰੀਤ ਕੌਰ, ਮੈਨੇਜਰ ਜਗਦੀਸ਼ ਕੌਰ, ਪ੍ਰਿੰਸੀਪਲ ਇੰਦਰਜੀਤ ਕੌਰ ਵੱਲੋਂ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਦੇ ਪ੍ਰਿੰ. ਸਵਰਨ ਸਿੰਘ ਵਿਰਕ ਦੇ ਹੱਥੀਂ ਬਾਹਰੋਂ ਆਏ ਸ਼ੂਟਿੰਗ ਪ੍ਰਬੰਧਨ ਵਿੱਚ ਲੱਗੇ ਔਫੀਸ਼ੀਅਲ ਗਿਆਨਸਵਰ ਸਿੰਘ, ਸਰਕਲ ਇੰਚਾਰਜ ਗੁਰਨਾਮ ਸਿੰਘ, ਸ਼ੂਟਿੰਗ ਕੋਚ ਮਨਦੀਪ ਸਿੰਘ, ਗੁਰਪ੍ਰੀਤ ਸਿੰਘ, ਦਵਿੰਦਰ ਕੌਰ, ਸੰਦੀਪ ਕੁਮਾਰ, ਕੰਵਲਜੀਤ ਸਿੰਘ, ਤਰਲੋਕ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਡੀ ਪੀ ਜਤਿੰਦਰ ਕੁਮਾਰ, ਡੀ ਪੀ ਰਵਿੰਦਰ ਕੌਰ, ਕੁਆਰਡੀਨੇਟਰ ਹਰਕਿੰਦਰਬੀਰ ਸਿੰਘ, ਰਜਤ ਕੁਮਾਰ ਵੀ ਹਾਜ਼ਰ ਸਨ।

ਸ਼੍ਰੋਮਣੀ ਕਮੇਟੀ ਸਕੱਤਰ ਨੇ ਕਾਰ ਪਾਰਕਿੰਗ ਤੇ ਨਵੇਂ ਬਾਥਰੂਮਾਂ ਦਾ ਕੀਤਾ ਉਦਘਾਟਨ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸ਼੍ਰੋਮਣੀ ਕਮੇਟੀ ਅਤੇ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਕਾਰਸੇਵਾ ਵਾਲੇ ਬਾਬਾ

ਸੁਬੇਗ ਸਿੰਘ ਵੱਲੋਂ ਸੰਗਤਾਂ ਦੀ ਸਹੂਲਤ ਲਈ ਬਣਾਏ ਗਏ ਲਗਭਗ ਢਾਈ ਕਰੋੜ ਦੀ ਲਾਗਤ ਨਾਲ ਆਧੁਨਿਕ ਕਿਸਮ ਦੇ ਬਾਥਰੂਮ ਅਤੇ ਕਾਰ ਪਾਰਕਿੰਗ ਦਾ ਉਦਘਾਟਨ ਅੱਜ ਸ਼੍ਰੋਮਣੀ ਕਮੇਟੀ ਸਕੱਤਰ ਪ੍ਰਤਾਪ ਸਿੰਘ ਨੇ ਕੀਤਾ। ਉਦਘਾਟਨ ਤੋਂ ਪਹਿਲਾਂ ਅਰਦਾਸ ਹੈਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਨੇ ਕੀਤੀ। ਇਸ ਸਮੇਂ ਕਾਰਸੇਵਾ ਵਾਲੇ ਬਾਬਾ ਸੁਬੇਗ ਸਿੰਘ ਗੋਇੰਦਵਾਲ ਸਾਹਿਬ ਵਾਲੇ ਨੇ ਨਵੇਂ ਬਣੇ ਬਾਥਰੂਮਾਂ ਦੀਆਂ ਚਾਬੀਆਂ ਸਕੱਤਰ ਪ੍ਰਤਾਪ ਸਿੰਘ ਸੌਂਪਦਿਆਂ ਆਏ ਹੋਏ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਤੇ ਮੈਂਬਰਾਂ ਨੂੰ ਸਨਮਾਨਤ ਕੀਤਾ। ਇਸ ਸਮੇਂ ਮੈਨੇਜਰ ਰਜਿੰਦਰ ਸਿੰਘ ਟੌਹੜਾ, ਸ਼੍ਰੋਮਣੀ ਕਮੇਟੀ ਮੈਂਬਰ ਮਗਵਿੰਦਰ ਸਿੰਘ ਖਾਪੜਖੇੜੀ, ਬਾਬਾ ਨਿਰਮਲ ਸਿੰਘ, ਬੀਬੀ ਹਰਜਿੰਦਰ ਕੌਰ, ਖੁਸ਼ਵਿੰਦਰ ਸਿੰਘ ਭਾਟੀਆ, ਬਾਬਾ ਹਰਜਿੰਦਰ ਸਿੰਘ, ਬਾਬਾ ਅਮਰੀਕ ਸਿੰਘ, ਬਾਬਾ ਦਵਿੰਦਰ ਸਿੰਘ, ਬਾਬਾ ਅਮਰ ਸਿੰਘ, ਕਸ਼ਮੀਰ ਸਿੰਘ ਭੁੱਚਰ, ਜਸਪਾਲ ਸਿੰਘ ਨੌਸ਼ਹਿਰਾ, ਗੁਰਜੀਤ ਸਿੰਘ ਪੰਜਵੜ, ਮੀਤ ਮੈਨੇਜਰ ਅਜੇ ਸਿੰਘ, ਬਿਕਰਮਜੀਤ ਸਿੰਘ ਸੁਰਸਿੰਘ, ਠੇਕੇਦਾਰ ਮਨਜੀਤ ਮੰਨਾ ਪੰਜਵੜ, ਠੇਕੇਦਾਰ ਦਲਜੀਤ ਸਿੰਘ ਮੱਲ੍ਹੀ ਆਦਿ ਹਾਜ਼ਰ ਸਨ।

ਆਰ ਐਮ ਪੀ ਆਈ ਵੱਲੋਂ 'ਨਿਊਜ਼ਕਲਿੱਕ' 'ਤੇ ਸਰਕਾਰੀ ਜਬਰ ਵਿਰੁੱਧ ਰੋਸ ਵਿਖਾਵਾ ਅੱਜ

ਜਲੰਧਰ (ਕੇਸਰ, ਰਾਜੇਸ਼ ਥਾਪਾ)

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐਮਪੀਆਈ) ਦੀ ਪੰਜਾਬ ਰਾਜ ਕਮੇਟੀ ਦੇ ਸਕੱਤਰੇਤ ਦੀ ਸਾਥੀ ਰਤਨ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਉਚੇਚੇ ਪੁੱਜੇ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਵਰਤਮਾਨ ਕੌਮਾਂਤਰੀ ਅਤੇ ਕੌਮੀ ਰਾਜਨੀਤਕ ਹਾਲਾਤ ਅਤੇ ਕਿਰਤੀ ਲਹਿਰ ਸਨਮੁੱਖ ਚੁਣੌਤੀਆਂ ਬਾਰੇ ਵਿਸਥਾਰ ਸਹਿਤ ਵਿਚਾਰ ਰੱਖੇ। ਸੂਬਾ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਕਿ ਸਕੱਤਰੇਤ ਨੇ ਇਹ ਗੱਲ ਗੰਭੀਰਤਾ ਨਾਲ ਨੋਟ ਕੀਤੀ ਹੈ ਕਿ ਆਰ.ਐਸ.ਐਸ., ਭਾਜਪਾ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ ਤੇ ਬਜਰੰਗ ਦਲ ਜਿਹੇ ਖਰੂਦੀ ਸੰਗਠਨ ਹਰ ਮੁਹਾਜ 'ਤੇ ਅਸਲੋਂ ਨਾਕਾਮ ਸਿੱਧ ਹੋਈ ਮੋਦੀ-ਸ਼ਾਹ ਸਰਕਾਰ ਨੂੰ 2024 ਦੀਆਂ ਆਮ ਚੋਣਾਂ 'ਚ ਤੀਜੀ ਵਾਰੀ ਸੱਤਾ 'ਤੇ ਬਿਠਾਉਣ ਲਈ ਸਰਕਾਰੀ ਮਸ਼ੀਨਰੀ ਦੇ ਧਾਪੜੇ ਨਾਲ ਦੇਸ਼ ਭਰ 'ਚ ਹਿੰਸਾ ਭੜਕਾਊ, ਵੰਡਵਾਦੀ ਗਤੀਵਿਧੀਆਂ ਤੇਜ ਕਰਨ ਦੀ ਮਨਸੂਬਾਬੰਦੀ ਤਹਿਤ ਘੱਟ ਗਿਣਤੀਆਂ ਖਾਸ ਕਰਕੇ ਮੁਸਲਮਾਨਾਂ ਤੇ ਇਸਾਈਆਂ ਖਿਲਾਫ਼ ਬਹੁਤ ਹੀ ਭੱਦੀ ਸ਼ਬਦਾਵਲੀ 'ਚ ਫਿਰਕੂ ਜ਼ਹਿਰ ਉਗਲ ਰਹੇ ਹਨ ਤੇ ਦਲਿਤਾਂ, ਔਰਤਾਂ ਤੇ ਅਗਾਂਹਵਧੂ ਲੋਕਾਂ ਵਿਰੁੱਧ ਹਿੰਸਕ ਹਮਲੇ ਤੇਜ਼ ਕਰ ਰਹੇ ਹਨ। ਸਕੱਤਰੇਤ ਨੇ ਦੇਸ਼ ਵਾਸੀਆਂ ਨੂੰ ਭਾਈਚਾਰਕ ਸਾਂਝ ਦੀ ਰਾਖੀ ਅਤੇ ਅਮਨ-ਕਾਨੂੰਨ ਕਾਇਮ ਰੱਖਣ ਲਈ ਕਾਰਪੋਰੇਟ ਪੱਖੀ ਮੋਦੀ-ਸ਼ਾਹ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਦਾ ਸੱਦਾ ਦਿੱਤਾ ਹੈ। ਭਾਰਤ-ਕੈਨੇਡਾ ਦਰਮਿਆਨ ਹਾਲ ਹੀ ਦੀਆਂ ਘਟਨਾਵਾਂ ਨੂੰ ਲੈਕੇ ਪੈਦਾ ਹੋਈ ਕੁੜੱਤਣ 'ਤੇ ਡੂੰਘੀ ਚਿੰਤਾ ਦਾ ਇਜ਼ਹਾਰ ਕਰਦਿਆਂ ਸਕੱਤਰੇਤ ਨੇ ਆਗਾਹ ਕੀਤਾ ਹੈ ਕਿ ਵਿਦੇਸ਼ਾਂ ਵਿਚਲੇ ਖਾਲਿਸਤਾਨੀ ਤੱਤਾਂ ਦੀ ਭੜਕਾਊ ਬਿਆਨਬਾਜੀ, ਖਾਸ ਕਰਕੇ ਕੈਨੇਡਾ ਵਿਚਲੇ ਹਿੰਦੂ ਭਾਈਚਾਰੇ ਨੂੰ ਨਿਸ਼ਾਨਾ ਬਨਾਉਣ ਦੀਆਂ ਕੋਸ਼ੀਆਂ ਹਰਕਤਾਂ ਦਰਅਸਲ ਸਿੱਖਾਂ ਨੂੰ ਬੱਦੂ ਕਰਨ ਅਤੇ ਹਿੰਦੂ-ਸਿੱਖ ਭਾਈਚਾਰਿਆਂ ਦਰਮਿਆਨ ਫਿਰਕੂ ਤਰੇੜਾਂ ਪੈਦਾ ਕਰਨ ਵਾਲੀਆਂ ਮੋਦੀ ਸਰਕਾਰ ਦੀਆਂ ਚਿਰੋਕਣੀਆਂ ਕੁਚਾਲਾਂ ਦਾ ਹੀ ਹਿੱਸਾ ਹੈ। ਸਕੱਤਰੇਤ ਦੀ ਰਾਇ ਕਿ ਦੋਹਾਂ ਦੇਸ਼ਾਂ ਨੂੰ ਅਸਹਿਮਤੀ ਵਾਲੇ ਉਕਤ ਮੁੱਦੇ ਦਾ ਹੱਲ ਦੁਵੱਲੀ ਗੱਲਬਾਤ ਰਾਹੀਂ ਸੰਜਮ ਨਾਲ ਲੱਭਣਾ ਚਾਹੀਦਾ ਹੈ। ਸਕੱਤਰੇਤ ਨੇ 'ਨਿਊਜ਼ਕਲਿੱਕ' ਨਾਲ ਜੁੜੇ ਲੋਕ ਪੱਖੀ ਪੱਤਰਕਾਰਾਂ ਅਤੇ ਬੁੱਧੀਜੀਵੀਆਂ ਦੀ ਜੁਬਾਨਬੰਦੀ ਦੀਆਂ ਮੋਦੀ-ਸ਼ਾਹ ਸਰਕਾਰ ਦੀਆਂ ਕੋਸ਼ੀਆਂ ਸਾਜ਼ਿਸ਼ਾਂ ਦੀ ਜੋਰਦਾਰ ਨਿਖੇਧੀ ਕਰਦਿਆਂ ਪੁਲਸੀਆ ਜਬਰ ਦੇ ਇਹ ਹੌਛੇ ਹੱਥਕੰਡੇ ਫੌਰੀ ਬੰਦ ਕਰਨ ਦੀ ਮੰਗ ਕੀਤੀ ਹੈ। ਇਸ ਦਿਸ਼ਾ ਵਿਚ ਪਾਰਟੀ ਵਲੋਂ ਭਲਕੇ 6 ਅਕਤੂਬਰ ਨੂੰ ਜਲੰਧਰ ਵਿਖੇ ਤਿੱਖਾ ਰੋਸ ਵਿਖਾਵਾ ਕੀਤਾ ਜਾਵੇਗਾ।

ਗੱਦੀ ਨਾਲੇ 'ਤੇ ਬਣੀ ਰੇਲਿੰਗ ਟੁੱਟਣ ਕਾਰਨ ਹਾਦਸੇ ਵਾਪਰਨ ਦਾ ਡਰ

ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਮੁਕੇਰੀਆਂ ਸੜਕ 'ਤੇ ਪੈਂਦੇ ਕਸਬਾ ਸ਼ਾਲਾ ਤੇ ਜਗਤਪੁਰ ਵਿਚਕਾਰੋਂ ਲੰਘਦੇ ਗੱਦੀ ਨਾਲੇ ਦੀ ਰੇਲਿੰਗ ਟੁੱਟ ਜਾਣ ਕਾਰਨ ਹਰ ਵੇਲੇ ਕਿਸੇ ਵਹੀਕਲ ਦਾ ਨਾਲੇ ਵਿਚ ਡਿਗਣ ਦਾ ਡਰ ਬਣਿਆ ਰਹਿੰਦਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦਾਸਪੁਰ ਤੋਂ ਲਗਭਗ 15 ਕਿੱਲੋਮੀਟਰ ਦੂਰ ਪੈਂਦੇ ਇਸ ਗੱਦੀ ਨਾਲੇ ਤੋਂ ਵੱਡੀ ਗਿਣਤੀ ਵਿਚ

6-oct-PAGE-4-2.qxd 10/5/2023 11:04 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 6 ਅਕਤੂਬਰ 2023

ਤੂਤੀਆਂ ਵੱਜਦੀਆਂ ਰਹਿਣਗੀਆਂ

'ਇੰਡੀਆ' ਗੱਠਜੋੜ ਦੀ ਮੁੰਬਈ ਮੀਟਿੰਗ ਸਮੇਂ ਕਾਂਗਰਸ ਪ੍ਰਧਾਨ ਖੜਗੇ ਨੇ ਕਿਹਾ ਸੀ ਕਿ ਆਉਣ ਵਾਲੇ ਦਿਨਾਂ ਦੌਰਾਨ ਸਾਡੇ ਆਗੂਆਂ ਵਿਰੁੱਧ ਈ ਡੀ ਤੇ ਸੀ ਬੀ ਆਈ ਦੇ ਹਮਲੇ ਤੇਜ਼ ਹੋਣਗੇ, ਪਰ ਅਸੀਂ ਡਰਨ ਵਾਲੇ ਨਹੀਂ। ਮਹਾਤਮਾ ਗਾਂਧੀ ਦੇ ਜਨਮ ਦਿਵਸ ਤੋਂ ਅਗਲੇ ਦਿਨ ਹੀ ਇਹ ਹਮਲਾ ਨਿਊਜ਼ਕਲਿੱਕ ਨਾਲ ਜੁੜੇ ਪੱਤਰਕਾਰਾਂ ਤੋਂ ਸ਼ੁਰੂ ਹੋ ਚੁੱਕਾ ਹੈ। ਉਸ ਦੇ ਸੰਸਥਾਪਕ ਸੰਪਾਦਕ 76 ਸਾਲਾ ਪ੍ਰਬੀਰ ਪੁਰਕਾਇਸਥ ਤੇ ਉਸ ਦੇ ਪ੍ਰਸ਼ਾਸਨਿਕ ਅਧਿਕਾਰੀ ਅਮਿਤ ਚੱਕਰਵਰਤੀ ਨੂੰ ਯੂ ਏ ਪੀ ਏ ਹੇਠ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪ੍ਰਬੀਰ ਦੀ ਗ੍ਰਿਫ਼ਤਾਰੀ ਨੇ ਇੰਦਰਾ ਗਾਂਧੀ ਵੱਲੋਂ ਲਾਈ ਗਈ ਐਮਰਜੈਂਸੀ ਦੀ ਯਾਦ ਤਾਜ਼ਾ ਕਰਾ ਦਿੱਤੀ ਹੈ। 25 ਸਤੰਬਰ 1975 ਨੂੰ ਵੀ ਪ੍ਰਬੀਰ ਨੂੰ ਪੁਲਸ ਨੇ ਜੇ ਐੱਨ ਯੂ ਵਿੱਚੋਂ ਚੁੱਕ ਕੇ ਜੇਲ੍ਹ ਵਿੱਚ ਬੰਦ ਕਰ ਦਿੱਤਾ ਸੀ। ਉਸ ਸਮੇਂ ਵੀ ਪ੍ਰਬੀਰ ਨੂੰ ਯੂ ਏ ਪੀ ਏ ਹੇਠ ਗ੍ਰਿਫ਼ਤਾਰ ਕੀਤਾ ਸੀ ਤੇ ਹੁਣ ਵੀ ਉਸੇ ਧਾਰਾ ਅਧੀਨ ਗ੍ਰਿਫ਼ਤਾਰ ਕੀਤਾ ਗਿਆ ਹੈ। ਪ੍ਰਬੀਰ ਦਾ 48 ਸਾਲ ਪਹਿਲਾਂ ਵੀ ਇਹੋ ਦੋਸ਼ ਸੀ ਕਿ ਉਹ ਇੰਦਰਾ ਗਾਂਧੀ ਵੱਲੋਂ ਲਾਈ ਐਮਰਜੈਂਸੀ ਦਾ ਵਿਰੋਧ ਕਰਦਾ ਸੀ ਤੇ ਅੱਜ ਉਹ ਮੋਦੀ ਦੀ ਅਣਐਲਾਨੀ ਐਮਰਜੈਂਸੀ ਦਾ ਵਿਰੋਧੀ ਹੈ।

ਇਸ ਬਜ਼ੁਰਗ ਪੱਤਰਕਾਰ ਤੇ ਉਸ ਦੇ ਸਹਿਯੋਗੀ ਦੀ ਗ੍ਰਿਫ਼ਤਾਰੀ ਦੀ ਹਾਲੇ ਸਿਆਹੀ ਵੀ ਨਹੀਂ ਸੀ ਸੁੱਕੀ ਕਿ ਈ ਡੀ ਨੇ ਆਪ ਆਗੂ ਤੇ ਸਾਂਸਦ ਸੰਜੇ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਨ੍ਹਾਂ ਗ੍ਰਿਫ਼ਤਾਰੀਆਂ ਸੰਬੰਧੀ ਸੁਤੰਤਰ ਸਿਆਸੀ ਟਿੱਪਣੀਕਾਰ ਰਾਕੇਸ਼ ਅਚਲ ਵੱਲੋਂ ਪੇਸ਼ ਕੀਤੇ ਗਏ ਵਿਚਾਰ ਅਸੀਂ ਸੰਖੇਪ ਰੂਪ ਵਿੱਚ ਹੇਠਾਂ ਦੇ ਰਹੇ ਹਾਂ, ਜੋ ਉਸ ਦੀ ਫੇਸਬੁਕ ਵਾਲ ਤੋਂ ਲਏ ਗਏ ਹਨ:

"ਆਮ ਆਦਮੀ ਪਾਰਟੀ ਦੇ ਸਾਂਸਦ ਸੰਜੇ ਸਿੰਘ ਵੀ ਜੇਲ੍ਹ ਯਾਤਰਾ ਲਈ ਨਿਕਲ ਗਏ ਹਨ। ਕੇਂਦਰ ਸਰਕਾਰ ਦੀ 'ਨਾ ਖਾਊਂਗਾ ਨਾ ਖਾਨੇ ਦੂੰਗਾ' ਯੋਜਨਾ ਅਧੀਨ ਸੰਜੇ ਸਿੰਘ ਨੂੰ ਈ ਡੀ ਨੇ ਗ੍ਰਿਫ਼ਤਾਰ ਕੀਤਾ ਹੈ। ਈ ਡੀ ਦੀ ਭੈਣ ਸੀ ਬੀ ਆਈ ਪਹਿਲਾਂ ਹੀ ਸੰਜੇ ਸਿੰਘ ਦੇ ਸਾਥੀ ਮਨੀਸ਼ ਸਿਸੋਦੀਆ ਤੇ ਸਤੇਂਦਰ ਜੈਨ ਨੂੰ ਜੇਲ੍ਹ ਯਾਤਰਾ ਉੱਤੇ ਭੇਜ ਚੁੱਕੀ ਹੈ। ਸਰਕਾਰ ਦੀ ਨਜ਼ਰ ਵਿੱਚ ਇਹ 'ਮਹਾਂਖਾਊ' ਹਨ ਤੇ ਪਤਾ ਨਹੀਂ ਕਿੰਨਾ ਖਾ ਚੁੱਕੇ ਹਨ।"

"ਸੰਜੇ ਸਿੰਘ ਨੇ ਜੇਲ੍ਹ ਜਾਣਾ ਹੀ ਸੀ, ਉਸ ਨੇ ਆਪਣੀ ਜੇਲ੍ਹ ਯਾਤਰਾ ਦਾ ਇੰਤਜ਼ਾਮ ਖੁਦ ਕੀਤਾ ਸੀ। ਸੰਜੇ ਲਗਾਤਾਰ ਸਰਕਾਰ ਲਈ ਸੰਸਦ ਵਿੱਚ ਸਮੱਸਿਆ ਖੜ੍ਹੀ ਕਰ ਰਹੇ ਸਨ। ਸਾਡੇ ਸਹਿਣਸ਼ੀਲ 'ਸਦਨ ਪ੍ਰਭੂ' ਨੇ ਸੰਜੇ ਸਿੰਘ ਨੂੰ ਪਹਿਲੇ ਦਿਨ ਹੀ ਸਦਨ ਵਿੱਚੋਂ ਮੁਅੱਤਲ ਕਰ ਦਿੱਤਾ ਸੀ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਸਿਫ਼ਾਰਸ਼ ਦੇ ਬਾਵਜੂਦ ਸੰਜੇ ਸਿੰਘ ਨੂੰ ਬਹਾਲ ਨਹੀਂ ਕੀਤਾ ਗਿਆ। ਸੰਜੇ ਸਦਨ ਦੇ ਬਾਹਰ ਧੂਣੀ ਰਮਾ ਕੇ ਬੈਠੇ ਰਹੇ। ਸੰਜੇ ਨਾਲ ਸਾਡੀ ਹਮਦਰਦੀ ਇਸ ਲਈ ਹੈ, ਕਿਉਂਕਿ ਉਹ ਬੋਲਣ ਵਾਲੇ ਸਾਂਸਦ ਹਨ। ਜਨਤਾ ਦੀ ਅਵਾਜ਼ ਨੂੰ ਤਾਕਤ ਦੇਣ ਲਈ ਉਹ ਕਾਂਗਰਸੀਆਂ ਤੋਂ ਵੱਧ ਪ੍ਰਭਾਵਸ਼ਾਲੀ ਤੇ ਮੌਲਿਕ ਨਾਅਰੇ ਘੜਦੇ ਹਨ। ਉਨ੍ਹਾ ਦੀ ਅਵਾਜ਼ ਮਨੋਜ ਝਾਅ ਵਾਂਗ ਬੁਲੰਦ ਹੈ ਤੇ ਸੰਸਦ ਦੀਆਂ ਦੀਵਾਰਾਂ ਨਾਲ ਟਕਰਾ ਕੇ ਮੁੜਦੀ ਹੋਈ ਗੂੰਜਦੀ ਹੈ। ਅਵਾਜ਼ ਤੋਂ ਵੱਧ ਟਕਰਾਅ ਕੇ ਮੁੜਦੀ ਗੂੰਜ ਦਾ ਅਸਰ ਵੱਧ ਹੁੰਦਾ ਹੈ। ਅੰਗਰੇਜ਼ੀ 'ਚ ਇਸ ਨੂੰ 'ਈਕੋ' ਕਹਿੰਦੇ ਹਨ। ਤੇਜ਼ ਅਵਾਜ਼ ਵਿੱਚ ਬੋਲਣ ਵਾਲਿਆਂ ਕਾਰਨ ਸੰਸਦ ਦਾ 'ਈਕੋ ਸਿਸਟਮ' ਖ਼ਰਾਬ ਹੋ ਜਾਂਦਾ ਹੈ। ਇਸ ਲਈ ਸਦਨ ਦੇ ਆਗੂ ਦੀ ਕੋਸ਼ਿਸ਼ ਹੁੰਦੀ ਹੈ ਕਿ ਤੇਜ਼ ਬੋਲਣ ਵਾਲਿਆਂ ਨੂੰ ਕਾਬੂ ਵਿੱਚ ਰੱਖਿਆ ਜਾਵੇ ਤੇ ਜੇ ਨਾ ਮੰਨਣ ਤਾਂ ਮੁਅੱਤਲ ਕਰ ਦਿੱਤਾ ਜਾਵੇ। ਯਾਨੀ ਨਾ ਰਹੇਗਾ ਬਾਂਸ ਨਾ ਬਜੇਗੀ ਬਾਂਸੁਰੀ।"

"ਸਰਕਾਰ ਸੰਸਕਾਰੀ ਤੇ ਸਨਾਤਨੀ ਹੈ। ਉਸ ਨੂੰ ਪਤਾ ਹੈ 'ਨਾ ਨੌਂ ਮਣ ਤੇਲ ਹੋਵੇਗਾ, ਨਾ ਰਾਧਾ ਨੱਚੇਗੀ' ਇਸ ਲਈ ਜਿੱਥੇ-ਜਿੱਥੇ ਜ਼ਿਆਦਾ ਤੇਲ ਨਜ਼ਰ ਆਉਂਦਾ ਹੈ, ਸਰਕਾਰ ਉਸ ਨੂੰ ਘੱਟ ਕਰ ਦਿੰਦੀ ਹੈ। ਇਹ ਫਾਰਮੂਲਾ ਪਰਖਿਆ ਹੋਇਆ ਫਾਰਮੂਲਾ ਹੈ। ਇਸੇ ਕਾਰਨ ਇਸ ਨੂੰ ਕੇਵਲ ਸਾਂਸਦਾਂ ਉਤੇ ਹੀ ਨਹੀਂ, ਬਲਕਿ ਪੱਤਰਕਾਰਾਂ ਉੱਤੇ ਵੀ ਅਜ਼ਮਾਇਆ ਜਾ ਰਿਹਾ ਹੈ।"

"ਨਿਊਜ਼ਕਲਿੱਕ ਵਾਲਿਆਂ ਉਤੇ ਇਸ ਦੀ ਜ਼ੋਰਦਾਰ ਵਰਤੋਂ ਹੋ ਰਹੀ ਹੈ। ਉਹ ਵੀ ਸੰਜੇ ਸਿੰਘ ਵਾਂਗ ਜ਼ੋਰ-ਜ਼ੋਰ ਦੀ ਸਰਕਾਰ ਵਿਰੁੱਧ ਬੋਲਦੇ ਹਨ। ਅਭਿਸਾਰ ਸ਼ਰਮਾ ਤੇ ਉਰਮਿਲੇਸ਼ ਦੀ ਅਵਾਜ਼ ਵੀ ਸੰਜੇ ਵਾਂਗ ਤਿੱਖੀ ਤੇ ਮੋੜਵੀਂ ਗੂੰਜ ਪੈਦਾ ਕਰਨ ਵਾਲੀ ਹੈ। ਉਨ੍ਹਾਂ ਨੂੰ ਵੀ ਹਿਰਾਸਤ 'ਚ ਲੈ ਕੇ ਸੰਕੇਤ ਦਿੱਤਾ ਗਿਆ ਹੈ ਕਿ ਮੰਨ ਜਾਓ, ਨਹੀਂ ਤਾਂ ਸੰਜੇ ਸਿੰਘ ਵਾਂਗ ਜੇਲ੍ਹ ਯਾਤਰਾ ਉਤੇ ਭੇਜ ਦਿੱਤੇ ਜਾਓਗੇ।"

"ਨਿਊਜ਼ਕਲਿੱਕ" ਵਾਲੇ ਸਰਕਾਰ ਵਿਰੋਧੀ ਹਨ, ਤੁਸੀਂ ਉਨ੍ਹਾਂ ਨੂੰ ਦੇਸ਼-ਵਿਰੋਧੀ ਵੀ ਕਹਿ ਸਕਦੇ ਹੋ। ਉਹ ਚੀਨ ਤੋਂ ਪੈਸੇ ਲੈ ਕੇ ਭਾਰਤ ਸਰਕਾਰ ਵਿਰੁੱਧ ਕੰਮ ਕਰਦੇ ਹਨ, ਜਦੋਂ ਕਿ ਇਹ ਕੰਮ ਸਿਰਫ਼ ਸਰਕਾਰ ਦਾ ਹੈ। ਭਾਰਤ ਸਰਕਾਰ 'ਪੀ ਐੱਮ ਕੇਅਰ ਫੰਡ' ਲਈ ਚੀਨ ਤੋਂ ਫੰਡ ਲੈ ਸਕਦੀ ਹੈ, ਪਰ ਨਿਊਜ਼ਕਲਿੱਕ ਵਾਲੇ ਨਹੀਂ। ਨਿਊਜ਼ਕਲਿੱਕ ਵਾਲੇ ਲੈਣਗੇ ਤਾਂ ਉਨ੍ਹਾਂ ਨੂੰ 'ਕਿੱਕ' ਕਰ ਦਿੱਤਾ ਜਾਵੇਗਾ। ਸਰਕਾਰ ਚੀਨੀ ਪੈਸੇ ਨਾਲ ਚੱਲਣ ਵਾਲੇ 'ਪੇਟੀਐਮ' ਦਾ ਵਿਗਿਆਪਨ ਕਰ ਸਕਦੀ ਹੈ, ਪਰ ਚੀਨੀ ਧਨ ਦੀ ਵਰਤੋਂ ਕਰਨ ਨਹੀਂ ਦੇ ਸਕਦੀ। ਇਹ ਸਰਕਾਰ ਦੀ ਸ਼ਾਨ ਵਿਰੁੱਧ ਹੈ। ਸਰਕਾਰ ਦੀ ਸ਼ਾਨ ਬਚਾਉਣ ਲਈ ਹੀ ਈ ਡੀ ਨੂੰ ਮਿਹਨਤ ਕਰਨੀ ਪੈਂਦੀ ਹੈ।"

"ਸਾਨੂੰ ਇੱਕ ਸਾਂਸਦ ਮਿੱਤਰ ਨੇ ਦੱਸਿਆ ਕਿ ਈ ਡੀ ਤੇ ਸੀ ਬੀ ਆਈ ਤੋਂ ਬਚਣ ਦਾ ਇੱਕ ਸਾਧਨ ਹੈ। ਆਪ ਜੀ ਭਰ ਕੇ ਖਾਓ, ਖਵਾਓ, ਬਸ ਤੁਹਾਡੇ ਹੱਥਾਂ ਵਿੱਚ ਕਮਲ ਫੁੱਲ ਹੋਣਾ ਚਾਹੀਦਾ ਹੈ। ਕਮਲ ਪੁਸ਼ਪ ਪ੍ਰੇਮੀ ਨੂੰ ਈ ਡੀ ਤੇ ਸੀ ਬੀ ਆਈ ਸੁਫ਼ਨੇ ਵਿੱਚ ਵੀ ਨਹੀਂ ਬੁਲਾ ਸਕਦੀ। ਆਪ ਈ ਡੀ ਤੇ ਸੀ ਬੀ ਆਈ ਦਾ ਰੋਜ਼ਨਾਮਚਾ ਪੜ੍ਹ ਕੇ ਦੇਖ ਲਓ, ਇੱਕ ਵੀ ਕਮਲ ਪੁਸ਼ਪਧਾਰੀ ਨੇਤਾ, ਪੱਤਰਕਾਰ ਦਾ ਨਾਂਅ ਇਸ ਵਿੱਚ ਨਹੀਂ ਹੋਵੇਗਾ। ਕਮਲ ਪੁਸ਼ਪ ਸਰਕਾਰ ਦੀਆਂ ਸਭ ਗਰੰਟੀਆਂ ਵਾਂਗ ਇੱਕ ਗਰੰਟੀ ਹੈ।"

"ਅਸੀਂ ਇਨ੍ਹਾਂ ਸਭ ਗ੍ਰਿਫ਼ਤਾਰੀਆਂ ਦੇ ਵਿਰੁੱਧ ਹਾਂ। ਕਿਸੇ ਵੀ ਤੰਤਰ ਵਿੱਚ ਅਜਿਹੀਆਂ ਗ੍ਰਿਫ਼ਤਾਰੀਆਂ ਨਹੀਂ ਹੋਣੀਆਂ ਚਾਹੀਦੀਆਂ, ਪ੍ਰੰਤੂ ਸਾਡੀ ਸੁਣਦਾ ਕੌਣ ਹੈ। ਨਗਾਰਖਾਨੇ ਵਿੱਚ ਤੂਤੀਆਂ ਦੀ ਅਵਾਜ਼ ਦਾ ਕੀ ਮੁੱਲ, ਪਰ ਤੂਤੀਆਂ ਵੱਜਦੀਆਂ ਰਹਿੰਦੀਆਂ ਹਨ, ਲਗਾਤਾਰ ਵੱਜਦੀਆਂ। ਇਹ ਐਮਰਜੈਂਸੀ ਵਿੱਚ ਵੀ ਵੱਜਦੀਆਂ ਸਨ ਤੇ ਅੱਜ ਵੀ ਵੱਜ ਰਹੀਆਂ ਹਨ। ਕੱਲ੍ਹ ਵੀ ਵੱਜਣਗੀਆਂ, ਤੂਤੀਆਂ ਆਪਣਾ ਕੰਮ ਬੰਦ ਨਹੀਂ ਕਰਦੀਆਂ। ਇਹ ਹਰ ਨਗਾਰਖਾਨੇ ਵਿੱਚ ਵੱਜਦੀਆਂ ਹਨ। ਉਹ ਚਾਹੇ ਸਾਂਪਨਾਥ ਦਾ ਨਗਾਰਖਾਨਾ ਹੋਵੇ ਜਾਂ ਨਾਗਨਾਥ ਦਾ।"

ਭਾਰਤ-ਕੈਨੇਡਾ ਟਕਰਾਓ ਚੋਣਾਂ ਤੱਕ ਰਹੇਗਾ

ਇਹਨਾਂ ਦਿਨਾਂ ਵਿਚ ਭਾਰਤ ਅਤੇ ਕੈਨੇਡਾ ਦੀਆਂ ਸਰਕਾਰਾਂ ਆਹਮੋ-ਸਾਹਮਣੇ ਹੋ ਕੇ, ਇੱਕ-ਦੂਜੇ ਨੂੰ ਆਪਣਾ ਸਖਤ ਰੁਖ ਵਿਖਾ ਰਹੀਆਂ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਉਹਨਾਂ ਦੀ ਸਰਕਾਰ ਨੂੰ ਗਿਲਾ ਹੈ ਕਿ ਕੈਨੇਡਾ ਸਰਕਾਰ ਭਾਰਤ ਦੇ ਨਾਮੀ ਭਗੌੜਿਆਂ ਨੂੰ ਆਪਣੀ ਧਰਤੀ ਤੋਂ ਖਾਲਿਸਤਾਨੀ ਸਰਗਰਮੀਆਂ ਕਰਨ ਦੀ ਖੁੱਲ੍ਹ ਦੇ ਰਿਹਾ ਹੈ, ਜਦੋਂ ਕਿ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਕਹਿਣਾ ਹੈ ਕਿ ਹਰਦੀਪ ਸਿੰਘ ਨਿੱਝਰ ਜੋ ਇਸ ਸਮੇਂ ਕੈਨੇਡਾ ਦਾ ਵਸਨੀਕ ਸੀ, ਉਸ ਨੂੰ ਕਤਲ ਕਰਾਉਣ ਵਿਚ ਭਾਰਤੀ ਸੁਰੱਖਿਆ ਏਜੰਸੀਆਂ ਦਾ ਹੱਥ ਹੈ। ਇਸ ਮਾਮਲੇ ਬਾਰੇ ਹੁਣ ਤੱਕ ਦੋਵਾਂ ਦੇਸ਼ਾਂ ਵਿਚ ਅੰਦਰ ਹੀ ਅੰਦਰ ਤਣਾਓ ਚੱਲ ਰਿਹਾ ਸੀ, ਜਿਸ ਕਾਰਨ ਜਦੋਂ ਇਸ ਮਹੀਨੇ ਦੇ ਸ਼ੁਰੂ ਵਿਚ ਭਾਰਤ ਅੰਦਰ ਜੀ-20 ਦੇਸ਼ਾਂ ਦੇ ਮੁਖੀਆਂ ਦਾ ਸਮਾਗਮ ਹੋਇਆ ਤੇ ਉਸ ਵਿਚ ਸ਼ਾਮਲ ਹੋਣ ਲਈ ਜਸਟਿਨ ਟਰੂਡੋ ਆਏ ਤਾਂ ਭਾਰਤ ਸਰਕਾਰ ਨੇ ਆਪਣੇ ਗਿਲੇ ਉਹਨਾਂ ਨਾਲ ਸਾਂਝੇ ਕੀਤੇ, ਜਦੋਂ ਕਿ ਕੈਨੇਡੀਅਨ ਪ੍ਰਧਾਨ ਮੰਤਰੀ ਨੇ ਭਾਰਤ ਵੱਲੋਂ ਢੁਕਵਾਂ ਮਾਣ-ਸਤਿਕਾਰ ਨਾ ਮਿਲਣਾ ਮਹਿਸੂਸ ਕੀਤਾ। ਜਹਾਜ਼ 'ਚ ਖਰਾਬੀ ਕਾਰਨ ਉਹਨਾਂ ਨੂੰ ਦੋ ਦਿਨ ਵਧੇਰੇ ਭਾਰਤ 'ਚ ਰੁਕਣਾ ਪਿਆ, ਇਸ ਦੌਰਾਨ ਕਿਸੇ ਸੀਨੀਅਰ ਤੇ ਮੰਤਰੀ ਨੇ ਉਹਨਾਂ ਦੀ ਮਹਿਮਾਨ ਨਿਵਾਜੀ ਨਹੀਂ ਕੀਤੀ। ਸੰਭਵ ਹੈ ਕਿ ਇਸ ਦੇ ਗਿਲੇ ਦੀ ਭਾਵਨਾ ਤਹਿਤ ਜਸਟਿਨ ਟਰੂਡੋ ਨੇ ਆਪਣੇ ਦੇਸ਼ ਦੀ ਸੰਸਦ ਵਿਚ ਬਿਆਨ ਦਿੱਤਾ ਕਿ ਹਰਦੀਪ ਸਿੰਘ ਨਿੱਝਰ ਦੇ ਕਤਲ ਵਿਚ ਭਾਰਤ ਦੀਆਂ ਖੁਫੀਆ ਏਜੰਸੀਆਂ ਦਾ ਹੱਥ ਹੈ। ਇਹ ਵੀ ਕਿਹਾ ਕਿ ਇਸ ਮਾਮਲੇ ਦੀ ਜਾਂਚ ਚੱਲ ਰਹੀ ਹੈ, ਹੈਰਾਨੀ ਦੀ ਗੱਲ ਹੈ ਕਿ ਜਿਸ ਮਾਮਲੇ ਦੀ ਜਾਂਚ ਚੱਲ ਰਹੀ ਹੈ, ਉਸ ਬਾਰੇ ਕੈਨੇਡਾ ਦਾ ਪ੍ਰਧਾਨ ਮੰਤਰੀ ਹਾਊਂ ਆਫ ਕੌਂਸਲ (ਸੰਸਦ) ਵਿਚ ਦੂਜੇ ਦੇਸ਼ 'ਤੇ ਸਪੱਸ਼ਟ ਦੋਸ਼ ਲਾ ਰਿਹਾ ਹੈ। ਇਸ ਬਾਰੇ ਭਾਰਤ ਸਰਕਾਰ ਨੇ ਢੁਕਵਾਂ ਰੋਸ ਪ੍ਰਗਟ ਕੀਤਾ ਹੈ। ਰਾਜਸੀ ਹਲਕਿਆਂ ਦਾ ਅਨੁਮਾਨ ਹੈ ਕਿ ਕੈਨੇਡੀਅਨ ਪ੍ਰਧਾਨ ਮੰਤਰੀ ਨੇ ਆਪਣੇ ਵੋਟ ਬੈਂਕ ਨੂੰ ਮੁੱਖ ਰੱਖ ਕੇ ਇਹ ਰੁਖ ਅਪਣਾਇਆ ਹੈ। ਕੈਨੇਡਾ ਸੰਸਦ ਦੀਆਂ ਕੁੱਲ 338 ਸੀਟਾਂ ਹਨ, ਜਿਸ ਵਿਚ ਕਿਸੇ ਵੀ ਪਾਰਟੀ ਨੂੰ ਸਰਕਾਰ ਬਣਾਉਣ ਲਈ ਘੱਟੋ-ਘੱਟ 170 ਮੈਂਬਰਾਂ ਦਾ ਸਮਰਥਨ ਜ਼ਰੂਰੀ ਹੈ। 2021 ਦੀਆਂ ਚੋਣਾਂ ਵਿਚ ਜਸਟਿਨ ਟਰੂਡੋ ਦੀ ਲਿਬਰਲ ਪਾਰਟੀ ਨੂੰ 157 ਸੀਟਾਂ ਮਿਲੀਆਂ ਸਨ। ਬਹੁਸੰਮਤੀ ਬਣਾਉਣ ਲਈ ਜਗਮੀਤ ਸਿੰਘ ਐੱਨ ਡੀ ਪੀ ਦਾ ਸਮਰਥਨ ਲੈਣਾ ਪਿਆ, ਜਿਸ ਦੇ 25 ਸੰਸਦ ਮੈਂਬਰ ਹਨ। ਕਿਹਾ ਜਾਂਦਾ ਹੈ ਕਿ ਉਹ ਗਰਮ-ਖਿਆਲੀ ਸਿੱਖ ਆਗੂ ਹਨ ਤੇ ਪ੍ਰਧਾਨ ਮੰਤਰੀ ਨੂੰ ਉਹਨਾਂ ਦੇ ਦਬਾਅ ਹੇਠ ਕੰਮ ਕਰਨਾ ਪੈਂਦਾ ਹੈ।

ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਨਿੱਝਰ ਦੇ ਕਤਲ ਬਾਰੇ ਸੰਸਦ ਵਿਚ ਭਾਸ਼ਣ ਦੇਣ ਉਪਰੰਤ ਐੱਨ ਡੀ ਪੀ ਦੇ ਆਗੂ ਜਗਮੀਤ ਸਿੰਘ ਨੇ ਪੰਜਾਬੀ ਵਿਚ ਭਾਸ਼ਣ (ਜਿਸ ਦਾ ਉਹ ਆਪ ਹੀ ਅੰਗਰੇਜ਼ੀ ਵਿਚ ਅਨੁਵਾਦ ਕਰ ਰਹੇ ਸਨ, ਕਿਹਾ ਕਿ ਜਦ ਤੱਕ ਇਸ ਮਾਮਲੇ ਵਿਚ ਇਨਸਾਫ ਨਹੀਂ ਮਿਲ ਜਾਂਦਾ, ਉਹ ਟਿਕ ਕੇ ਨਹੀਂ ਬੈਠਣਗੇ। ਕੈਨੇਡਾ 'ਚ 2021 ਦੀ ਮਰਦਮਸ਼ੁਮਾਰੀ ਅਨੁਸਾਰ ਸਿੱਖਾਂ ਦੀ ਵਸੋਂ 7,71,780 ਹੈ। ਸਭ ਤੋਂ ਵੱਧ ਆਬਾਦੀ ਓਂਟਾਰੀਓ ਸੂਬੇ ਵਿਚ ਹੈ, ਬ੍ਰਿਟਿਸ਼ ਕੋਲੰਬੀਆ ਦੂਜੇ, ਅਲਬਰਟਾ ਤੇ ਮੈਨੀਟੋਬਾ ਹੈ। ਕਿਊਬਿਕ ਵਿਚ ਵੀ ਸਿੱਖ ਕਾਫੀ ਗਿਣਤੀ ਵਿਚ ਹਨ। ਕੈਨੇਡਾ ਵਿਚ ਭਾਰਤੀ ਮੂਲ ਦੇ ਸੰਸਦ ਮੈਂਬਰ ਮੁੱਖ ਤੌਰ 'ਤੇ ਇਹਨਾਂ ਖੇਤਰਾਂ ਤੋਂ ਚੁਣੇ ਜਾਂਦੇ ਹਨ। ਇਸ ਸਮੇਂ ਸਰਕਾਰਾਂ ਦੀ ਪੱਧਰ 'ਤੇ ਚੱਲ ਰਹੇ ਵਾਦ-ਵਿਵਾਦ ਵਿਦੇਸ਼ਾਂ 'ਚ ਰਹਿ ਰਹੇ ਕੁਝ ਗਰਮ-ਖਿਆਲੀ ਸਿੱਖ ਆਗੂਆਂ ਦੇ ਬਿਆਨਾਂ ਦੇ ਬਾਵਜੂਦ ਵਿਦੇਸ਼ਾਂ ਵਿਚ ਰਹਿ ਰਹੀ ਸਿੱਖ ਵਸੋਂ ਵਿੱਚੋਂ ਸਿਰਫ ਦੋ ਫੀਸਦੀ ਹੀ ਖਾਲਿਸਤਾਨ ਦਾ ਸਮਰਥਨ ਕਰਦੇ ਹਨ, ਪੰਜਾਬ ਦੀ ਧਰਤੀ ਦੀ ਤਾਂ ਇਹ ਮੰਗ ਹੈ ਹੀ ਨਹੀਂ। ਇਸ ਬਾਰੇ ਬ੍ਰਿਟਿਸ਼ ਕੋਲੰਬੀਆ ਦੇ ਸਾਬਕਾ ਪ੍ਰੀਮੀਅਰ (ਮੁੱਖ ਮੰਤਰੀ) ਉਜਲ ਦੁਸਾਂਝ

ਜਗੀਰ ਸਿੰਘ ਜਗਤਾਰ

ਨੇ ਢੁਕਵਾਂ ਪ੍ਰਤੀਕਰਮ ਦਿੱਤਾ ਹੈ। ਉਨ੍ਹਾ ਕਿਹਾ ਹੈ ਕਿ ਕੈਨੇਡਾ ਦੀ ਦੋ ਫੀਸਦੀ ਸਿੱਖ ਵਸੋਂ ਖਾਲਿਸਤਾਨ ਦੀ ਗੱਲ ਕਰਦੀ ਹੈ। ਉਨ੍ਹਾ ਕਿਹਾ ਕਿ ਕੈਨੇਡਾ ਸਰਕਾਰ ਉਹਨਾਂ ਨੂੰ ਅਲਬਰਟਾ ਜਾਂ ਸੰਸਕੋਚੂਅਨ ਵਿਚ ਖਾਲਿਸਤਾਨ ਦੇ ਦੇਵੇ। ਉੱਜਲ ਦੁਸਾਂਝ ਨੇ ਇੱਕ ਇੰਟਰਵਿਊ ਵਿਚ ਕਿਹਾ ਹੈ ਕਿ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਸੰਸਦ ਵਿਚ ਭਾਰਤ ਬਾਰੇ ਜੋ ਬਿਆਨ ਦਿੱਤਾ ਹੈ, ਉਹਨਾ ਪਾਸ ਉਸ ਦਾ ਕੋਈ ਆਧਾਰ ਹੋਵੇਗਾ, ਪਰ ਮੇਰੀ ਚਿੰਤਾ ਹੈ ਕਿ ਉਹਨਾਂ ਇਸ ਸੰਬੰਧੀ ਕੋਈ ਸਬੂਤ ਸਾਹਮਣੇ ਨਹੀਂ ਰੱਖਿਆ। ਜੇ ਰਾਇਲ ਕੈਨੇਡੀਅਨ ਮਾਊਂਟਿਡ ਪੁਲਸ ਜਾਂਚ ਪੂਰੀ ਕਰਕੇ ਚਾਰਜ ਫਰੇਮ ਕਰ ਲੈਂਦੀ, ਉਸ ਤੋਂ ਬਾਅਦ ਪ੍ਰਧਾਨ ਮੰਤਰੀ ਬਿਆਨ ਜਾਰੀ ਕਰਦੇ ਤਾਂ ਉਹ ਬਹੁਤ ਬਿਹਤਰ ਹੁੰਦਾ। ਵਰਤਮਾਨ ਸਥਿਤੀ ਵਿਚ ਜੇ ਇਹ ਦੋਸ਼ ਠੀਕ ਹਨ, ਹਰਦੀਪ ਸਿੰਘ ਨਿੱਝਰ ਦੀ ਹੱਤਿਆ ਪਿੱਛੇ ਭਾਰਤੀ ਏਜੰਸੀਆਂ ਦਾ ਹੱਥ ਹੈ ਤਾਂ ਮੈਂ ਇਸ ਦੀ ਨਿਖੇਧੀ ਕਰਦਾ ਹਾਂ। ਉਹਨਾਂ ਕਿਹਾ ਕਿ ਕੈਨੇਡਾ ਵਿਚ 1970 ਦੇ ਦਹਾਕੇ ਵਿਚ ਜਗਜੀਤ ਸਿੰਘ ਚੌਹਾਨ ਨੇ ਕੈਨੇਡਾ ਵਿਚ ਇਸ ਦੀ ਸ਼ੁਰੂਆਤ ਕੀਤੀ ਸੀ, ਜਿਸ ਨੂੰ ਬਹੁਤਾ ਹੁੰਗਾਰਾ ਨਹੀਂ ਮਿਲਿਆ। ਕੈਨੇਡਾ 'ਚ ਲੋਕ ਇਕੱਠੇ ਰਹਿੰਦੇ, ਖਾਂਦੇ-ਪੀਂਦੇ ਅਤੇ ਕੰਮ ਕਰਦੇ ਹਨ। ਉਹਨਾਂ ਦੇ ਵੱਖ-ਵੱਖ ਭਾਈਚਾਰਿਆਂ ਵਿਚ ਦੋਸਤ ਤੇ ਰਿਸ਼ਤੇਦਾਰ ਹਨ। ਉਹ ਗੁਰਦੁਆਰਿਆਂ ਵਿਚ ਨਮਸਕਾਰ ਕਰਨ ਜਾਂਦੇ ਹਨ ਅਤੇ ਸਮਾਜਿਕ ਕੰਮ ਕਰਦੇ ਹਨ।

ਉਹਨਾ ਕਿਹਾ ਕਿ ਕੁਝ ਲੋਕ ਗੁਰਦੁਆਰਿ

6-OCT-PAGE-5.qxd 10/5/2023 10:40 PM Page 1

ਮਨਰੇਗਾ ਤੇ ਉਸਾਰੀ ਮਜ਼ਦੂਰਾਂ ਵੱਲੋਂ ਸਾਂਝੇ ਤੌਰ 'ਤੇ ਵਿਸ਼ਾਲ ਕਾਨਫਰੰਸ

- ਡੀ ਸੀ ਦਫਤਰ ਤੱਕ ਮਾਰਚ ਕਰ ਸੌਂਪਿਆ ਡੀ ਸੀ ਨੂੰ ਮੰਗ ਪੱਤਰ
- ਜਥੇਬੰਦੀ ਦੀ ਪ੍ਰਸ਼ਾਸਨ ਨਾਲ ਮੀਟਿੰਗ ਭਲਕੇ

ਸੰਗਰੂਰ (ਪ੍ਰਵੀਨ ਸਿੰਘ)

ਸੁਤੰਤਰ ਭਵਨ ਸੰਗਰੂਰ ਵਿਖੇ ਮਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਤੇ ਉਸਾਰੀ ਵਰਕਰ ਐਂਡ ਲੇਬਰ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਇੱਕ ਵਿਸ਼ਾਲ ਕਾਨਫਰੰਸ ਕੀਤੀ ਗਈ। ਇਸ ਕਾਨਫਰੰਸ ਦੀ ਅਗਵਾਈ ਭਰਪੂਰ ਸਿੰਘ ਬੁਲਾਂਪੁਰ, ਲੀਲੇ ਖਾਂ, ਗੁਰਮੇਲ ਸਿੰਘ, ਨਵਦੀਪ ਸਿੰਘ, ਕਿਰਨ ਕੌਰ, ਬਲਜੀਤ ਕੌਰ ਦੇ ਅਧਾਰਤ ਪ੍ਰਧਾਨਗੀ ਮੰਡਲ ਵੱਲੋਂ ਕੀਤੀ ਗਈ। ਇਸ ਸਮੇਂ ਮੁੱਖ ਬੁਲਾਰੇ ਵਜੋਂ ਕਾਮਰੇਡ ਜਗਰੂਪ ਸਿੰਘ, ਸਲਾਹਕਾਰ ਮਨਰੇਗਾ ਵਰਕਰਜ਼ ਤੇ ਸੁਖਦੇਵ ਸ਼ਰਮਾ ਜਨਰਲ ਸਕੱਤਰ ਕੰਸਟਰਕਸ਼ਨ ਵਰਕਰਜ਼ ਤੇ ਲੇਬਰ ਯੂਨੀਅਨ, ਕਸ਼ਮੀਰ ਸਿੰਘ ਪ੍ਰਧਾਨ ਮਨਰੇਗਾ ਵਰਕਰ ਨੇ ਸਾਂਝੇ ਤੌਰ 'ਤੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਨਰੇਗਾ ਦਾ ਕਾਨੂੰਨ 2005 ਵਿੱਚ ਬਣਨ ਦੇ ਬਾਵਜੂਦ ਕਾਨੂੰਨ ਮੁਤਾਬਕ 100 ਦਿਨਾਂ ਦਾ ਕੰਮ ਨਹੀਂ ਦਿੱਤਾ ਜਾਂਦਾ। ਇਸ ਉਪਰੰਤ ਆਗੂਆਂ ਨੇ ਦੱਸਿਆ ਕਿ ਇਸ ਕਾਨੂੰਨ ਤਹਿਤ ਕੰਮ ਦੇਣਾ ਨਹੀਂ ਵਰਕਰਾਂ ਨੇ ਮੰਗਣਾ ਹੈ, ਪਰ ਸਰਕਾਰਾਂ ਕੰਮ ਮੰਗਣ 'ਤੇ ਵੀ ਕੰਮ ਨਹੀਂ ਦਿੰਦੀਆਂ ਤੇ ਨਾ ਹੀ ਬੇਰੁਜ਼ਗਾਰੀ ਭੱਤਾ ਦਿੱਤਾ ਜਾਂਦਾ, ਸਗੋਂ 14 ਦਿਨਾਂ ਦਾ ਕੰਮ ਮੰਗਣ 'ਤੇ ਇੱਕ ਹਫਤਾ ਕੰਮ ਦੇ ਕੇ ਬੰਦ ਕਰ ਦਿੱਤਾ ਜਾਂਦਾ ਹੈ।

ਇਸੇ ਤਰ੍ਹਾਂ ਉਸਾਰੀ ਕਾਮਿਆਂ ਦੀ ਮੌਤ ਹੋਣ ਉਪਰੰਤ ਐਕਸ ਗਰੇਸ਼ੀਆ ਦੀ ਰਕਮ 3 ਲੱਖ ਤੋਂ ਘਟਾ ਕੇ 2 ਲੱਖ ਕਰ ਦਿੱਤੀ ਗਈ ਹੈ, ਜੋ ਕਿ ਬਿਲਕੁਲ ਹੀ ਗਲਤ ਹੈ, ਚਾਹੀਦਾ ਇਹ ਸੀ ਕਿ ਇਸ ਵਿੱਚ ਹੋਰ ਵਾਧਾ ਕੀਤਾ ਜਾਂਦਾ। ਆਫ ਲਾਈਨ ਕੋਸਾਂ ਦਾ ਨਿਪਟਾਰਾ ਨਹੀਂ ਕੀਤਾ ਜਾ ਰਿਹਾ। ਅੱਜ ਇਸ ਇਕੱਠ ਨੇ ਸਰਕਾਰ ਵੱਲੋਂ 8 ਘੰਟੇ ਦਿਹਾੜੀ ਤੋਂ ਵਧਾ ਕੇ 12 ਘੰਟੇ ਕਰਨ ਦੀ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਦੀ ਸਰਕਾਰ ਭਗਤ ਸਿੰਘ ਦੇ ਵਿਚਾਰਾਂ ਦਾ ਦਮ ਭਰਦੀ ਹੈ, ਪਰ ਭੁਗਤਦੀ ਕਾਰਪੋਰੇਟ ਦੇ ਹੱਕ ਵਿੱਚ ਹੈ। ਉਨ੍ਹਾਂ ਮੰਗ ਕੀਤੀ ਕਿ ਵੱਧ ਉਤਪਾਦਕਾਂ ਦੇ ਸਿੱਟੇ ਵਜੋਂ ਦਿਹਾੜੀ 6 ਘੰਟੇ ਕਰਨੀ ਚਾਹੀਦੀ ਹੈ ਤੇ ਅੱਗੇ ਮੰਗ ਕਰਦਿਆਂ ਕਿਹਾ ਕਿ 398 ਰੁਪਏ ਪੰਜਾਬ ਸਰਕਾਰ ਦੀ ਘੱਟੋ ਘੱਟ ਉਜ਼ਰਤ ਮੁਤਾਬਕ ਦਿਹਾੜੀ ਦਿੱਤੀ ਜਾਣੀ ਚਾਹੀਦੀ ਹੈ। ਜਦੋਂ ਕਿ ਪੰਜਾਬ ਵਿੱਚ ਦਿਹਾੜੀ 303 ਰੁਪਏ ਦੇ ਹਿਸਾਬ ਨਾਲ ਦਿੱਤੀ ਜਾ ਰਹੀ ਹੈ, ਜੋ ਕਿਰਤੀਆਂ ਦੀ ਸਿੱਧੀ ਲੁੱਟ ਹੈ। ਉਨ੍ਹਾਂ ਕਿਹਾ ਕਿ ਘੱਟੋ ਘੱਟ 200 ਦਿਨ ਕੰਮ ਦਿੱਤਾ ਜਾਵੇ। ਇਸ ਉਪਰੰਤ ਸੁਤੰਤਰ ਭਵਨ ਤੋਂ ਸਮੁੱਚੇ ਕਿਰਤੀਆਂ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪੇਂਡੂ ਦਿਹਾੜੀਦਾਰ ਔਰਤਾਂ ਨੇ ਸ਼ਮੂਲੀਅਤ ਕੀਤੀ ਤੇ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਦੇਣ ਲਈ ਡਿਪਟੀ ਕਮਿਸ਼ਨਰ ਸੰਗਰੂਰ ਦੇ ਦਫਤਰ ਤੱਕ ਮਾਰਚ ਕੀਤਾ। ਇਸ ਉਪਰੰਤ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇ ਕੇ ਮੰਗਾਂ ਸਬੰਧੀ ਸਮਾਂ ਨਿਰਧਾਰਤ ਕਰਾਇਆ ਗਿਆ, ਜਿਸ ਅਨੁਸਾਰ ਹੁਣ ਡਿਪਟੀ ਕਮਿਸ਼ਨਰ ਨਾਲ ਮੰਗਾਂ ਸਬੰਧੀ ਮੀਟਿੰਗ 9 ਅਕਤੂਬਰ (ਸੋਮਵਾਰ) ਵਾਲੇ ਦਿਨ ਹੋਵੇਗੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਮੁਹੰਮਦ ਖਲੀਲ, ਜਗਦੇਵ ਸਿੰਘ ਬਾਹੀਆ, ਕ੍ਰਿਸ਼ਨ ਭਡੜੇ ਏਟਕ ਆਗੂਆਂ ਤੋਂ ਇਲਾਵਾ ਉਸਾਰੀ ਆਗੂ ਪ੍ਰਦੀਪ ਸ਼ਰਮਾ, ਪੈਪਸੀ ਕੋ. ਆਗੂ ਬਿਕਰਮਜੀਤ ਸਿੰਘ ਪ੍ਰਧਾਨ, ਕਰਮਜੀਤ ਸਿੰਘ ਡਿਸਟਿਲਰੀ ਵਰਕਰਜ਼ ਨੇ ਵੀ ਸੰਬੋਧਨ ਕੀਤਾ। ਅੰਤ ਵਿੱਚ ਭਰਪੂਰ ਸਿੰਘ ਬੁਲਾਂਪੁਰ ਨੇ ਧੰਨਵਾਦ ਕਰਦਿਆਂ ਕਿਹਾ ਕਿ ਕਿਰਤੀਆਂ ਦੀ ਲੁੱਟ ਬੰਦ ਕੀਤੀ ਜਾਵੇ ਤੇ 6 ਘੰਟੇ ਦੀ ਦਿਹਾੜੀ ਕਾਨੂੰਨ ਦੁਆਰਾ ਪਾਸ ਕਰਕੇ ਲਾਗੂ ਕੀਤਾ ਜਾਵੇ।

ਨਸ਼ਾ ਤਸਕਰ ਨੂੰ ਜਾਇਦਾਦ ਜ਼ਬਤ ਕਰਨ ਦਾ ਦਿੱਤਾ ਨੋਟਿਸ

ਜ਼ੀਰਾ (ਨਰਿੰਦਰ ਅਨੇਜਾ)-ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਐੱਸ ਪੀ ਗੁਰਦੀਪ ਸਿੰਘ ਨੇ ਦੱਸਿਆ ਕਿ ਐੱਨ. ਡੀ. ਪੀ. ਐੱਸ. 68 ਐਕਟ ਦੇ ਅਧੀਨ ਜੋ ਵੀ ਕੋਈ ਨਸ਼ਾ ਤਸਕਰ ਕਿਸੇ ਵੀ ਤਰ੍ਹਾਂ ਨਸ਼ਾ ਵੇਚ ਕੇ ਜ਼ਮੀਨ ਜਾਇਦਾਦ ਬਣਾਉਂਦਾ ਹੈ, ਉਸ ਨੂੰ ਸਰਕਾਰ ਆਪਣੀ ਪ੍ਰੌਪਰਟੀ ਨਾਲ ਅਟੈਚ ਕਰ ਸਕਦੀ ਹੈ। ਇਸ ਐਕਟ ਅਧੀਨ ਬਿੱਟੂ ਸਿੰਘ ਪੁੱਤਰ ਗੇਜਾ ਸਿੰਘ ਮੁਹੱਲਾ ਸਮਾਧੀ ਰੋਡ ਜ਼ੀਰਾ ਵਿਖੇ ਜਿਸ ਉਪਰ ਇੱਕ ਹਜ਼ਾਰ ਨਸ਼ੇ ਦੀ ਗੋਲੀ ਦਾ ਮੁਕੱਦਮਾ ਦਰਜ ਹੈ ਤੇ ਉਸ ਉਪਰ ਹੋਰ ਵੀ ਕਈ ਮੁਕੱਦਮੇ ਦਰਜ ਹਨ, ਜੋ ਕਿ ਅਜੇ ਵੀ ਉਹ ਜੇਲ੍ਹ ਦੇ ਅੰਦਰ ਹੈ ਤੇ ਇਸ ਕੋਲ ਕੋਈ ਵੀ ਕਮਾਈ ਦਾ ਸਾਧਨ ਨਹੀਂ, ਪਰ ਇਸ ਨੇ ਆਪਣੀ ਕੋਠੀ ਉੱਪਰ ਕਰੀਬ 10 ਤੋਂ 12 ਲੱਖ ਦੇ ਕਰੀਬ ਪੈਸੇ ਲਗਾਏ ਹੋਏ ਹਨ, ਇਸ ਤੋਂ ਪਤਾ ਚੱਲਦਾ ਹੈ ਕਿ ਇਸ ਨੇ ਜੋ ਵੀ ਜ਼ਮੀਨ ਜਾਇਦਾਦ ਬਣਾਈ, ਨਸ਼ੇ ਤਸਕਰੀ ਨਾਲ ਹੀ ਬਣਾਈ ਹੈ। ਇਸੇ ਤਹਿਤ ਐੱਸ ਐੱਚ ਓ ਜਤਿੰਦਰ ਸਿੰਘ ਥਾਣਾ ਸਿਟੀ ਜ਼ੀਰਾ ਨੇ ਕੰਪੀਟੈਂਟ ਅਥਾਰਟੀ ਦਿੱਲੀ ਨੂੰ ਰਿਪੋਰਟ ਭੇਜੀ ਸੀ, ਜਾਂਚ ਤੋਂ ਬਾਅਦ ਬਿੱਟੂ ਪੁੱਤਰ ਗੇਜਾ ਸਿੰਘ ਦੀ ਜਾਇਦਾਦ ਨੂੰ ਸਰਕਾਰੀ ਜਾਇਦਾਦ ਨਾਲ ਅਟੈਚ ਕਰਨ ਦੇ ਹੁਕਮ ਦਿੱਤੇ। ਕੰਪੀਟੈਂਟ ਅਥਾਰਟੀ ਦੇ ਹੁਕਮ ਦੀ ਪਾਲਣਾ ਕਰਦੇ ਹੋਏ ਅੱਜ ਡੀ ਐੱਸ ਪੀ ਜ਼ੀਰਾ ਤੇ ਐੱਸ ਐੱਚ ਓ ਜਤਿੰਦਰ ਸਿੰਘ ਤੇ ਏ.ਐੱਸ.ਆਈ.ਰੇਸਮ ਸਿੰਘ ਉਨ੍ਹਾਂ ਦੇ ਘਰ ਬਾਹਰ ਸਰਕਾਰੀ ਜ਼ਮੀਨ ਨਾਲ ਅਟੈਚ ਕਰਨ ਦਾ ਨੋਟਿਸ ਚਿਪਕਾ ਦਿੱਤਾ। ਉਹ ਹੁਣ ਇਸ ਜਮੀਨ ਨੂੰ ਕਿਸੇ ਨੂੰ ਵੇਚ ਨਹੀਂ ਸਕਦੇ। ਡੀਐੱਸਪੀ ਜ਼ੀਰਾ ਨੇ ਹੋਰ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਕੋਈ ਵੀ ਆਦਮੀ ਕਿਸੇ ਤਰ੍ਹਾਂ ਦਾ ਵੀ ਨਸ਼ਾ ਨਾ ਵੇਚੇ ਨਹੀਂ ਤਾਂ ਇਸੇ ਤਰ੍ਹਾਂ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਜਬਤ ਕਰ ਲਈਆਂ ਜਾਣਗੀਆਂ ਤੇ ਉਨ੍ਹਾਂ ਦੇ ਉੱਪਰ ਪਰਚਾ ਦਰਜ ਕਰਕੇ ਜੇਲ੍ਹ ਦੀਆਂ ਸਲਾਖਾਂ ਵਿੱਚ ਸੁੱਟ ਦਿੱਤਾ ਜਾਵੇਗਾ।

ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ ਦੀ ਮੀਟਿੰਗ

ਨਛੱਤਰ ਧਾਲੀਵਾਲ ਦੀ ਬਰਸੀ ਮਨਾਉਣ ਸੰਬੰਧੀ ਕੀਤੀਆਂ ਵਿਚਾਰਾਂ

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਗਦੀਸ਼ ਸਿੰਘ ਚਾਹਲ।

ਮੋਗਾ (ਅਮਰਜੀਤ ਬੱਬਰੀ)-ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ ਬਰਾਂਚ ਮੋਗਾ ਦੀ ਅਹਿਮ ਮੀਟਿੰਗ ਸ਼ਹੀਦ ਬਾਈ ਨਛੱਤਰ ਧਾਲੀਵਾਲ ਭਵਨ ਮੋਗਾ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਡਿੱਪੂ ਪ੍ਰਧਾਨ ਜਗਪਾਲ ਸਿੰਘ ਵੱਲੋਂ ਕੀਤੀ ਗਈ। ਉਚੇਚੇ ਤੌਰ 'ਤੇ ਇਸ ਮੀਟਿੰਗ ਵਿੱਚ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਜਗਦੀਸ਼ ਸਿੰਘ ਚਾਹਲ ਸ਼ਾਮਲ ਹੋਏ। ਮੀਟਿੰਗ ਦਾ ਮੁੱਖ ਏਜੰਡਾ 21 ਅਕਤੂਬਰ ਨੂੰ ਕਿਰਤੀਆਂ ਦੇ ਮਹਿਬੂਬ ਆਗੂ ਕਾ. ਨਛੱਤਰ ਧਾਲੀਵਾਲ ਦੀ ਬਰਸੀ ਮਨਾਉਣ ਸਬੰਧੀ ਤਿਆਰੀ ਕਰਨਾ ਸੀ। ਜਥੇਬੰਦੀ ਦੇ ਸੂਬਾ ਡਿਪਟੀ ਜਨਰਲ ਸਕੱਤਰ ਕ. ਗੁਰਜੰਟ ਕੋਕਰੀ ਨੇ ਬੋਲਦਿਆਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਸਰਬੱਤ ਦੇ ਭਲੇ ਤੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਆਪਣੀ ਜ਼ਿੰਦਗੀ ਗੁਜ਼ਾਰੀ ਹੋਵੇ, ਉਹ ਲੋਕ ਨਾਇਕ ਹੁੰਦੇ ਹਨ। ਏਸੇ ਕਰਕੇ ਅੱਜ 35 ਸਾਲ ਲੰਘਣ ਉਪਰੰਤ ਵੀ ਰੋਡਵੇਜ਼ ਕਾਮੇ ਹਰ ਸਾਲ ਆਪਣੇ ਆਗੂ ਦੀ ਬਰਸੀ ਸ਼ਾਨ ਨਾਲ ਮਨਾਉਂਦੇ ਹਨ। ਰੋਡਵੇਜ਼ ਸਮੇਤ ਹਰ ਵਿਭਾਗ ਹਰ ਖੇਤਰ ਦੇ ਕਿਰਤੀ ਇਸ ਬਰਸੀ ਸਮਾਗਮ ਵਿੱਚ ਵਧ ਚੜ੍ਹ ਲੈ ਹਿੱਸਾ ਲੈਂਦੇ ਹਨ। ਅੱਜ ਮੋਗਾ ਡਿੱਪੂ ਦੇ ਕਾਮਿਆਂ ਨੇ ਜਿੱਥੇ ਇਸ ਬਰਸੀ ਸਬੰਧੀ ਤਿਆਰੀ ਕਮੇਟੀਆਂ ਦਾ ਗਠਨ ਕੀਤਾ, ਉਥੇ ਹੀ ਫ਼ੰਡ ਵੀ ਇਕੱਤਰ ਕੀਤਾ ਗਿਆ।

ਸੂਬਾ ਸਕੱਤਰ ਜਗਦੀਸ਼ ਚਾਹਲ ਨੇ ਹਾਜ਼ਰ ਸਾਥੀਆਂ ਨੂੰ ਸ਼ਹੀਦ ਨਛੱਤਰ ਧਾਲੀਵਾਲ ਦੇ ਜੀਵਨ ਤੇ ਸ਼ਹਾਦਤ ਬਾਰੇ ਗੱਲ ਕਰਦੇ ਹੋਏ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ। ਮੁਲਾਜ਼ਮਾਂ ਦੀਆਂ ਵਾਜਿਬ ਮੰਗਾਂ ਜਿਵੇਂ ਪੁਰਾਣੀ ਪੈਨਸ਼ਨ ਲਾਗੂ ਕਰਵਾਉਣੀ, ਕੱਚੇ ਕਾਮੇ ਪੱਕੇ ਕਰਨੇ, ਰੋਡਵੇਜ਼ ਲਈ ਫ਼ੰਡ ਜਾਰੀ ਕਰਨੇ, ਖਾਲੀ ਅਸਾਮੀਆਂ ਭਰਨ ਬਾਰੇ ਸੰਘਰਸ਼ ਲਈ ਤਿਆਰ ਰਹਿਣ ਬਾਰੇ ਅਪੀਲ ਵੀ ਕੀਤੀ। ਇਸ ਮੀਟਿੰਗ ਵਿੱਚ ਸੈਂਟਰ ਆਗੂ ਗੁਰਦੀਪ ਮੁੱਲਾਂਪੁਰ, ਸਕੱਤਰ ਮਨਦੀਪ ਮਖੂ, ਗੁਰਪ੍ਰੀਤ ਸਿੰਘ ਧੂੜ, ਜੁਗਰਾਜ ਬੁੱਟਰ, ਜਸਬੀਰ ਸਿੰਘ, ਪਰਮਿੰਦਰ ਸੋਮੀ, ਮੱਖਣ ਸਿੰਘ, ਮਨਪ੍ਰੀਤ ਸਿੰਘ ਤੇ ਸਮੂਹ ਡਿੱਪੂ ਦੇ ਸਾਥੀ ਹਾਜ਼ਰ ਸਨ।

ਕਾਤਰਾਂ

ਭਾਈ ਬਹਿਲੋ ਜੀ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਭਲਕ ਤੋਂ

ਬੁਢਲਾਡਾ (ਅਸ਼ੋਕ ਲਾਕੜਾ)-ਭਾਈ ਬਹਿਲੋ ਸਭ ਤੋਂ ਪਹਿਲੋਂ ਦੀ ਯਾਦ ਵਿੱਚ ਪਿੰਡ ਫਫੜੇ ਭਾਈਕੇ ਵਿਖੇ ਸਾਲਾਨਾ ਜੋੜ ਮੇਲਾ 7, 8 ਤੇ 9 ਅਕਤੂਬਰ ਨੂੰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਦੇਵ ਸਿੰਘ ਬਾਦਲ ਨੇ ਦੱਸਿਆ ਕਿ ਇਸ ਮੌਕੇ ਗੁਰੂ ਘਰ ਦੇ ਪ੍ਰਮੁੱਖ ਕੀਰਤਨੀਏ ਗੁਰਬਾਣੀ ਤੇ ਮਨੋਹਰ ਕੀਰਤਨ ਰਾਹੀਂ ਗੁਰੂ ਜਸ ਸਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਸ੍ਰ ਬਲਦੇਵ ਸਿੰਘ ਕਾਇਮਪੁਰ ਤੇ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਨੂੰ ਮੁੱਖ ਸੱਦਾ ਦਿੱਤਾ ਗਿਆ ਹੈ। ਇਸ ਮੌਕੇ ਗੁਰੂ ਦਾ ਮਹਾਨ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਅੱਧਾ ਕਿੱਲੋ ਅਫ਼ੀਮ ਸਮੇਤ ਕਾਬੂ

ਮਲੋਟ (ਗੁਰਮੀਤ ਸਿੰਘ ਮੱਕੜ)-ਸਥਾਨਕ ਥਾਣਾ ਸਿਟੀ ਪੁਲਸ ਨੇ ਅਫ਼ੀਮ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਗਸ਼ਤ ਦੌਰਾਨ ਤਿਕੋਣੀ ਚੌਕ ਮੌਜੂਦ ਸੀ ਤਾਂ ਮੁਕਤਸਰ ਰੋਡ ਵੱਲੋਂ ਇੱਕ ਵਿਅਕਤੀ ਗੁਰਮੀਤ ਸਿੰਘ ਵਾਸੀ ਢਾਣੀ ਈਨਾ ਖੇੜਾ ਮੋਟਰਸਾਈਕਲ 'ਤੇ ਸਵਾਰ ਹੋ ਕੇ ਆ ਰਿਹਾ ਸੀ ਤਾਂ ਪੁਲਸ ਨੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ ਜੋ ਇੱਕਦਮ ਘਬਰਾ ਕੇ ਮੋਟਰਸਾਈਕਲ ਪਿੱਛੇ ਨੂੰ ਮੋੜਣ ਲੱਗਾ, ਜਿਸ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ 500 ਗ੍ਰਾਮ ਅਫ਼ੀਮ ਬਰਾਮਦ ਹੋਈ। ਪੁਲਸ ਨੇ ਉਕਤ ਵਿਅਕਤੀ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਮਿੱਤਲ ਬੂਟ ਹਾਊਸ 'ਚ ਚੋਰੀ

ਬਾਘਾ ਪੁਰਾਣਾ (ਮਨੀ ਸਿੰਗਲਾ)-ਬੀਤੀ ਰਾਤ ਚੋਰਾਂ ਵੱਲੋਂ ਕੋਟਕਪੂਰਾ ਰੋਡ ਬੱਸ ਸਟੈਂਡ ਸਾਹਮਣੇ ਸਥਿਤ ਮਿੱਤਲ ਬੂਟ ਹਾਊਸ ਦੀ ਦੁਕਾਨ 'ਚੋਂ ਉਪਰਲੇ ਪਾਸਿਉਂ ਸ਼ਟਰ ਦੇ ਜਿੰਦਰੇ ਭੰਨ ਕੇ ਚੋਰੀ ਹੋਣ ਦਾ ਸਮਾਚਾਰ ਹੈ। ਦੁਕਾਨ ਮਾਲਕਾਂ ਨੇ ਦੱਸਿਆ ਕਿ ਚੋਰਾਂ ਨੇ ਗੱਲੇ 'ਚ ਪਈ ਨਗਦੀ ਤੇ ਮੰਦਿਰ 'ਚ ਪਏ ਪੈਸੇ ਵੀ ਨਹੀਂ ਛੱਡੇ। ਦੁਕਾਨ ਮਾਲਕ ਦੀਪਕ ਨੇ ਕਿਹਾ ਕਿ ਜਦੋਂ ਮੈਂ ਰਾਤ 10:30 ਵਜੇ ਆਪਣੇ ਮੋਬਾਇਲ 'ਤੇ ਕੈਮਰੇ ਦੇਖੇ ਤਾਂ ਸੀ.ਸੀ.ਟੀ.ਵੀ ਕੈਮਰੇ ਸਹੀ ਚੱਲ ਰਹੇ ਸੀ, ਪਰ ਜਦੋਂ ਸਵੇਰੇ ਦੁਕਾਨ ਦਾ ਸ਼ਟਰ ਖੋਲ੍ਹਿਆਂ ਤਾਂ ਸਾਰੇ ਦੇ ਸਾਰੇ ਕੈਮਰੇ ਭੰਨੇ ਹੋਏ ਸੀ ਤੇ ਉਪਰਲਾ ਸ਼ਟਰ ਵੀ ਖੁੱਲ੍ਹਾ ਸੀ। ਦੁਕਾਨਦਾਰਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚੋਰਾਂ ਨੂੰ ਜਲਦੀ ਫੜ ਕੇ ਜੇਲ ਭੇਜਿਆ ਜਾਵੇ ਤਾਂ ਕਿ ਇਹ ਚੋਰੀ ਦੁਬਾਰਾ ਨਾ ਕਰ ਸਕਣ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਮੰਡਲ ਪ੍ਰਧਾਨ ਦੀਪਕ ਤਲਵਾੜ ਤੇ ਦੁਕਾਨਦਾਰ ਆਸ਼ੂ ਭੰਡਾਰੀ ਵੀ ਹਾਜ਼ਰ ਸਨ।

ਨਿਊਜ਼ ਕਲਿੱਕ ਦੇ ਪੱਤਰਕਾਰਾਂ ਦੇ ਟਿਕਾਣਿਆਂ 'ਤੇ ਛਾਪੇਮਾਰੀ ਲੋਕਤੰਤਰ ਦਾ ਘਾਣ : ਛਾਜਲੀ

ਸੰਗਰੂਰ (ਪ੍ਰਵੀਨ ਸਿੰਘ)-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਨੇ ਦਿੱਲੀ ਪੁਲਸ ਤੇ ਕੇਂਦਰੀ ਏਜੰਸੀਆਂ ਵੱਲੋਂ ਆਨਲਾਇਨ ਵੈਬ ਪੋਰਟਲ 'ਨਿਊਜ਼ ਕਲਿੱਕ' ਦੇ ਪੱਤਰਕਾਰਾਂ ਦੇ ਘਰਾਂ 'ਚ ਕੀਤੀ ਛਾਪੇਮਾਰੀ ਕਰਕੇ 10 ਦੇ ਕਰੀਬ ਉੱਘੇ ਪੱਤਰਕਾਰਾਂ ਨੂੰ ਹਿਰਾਸਤ ਵਿੱਚ ਲੈਣ ਦੀ ਸਖਤ ਨਿੰਦਾ ਕੀਤੀ ਹੈ।

ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਕਾਮਰੇਡ ਗੋਬਿੰਦ ਸਿੰਘ ਛਾਜਲੀ ਵੱਲੋਂ ਆਪਣੇ ਜਾਰੀ ਕੀਤੇ ਬਿਆਨ 'ਚ ਕਿਹਾ ਗਿਆ ਕਿ ਇਹ ਛਾਪੇਮਾਰੀ ਉਰਮਿਲੇਸ਼, ਅਭਿਸਾਰ ਸ਼ਰਮਾ ਤੇ ਭਾਸ਼ਾ ਸਿੰਘ ਵਰਗੇ ਜਾਣੇ ਪਹਿਚਾਣੇ ਪੱਤਰਕਾਰਾਂ ਦੇ ਘਰਾਂ 'ਤੇ ਕੀਤੀ ਗਈ ਹੈ, ਜਿਸ ਤੋਂ ਜ਼ਾਹਰ ਹੈ ਕਿ ਬਹਾਨਾ ਕੋਈ ਵੀ ਹੋਵੇ, ਪਰ ਨਿਊਜ਼ ਕਲਿੱਕ ਅਤੇ ਇਹ ਲੋਕ ਅਪਣੀ ਨਿੱਡਰ ਸੋਚ ਤੇ ਨਿਰਪੱਖ ਕਵਰੇਜ ਕਾਰਨ ਲੰਬੇ ਅਰਸੇ ਤੋਂ ਮੋਦੀ ਸਰਕਾਰ ਦੀਆਂ ਅੱਖਾਂ ਵਿੱਚ ਰੜਕਦੇ ਆ ਰਹੇ ਸੀ। ਦਿੱਲੀ ਪੁਲਸ ਨੇ ਛਾਪਾਮਾਰੀ ਦੌਰਾਨ ਇਨ੍ਹਾਂ ਪੱਤਰਕਾਰਾਂ ਦੇ ਫੋਨ ਤੇ ਲੈਪਟਾਪ ਜਬਤ ਕਰ ਲਏ ਹ

page-6-6-(OCTO)-2023-G-(BV).qxd 10/5/2023 10:27 PM Page 1

ਜ਼ਿਲ੍ਹੇ ਦੀਆਂ ਅਦਾਲਤਾਂ 'ਚ 9 ਦਸੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ

ਗੁਰਦਾਸਪੁਰ (ਜਨਕ ਮਹਾਜਨ)- ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਜ਼ਿਲ੍ਹੇ ਵਿਚ ਅਗਲੀ ਕੌਮੀ ਲੋਕ ਅਦਾਲਤ 9 ਦਸੰਬਰ ਨੂੰ ਲਗਾਈ ਜਾਵੇਗੀ। ਰਾਸ਼ਟਰੀ ਲੋਕ ਅਦਾਲਤ ਦੀਆਂ ਤਿਆਰੀਆਂ ਸਬੰਧੀ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵਲੋਂ ਅੱਜ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿਚ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਐੱਸ.ਐੱਸ.ਪੀ. ਗੁਰਦਾਸਪੁਰ ਹਰੀਸ਼ ਦਾਯਮਾ, ਐੱਸ.ਐੱਸ.ਪੀ. ਬਟਾਲਾ ਮੈਡਮ ਅਸ਼ਵਨੀ ਗੋਟਿਆਲ, ਸੁਮਿਤ ਭੱਲਾ, ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ, ਏ.ਡੀ.ਏ. ਵਿਕਰਮ ਕਸ਼ਯਪ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਨਰੇਸ਼ ਠਾਕੁਰ, ਸਮਾਜ ਸੇਵੀ ਨੀਲਮ ਮਹੰਤ, ਸਮਾਜ ਸੇਵੀ ਜਗਰੂਪ ਸਿੰਘ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ। 9 ਦਸੰਬਰ ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਜਾਣਕਾਰੀ ਦਿੰਦਿਆਂ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 138 ਐੱਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਇਟ ਪਲੈਨ ਆਦਿ, ਸਾਰੇ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐੱਮ.ਏ.ਸੀ.ਟੀ. (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਵੀ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਤ ਕੋਰਟ ਵਿੱਚ ਜਾਂ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫ਼ਤਰ ਦੇ ਕਮਰਾ ਨੰਬਰ 102 ਵਿਖੇ ਦੇ ਸਕਦਾ ਹੈ। ਉਨਾਂ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫੈਸਲਾ ਅੰਤਿਮ ਹੁੰਦਾ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ 1 ਅਕਤੂਬਰ ਤੋਂ 31 ਅਕਤੂਬਰ ਤੱਕ ਨਸ਼ਿਆਂ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਤਹਿਤ 7 ਅਕਤੂਬਰ ਨੂੰ ਸ਼ਾਮ 6:00 ਵਜੇ ਗੁਰਦਾਸਪੁਰ ਸ਼ਹਿਰ ਵਿੱਚ ਮਿੰਨੀ ਮੈਰਾਥਨ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਜੂਡੀਸ਼ੀਅਲ ਅਧਿਕਾਰੀ, ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਤੇ ਕਰਮਚਾਰੀ, ਬਾਰ ਐਸੋਸੀਏਸ਼ਨ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਹਿੱਸਾ ਲੈਣਗੇ।

ਇਸ ਤੋਂ ਇਲਾਵਾ ਮੀਟਿੰਗ ਵਿੱਚ ਜੇਲ੍ਹ ਵਿੱਚ ਬੰਦ ਬੰਦੀਆਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦੇਣ ਅਤੇ ਵੋਕੇਸ਼ਨਲ ਲਿਟਰੇਸੀ ਮੁਹਿੰਮ ਸਬੰਧੀ ਵੀ ਵਿਚਾਰ ਕੀਤੀ ਗਈ।

ਆਪਣੇ ਟੀਚੇ ਨੂੰ ਉੱਚਾ ਰੱਖੋ, ਤੁਸੀਂ ਦੇਸ਼ ਦਾ ਕੀਮਤੀ ਸਰਮਾਇਆ ਹੋ : ਡੀ ਸੀ ਆਸ਼ਿਕਾ

ਐਸ.ਏ.ਐਸ.ਨਗਰ (ਗੁਰਜੀਤ ਬਿੱਲਾ) -ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਵਿਦਿਆਰਥੀਆਂ ਨੂੰ ਰਾਸ਼ਟਰ ਦਾ ਵਡਮੁੱਲਾ ਸਰਮਾਇਆ ਦੱਸਦਿਆਂ ਕਿਹਾ ਕਿ ਇਨ੍ਹਾਂ ਵਿੱਚ ਨਿਵੇਸ਼ ਕਰਨ ਦਾ ਇਹ ਸਹੀ ਸਮਾਂ ਹੈ ਤਾਂ ਜੋ ਉਨ੍ਹਾਂ ਨੂੰ ਅੱਗੇ ਵਧਣ ਲਈ ਹਰ ਸੰਭਵ ਪ੍ਰਦਾਨ ਕਰਕੇ ਰਾਸ਼ਟਰ ਲਈ ਹੋਰ ਲਾਭਕਾਰੀ ਬਣਾਇਆ ਜਾ ਸਕੇ। ਸ੍ਰੀਮਤੀ ਜੈਨ ਜੋ ਬਾਲ ਭਵਨ ਮੋਹਾਲੀ ਵਿਖੇ ਬਾਲ ਭਲਾਈ ਕੌਂਸਲ, ਪੰਜਾਬ ਵੱਲੋਂ ਕਰਵਾਏ ਗਏ ਜ਼ਿਲ੍ਹਾ ਪੱਧਰੀ ਪੇਂਟਿੰਗ ਮੁਕਾਬਲੇ ਦਾ ਦੌਰਾ ਕਰਕੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਆਏ ਸਨ, ਨੇ ਅੱਗੇ ਕਿਹਾ ਕਿ ਉਹ ਇਨ੍ਹਾਂ ਵਿਦਿਆਰਥੀਆਂ ਵੱਲੋਂ ਬੁਰਸ਼ ਨਾਲ ਕੈਨਵਸ 'ਤੇ ਵਾਹੇ ਗਏ ਆਪਣੇ ਅੰਦਰੂਨੀ ਵਿਚਾਰਾਂ ਅਤੇ ਕਾਲਪਨਿਕ ਭਾਵਨਾਵਾਂ ਤੋਂ ਬਹੁਤ ਪ੍ਰਭਾਵਤ ਹੋਏ ਹਨ। ਉਨ੍ਹਾ ਵਿਦਿਆਰਥੀਆਂ ਨੂੰ ਜੀਵਨ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਆਪਣੇ ਟੀਚਿਆਂ ਨੂੰ ਉੱਚਾ ਰੱਖਣ ਲਈ ਕਿਹਾ। ਉਨ੍ਹਾਂ ਆਲੇ-ਦੁਆਲੇ ਦੇ ਲੋਕਾਂ ਨੂੰ ਜਾਗਰੂਕ ਕਰਕੇ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਲਈ ਜਾਗਰੂਕਤਾ ਪੈਦਾ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦਾ ਇਹ ਕਦਮ ਵਾਤਾਵਰਣ ਅਤੇ ਮਨੁੱਖਤਾ ਨੂੰ ਬਚਾਉਣ ਲਈ ਸਹਾਈ ਹੋਵੇਗਾ। ਇਸ ਤੋਂ ਪਹਿਲਾਂ ਬਾਲ ਭਲਾਈ ਕੌਂਸਲ ਪੰਜਾਬ ਦੀ ਚੇਅਰਪਰਸਨ ਪ੍ਰਾਜਕਤਾ ਅਵਧ ਨੇ ਮੁੱਖ ਮਹਿਮਾਨ ਆਸ਼ਿਕਾ ਜੈਨ ਦਾ ਸਵਾਗਤ ਕੀਤਾ। ਡਾ. ਪ੍ਰੀਤਮ ਸੰਧੂ, ਸਕੱਤਰ, ਬਾਲ ਭਲਾਈ ਕੌਂਸਲ ਪੰਜਾਬ ਨੇ ਰਾਜ 'ਚ ਕੌਂਸਲ ਵੱਲੋਂ ਬੱਚਿਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਰਤਿੰਦਰ ਬਰਾੜ, ਖਜ਼ਾਨਚੀ, ਬਾਲ ਭਲਾਈ ਕੌਂਸਲ ਵੀ ਮੌਜੂਦ ਸਨ। ਮੁਕਾਬਲਿਆਂ ਵਿੱਚ ਮੁਹਾਲੀ ਦੇ ਵੱਖ-ਵੱਖ ਸਕੂਲਾਂ ਦੇ 50 ਦੇ ਕਰੀਬ ਬੱਚਿਆਂ ਨੇ ਭਾਗ ਲਿਆ।

ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਸ੍ਰੀ ਜਸਵਿੰਦਰ ਸਿੰਘ ਨਾਇਬ ਤਹਿਸੀਲਦਾਰ, ਰਾਜਾਸਾਂਸੀ ਅਤੇ ਜ਼ਿਲ੍ਹਾ ਅੰਮ੍ਰਿਤਸਰ।

ਜਮ੍ਹਾਂਬੰਦੀ ਸਾਲ 2017-2018 ਵਾਕਿਆ ਪਿੰਡ ਰਾਜਾਸਾਂਸੀ, ਸਬ ਤਹਿਸੀਲ ਰਾਜਾਸਾਂਸੀ, ਤਹਿ: ਲੋਪੋਕੇ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਗਲਤ ਦਰਜ ਨਾਂਅ ਲਵਦੀਪ ਸਿੰਘ ਪੁੱਤਰ ਸਤਨਾਮ ਸਿੰਘ ਪੁੱਤਰ ਸਵਰਨ ਸਿੰਘ ਤੋਂ ਬਦਲ ਕੇ ਨਵਦੀਪ ਸਿੰਘ ਪੁੱਤਰ ਸਤਨਾਮ ਸਿੰਘ ਪੁੱਤਰ ਸਵਰਨ ਸਿੰਘ ਦਰੁੱਸਤ ਕਰਨ ਲਈ ਪ੍ਰਭਾਵਿਤ ਹਿੱਸੇਦਾਰਾਂ, ਕਾਸ਼ਤਕਾਰਾਂ ਅਤੇ ਆਮ ਜਨਤਾ ਨੂੰ ਇਤਲਾਹ ਦੇਣ ਬਾਰੇ।

ਉਪਰੋਕਤ ਅਨੁਵਾਨ ਵਿੱਚ ਦਰਸਾਈ ਜਮ੍ਹਾਂਬੰਦੀ ਸਾਲ 2017-2018 ਵਾਕਿਆ ਪਿੰਡ ਰਾਜਾਸਾਂਸੀ, ਸਬ ਤਹਿਸੀਲ ਰਾਜਾਸਾਂਸੀ, ਤਹਿ: ਲੋਪੋਕੇ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੀ ਜਮ੍ਹਾਂਬੰਦੀ ਦੇ ਖਾਨਾ ਮਾਲਕੀ ਵਿੱਚ ਗਲਤ ਦਰਜ ਨਾਂਅ ਲਵਦੀਪ ਸਿੰਘ ਤੋਂ ਨਵਦੀਪ ਸਿੰਘ ਦਰੁੱਸਤ ਕਰਵਾਉਣ ਲਈ ਨਵਦੀਪ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਰਾਜਾਸਾਂਸੀ, ਤਹਿ: ਲੋਪੋਕੇ ਅਤੇ ਜ਼ਿਲ੍ਹਾ ਅੰਮ੍ਰਿਤਸਰ ਨੇ ਦਰਖਾਸਤ ਦਿੱਤੀ ਹੈ। ਜਮ੍ਹਾਂਬੰਦੀ ਸਾਲ 2017-2018 ਵਾਕਿਆ ਪਿੰਡ ਰਾਜਾਸਾਂਸੀ ਵਿੱਚ ਲਵਦੀਪ ਸਿੰਘ ਤੋਂ ਨਵਦੀਪ ਸਿੰਘ ਦਰੁੱਸਤ ਕਰਨ ਲਈ ਜਮ੍ਹਾਂਬੰਦੀ ਸਾਲ 2017-2018 ਵਾਕਿਆ ਪਿੰਡ ਰਾਜਾਸਾਂਸੀ ਦੇ ਪ੍ਰਭਾਵਿਤ ਹਿੱਸੇਦਾਰ, ਕਾਸ਼ਤਕਾਰਾਂ ਅਤੇ ਆਮ ਜਨਤਾ ਨੂੰ ਇਤਲਾਹ ਦਿੱਤੀ ਜਾਂਦੀ ਹੈ ਕਿ ਜੇਕਰ ਮਾਲ ਰਿਕਾਰਡ ਵਿੱਚ ਲਵਪ੍ਰੀਤ ਸਿੰਘ ਤੋਂ ਨਵਪ੍ਰੀਤ ਸਿੰਘ ਕਰਨ ਸੰਬੰਧੀ ਉਹ ਕੋਈ ਇਤਰਾਜ਼ ਕਰਨਾ ਚਾਹੁੰਦੇ ਹਨ ਤਾਂ ਉਹਨਾਂ ਵੱਲੋਂ ਅਖਬਾਰ ਵਿੱਚ ਨੋਟਿਸ ਛਪਣ ਤੋਂ 21 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਹਾਜਰ ਹੋ ਕੇ ਇਤਰਾਜ਼ ਪੇਸ਼ ਕੀਤਾ ਜਾ ਸਕਦਾ ਹੈ। ਬਾਅਦ ਗੁਜਰਨੇ ਮਿਆਦ ਇਤਰਾਜ਼ ਉੱਤੇ ਗੌਰ ਨਹੀਂ ਕੀਤਾ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਕੀਤਾ ਗਿਆ।

ਸਹਾਇਕ ਕੁਲੈਕਟਰ, ਦਰਜਾ ਪਹਿਲਾ,
ਰਾਜਾਸਾਂਸੀ

ਸਥਾਨ : ਰਾਜਾਸਾਂਸੀ

ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਹਰਸਿਮਰਨ ਸਿੰਘ ਤਹਿਸੀਲਦਾਰ ਕਮ ਸਬ ਰਜਿਸਟਰਾਰ ਡੇਰਾ ਬਾਬਾ ਨਾਨਕ।

ਤਸਦੀਕ ਵਸੀਅਤ ਅਧੀਨ ਜ਼ੇਰ ਧਾਰਾ 40 ਆਫ ਰਜਿਸਟਰੇਸ਼ਨ ਐਕਟ 1908

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਮੀਤ ਕੌਰ ਪਤਨੀ ਸਵਰਨ ਸਿੰਘ ਪੁੱਤਰ ਖਜਾਨ ਸਿੰਘ ਵਾਸੀ ਪਿੰਡ ਪੱਤੀ ਅਦਾਲਤਪੁਰ ਹਰੀਮਾਬਾਦ ਤਹਿਸੀਲ ਡੇਰਾ ਬਾਬਾ ਨਾਨਕ ਨੇ ਇੱਕ ਅਣ-ਰਜਿਸਟਰਡ ਵਸੀਅਤ ਪੇਸ਼ ਕੀਤੀ ਹੈ, ਜੋ ਕਿ ਬਾਲ ਕੌਰ ਪੁੱਤਰੀ ਗੁਰਦਿੱਤਾ ਪੁੱਤਰ ਜਵਾਹਰ ਸਿੰਘ ਵੱਲੋਂ ਮਿਤੀ 21.9.2003 ਨੂੰ ਗੁਰਮੀਤ ਕੌਰ ਦੇ ਹੱਕ ਵਿੱਚ ਕੀਤੀ ਸੀ ਅਤੇ ਬਾਅਦ ਵਿੱਚ ਬਾਲ ਕੌਰ ਦੀ ਮੌਤ ਮਿਤੀ 15.12.2003 ਨੂੰ ਮੌਤ ਹੋ ਚੁੱਕੀ ਹੈ ਅਤੇ ਉਹ ਇਹ ਵਸੀਅਤ ਗੁਰਮੀਤ ਕੌਰ ਨੇ ਇਸ ਦਫਤਰ ਵਿੱਚ ਰਜਿਸਟਰਡ ਕਰਨ ਲਈ ਪੇਸ਼ ਕੀਤੀ ਹੈ। ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਜਾਂ ਕਿਸੇ ਰਿਸ਼ਤੇਦਾਰ ਨੂੰ ਜ਼ੇਰ ਧਾਰਾ 40 (1) ਭਾਰਤੀ ਰਜਿਸਟਰੇਸ਼ਨ ਐਕਟ 1908 ਤਹਿਤ ਵਸੀਅਤ ਦੇ ਰਜਿਸਟਰਡ ਹੋਣ ਵਿੱਚ ਕੋਈ ਇਤਰਾਜ਼ ਹੋਵੇ ਤਾਂ ਉਹ ਇਹ ਇਸ਼ਤਿਹਾਰ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ 15 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਇਸ ਦਫਤਰ ਵਿੱਚ ਪੇਸ਼ ਕਰ ਸਕਦਾ ਹੈ। ਸਮਾਂ ਬੀਤ ਜਾਣ ਉਪਰੰਤ ਕੋਈ ਉਜਰ ਨਹੀਂ ਸੁਣਿਆ ਜਾਵੇਗਾ ਅਤੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਅੱਜ ਮਿਤੀ 5.10.2023 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਹੋਇਆ।

ਸਬ ਰਜਿਸਟਰਾਰ, ਡੇਰਾ ਬਾਬਾ ਨਾਨਕ।

ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਹਰਸਿਮਰਨ ਸਿੰਘ ਤਹਿਸੀਲਦਾਰ ਕਮ ਸਬ ਰਜਿਸਟਰਾਰ ਡੇਰਾ ਬਾਬਾ ਨਾਨਕ।

ਤਸਦੀਕ ਵਸੀਅਤ ਅਧੀਨ ਜ਼ੇਰ ਧਾਰਾ 40 ਆਫ ਰਜਿਸਟਰੇਸ਼ਨ ਐਕਟ 1908

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਮੀਤ ਕੌਰ ਪਤਨੀ ਸਵਰਨ ਸਿੰਘ ਪੁੱਤਰ ਖਜਾਨ ਸਿੰਘ ਵਾਸੀ ਪਿੰਡ ਪੱਤੀ ਅਦਾਲਤਪੁਰ ਹਰੀਮਾਬਾਦ ਤਹਿਸੀਲ ਡੇਰਾ ਬਾਬਾ ਨਾਨਕ ਨੇ ਇੱਕ ਅਣ-ਰਜਿਸਟਰਡ ਵਸੀਅਤ ਪੇਸ਼ ਕੀਤੀ ਹੈ, ਜੋ ਕਿ ਬਾਲ ਕੌਰ ਪੁੱਤਰੀ ਗੁਰਦਿੱਤਾ ਪੁੱਤਰ ਜਵਾਹਰ ਸਿੰਘ ਵੱਲੋਂ ਮਿਤੀ 15.6.2000 ਨੂੰ ਗੁਰਮੀਤ ਕੌਰ ਦੇ ਹੱਕ ਵਿੱਚ ਕੀਤੀ ਸੀ ਅਤੇ ਬਾਅਦ ਵਿੱਚ ਸੰਤ ਕੌਰ ਦੀ ਮੌਤ ਮਿਤੀ 13.11.2000 ਨੂੰ ਮੌਤ ਹੋ ਚੁੱਕੀ ਹੈ ਅਤੇ ਉਹ ਇਹ ਵਸੀਅਤ ਗੁਰਮੀਤ ਕੌਰ ਨੇ ਇਸ ਦਫਤਰ ਵਿੱਚ ਰਜਿਸਟਰਡ ਕਰਨ ਲਈ ਪੇਸ਼ ਕੀਤੀ ਹੈ। ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਜਾਂ ਕਿਸੇ ਰਿਸ਼ਤੇਦਾਰ ਨੂੰ ਜ਼ੇਰ ਧਾਰਾ 40 (1) ਭਾਰਤੀ ਰਜਿਸਟਰੇਸ਼ਨ ਐਕਟ 1908 ਤਹਿਤ ਵਸੀਅਤ ਦੇ ਰਜਿਸਟਰਡ ਹੋਣ ਵਿੱਚ ਕੋਈ ਇਤਰਾਜ਼ ਹੋਵੇ ਤਾਂ ਉਹ ਇਹ ਇਸ਼ਤਿਹਾਰ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ 15 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਇਸ ਦਫਤਰ ਵਿੱਚ ਪੇਸ਼ ਕਰ ਸਕਦਾ ਹੈ। ਸਮਾਂ ਬੀਤ ਜਾਣ ਉਪਰੰਤ ਕੋਈ ਉਜਰ ਨਹੀਂ ਸੁਣਿਆ ਜਾਵੇਗਾ ਅਤੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਅੱਜ ਮਿਤੀ 5.10.2023 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਹੋਇਆ

ਸਬ ਰਜਿਸਟਰਾਰ, ਡੇਰਾ ਬਾਬਾ ਨਾਨਕ।

ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਹਰਸਿਮਰਨ ਸਿੰਘ ਤਹਿਸੀਲਦਾਰ ਕਮ ਸਬ ਰਜਿਸਟਰਾਰ ਡੇਰਾ ਬਾਬਾ ਨਾਨਕ।

ਤਸਦੀਕ ਵਸੀਅਤ ਅਧੀਨ ਜ਼ੇਰ ਧਾਰਾ 40 ਆਫ ਰਜਿਸਟਰੇਸ਼ਨ ਐਕਟ 1908

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਮੀਤ ਕੌਰ ਪਤਨੀ ਸਵਰਨ ਸਿੰਘ ਪੁੱਤਰ ਖਜਾਨ ਸਿੰਘ ਵਾਸੀ ਪਿੰਡ ਪੱਤੀ ਅਦਾਲਤਪੁਰ ਹਰੀਮਾਬਾਦ ਤਹਿਸੀਲ ਡੇਰਾ ਬਾਬਾ ਨਾਨਕ ਨੇ ਇੱਕ ਅਣ-ਰਜਿਸਟਰਡ ਵਸੀਅਤ ਪੇਸ਼ ਕੀਤੀ ਹੈ, ਜੋ ਕਿ ਸੰਤ ਕੌਰ ਪੁੱਤਰੀ ਗੁਰਦਿੱਤਾ ਪੁੱਤਰ ਜਵਾਹਰ ਸਿੰਘ ਵੱਲੋਂ ਮਿਤੀ 15.6.2000 ਨੂੰ ਗੁਰਮੀਤ ਕੌਰ ਦੇ ਹੱਕ ਵਿੱਚ ਕੀਤੀ ਸੀ ਅਤੇ ਬਾਅਦ ਵਿੱਚ ਸੰਤ ਕੌਰ ਦੀ ਮੌਤ ਮਿਤੀ 13.11.2000 ਨੂੰ ਮੌਤ ਹੋ ਚੁੱਕੀ ਹੈ ਅਤੇ ਉਹ ਇਹ ਵਸੀਅਤ ਗੁਰਮੀਤ ਕੌਰ ਨੇ ਇਸ ਦਫਤਰ ਵਿੱਚ ਰਜਿਸਟਰਡ ਕਰਨ ਲਈ ਪੇਸ਼ ਕੀਤੀ ਹੈ। ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਜਾਂ ਕਿਸੇ ਰਿਸ਼ਤੇਦਾਰ ਨੂੰ ਜ਼ੇਰ ਧਾਰਾ 40 (1) ਭਾਰਤੀ ਰਜਿਸਟਰੇਸ਼ਨ ਐਕਟ 1908 ਤਹਿਤ ਵਸੀਅਤ ਦੇ ਰਜਿਸਟਰਡ ਹੋਣ ਵਿੱਚ ਕੋਈ ਇਤਰਾਜ਼ ਹੋਵੇ ਤਾਂ ਉਹ ਇਹ ਇਸ਼ਤਿਹਾਰ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ 15 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਇਸ ਦਫਤਰ ਵਿੱਚ ਪੇਸ਼ ਕਰ ਸਕਦਾ ਹੈ। ਸਮਾਂ ਬੀਤ ਜਾਣ ਉਪਰੰਤ ਕੋਈ ਉਜਰ ਨਹੀਂ ਸੁਣਿਆ ਜਾਵੇਗਾ ਅਤੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

ਅੱਜ ਮਿਤੀ 5.10.2023 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਹੋਇਆ

ਸਬ ਰਜਿਸਟਰਾਰ, ਡੇਰਾ ਬਾਬਾ ਨਾਨਕ।

ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਹਰਸਿਮਰਨ ਸਿੰਘ ਤਹਿਸੀਲਦਾਰ ਕਮ ਸਬ ਰਜਿਸਟਰਾਰ ਡੇਰਾ ਬਾਬਾ ਨਾਨਕ।

6-OCT-PAGE-7.qxd 10/5/2023 10:39 PM Page 1

ਐੱਨ ਓ ਸੀ ਲੈਣ ਲਈ ਲੋਕਾਂ ਦੀ ਲੁੱਟ ਤੇ ਖੱਜਲ-ਖੁਆਰੀ ਖਿਲਾਫ ਸੰਘਰਸ਼ ਜਾਰੀ ਰਹੇਗਾ : ਸੰਘਰਸ਼ ਕਮੇਟੀ

ਸ਼ਹਿਰ ਅੰਦਰ ਲਾਲ ਡੋਰੇ ਦੀ ਸਥਾਪਤੀ ਤੇ ਸੀਮਾ 'ਚ ਵਾਧੇ ਲਈ ਅਧਿਕਾਰੀਆਂ ਤੇ ਨਗਰ ਕੌਂਸਲ ਪ੍ਰਧਾਨ ਨੂੰ ਹਦਾਇਤਾਂ

ਮਾਨਸਾ (ਆਤਮਾ ਸਿੰਘ ਪਮਾਰ)

ਐੱਨ ਓ ਸੀ ਕਰਕੇ ਆਮ ਲੋਕਾਂ ਦੀ ਹੋ ਰਹੀ ਖੱਜਲ ਖੁਆਰੀ ਤੇ ਲੁੱਟ ਨੂੰ ਰੋਕਣ, ਸ਼ਰਤਾਂ ਨੂੰ ਸਰਲ ਕਰਨ ਸਬੰਧੀ ਸ਼ਹਿਰ ਦੀਆਂ ਧਾਰਮਿਕ, ਸਮਾਜਿਕ, ਵਪਾਰਕ, ਜਨਤਕ, ਕਿਸਾਨ, ਮਜ਼ਦੂਰ ਜਥੇਬੰਦੀਆਂ ਤੇ ਰਾਜਨੀਤਕ ਧਿਰਾਂ 'ਤੇ ਅਧਾਰਤ ਮਾਨਸਾ ਸੰਘਰਸ਼ ਕਮੇਟੀ ਦਾ ਇੱਕ ਵੱਡਾ ਵਫਦ ਮੁਨੀਸ਼ ਕੁਮਾਰ ਬੱਬੀ ਦਾਨੇਵਾਲੀਆ ਪ੍ਰਧਾਨ ਵਪਾਰ ਮੰਡਲ, ਕ੍ਰਿਸ਼ਨ ਚੌਹਾਨ, ਡਾ. ਧੰਨਾ ਮੱਲ ਗੋਇਲ, ਸੁਰੇਸ਼ ਨੰਦਗੜੀਆ ਪ੍ਰਧਾਨ ਕਰਿਆਨਾ ਐਸੋਸੀਏਸ਼ਨ ਤੇ ਮਨਜੀਤ ਸਦਿਉੜਾ ਆਗੂ ਵਪਾਰ ਮੰਡਲ ਦੀ ਅਗਵਾਈ ਹੇਠ ਐੱਨ.ਓ.ਸੀ., ਸੀਵਰੇਜ, ਅਵਾਰਾ ਪਸ਼ੂਆਂ ਤੇ ਟੋਭੇ ਦੇ ਕੂੜੇ ਆਦਿ ਦੀਆਂ ਗੰਭੀਰ ਸਮੱਸਿਆਵਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਮਾਨਸਾ ਨੂੰ ਮਿਲਿਆ। ਵਫਦ ਵੱਲੋਂ ਡਿਪਟੀ ਕਮਿਸ਼ਨਰ ਨੂੰ ਸ਼ਹਿਰ ਵਸੀਆਂ ਨੂੰ ਦਰਪੇਸ਼ ਵੱਖ ਵੱਖ ਸਮੱਸਿਆਵਾਂ ਸਬੰਧੀ ਇੱਕ ਮੰਗ ਪੱਤਰ ਵੀ ਸੌਂਪਿਆ ਤੇ ਇਨ੍ਹਾਂ ਮੰਗਾਂ 'ਤੇ ਵਿਸਥਾਰ ਪੂਰਵਕ ਗੱਲਬਾਤ ਵੀ ਕੀਤੀ। ਡਿਪਟੀ ਕਮਿਸ਼ਨਰ ਨੇ ਮੰਗਾਂ ਨੂੰ ਧਿਆਨ ਨਾਲ ਸੁਣ ਕੇ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਬੁਲਾ ਕੇ ਇਨ੍ਹਾਂ ਸਮੱਸਿਆਵਾਂ ਦੇ ਸਾਰਥਕ ਹੱਲ ਲਈ ਕੁਝ ਹਦਾਇਤਾਂ ਜਾਰੀ ਕੀਤੀਆਂ। ਇਸ ਮੌਕੇ ਵਫਦ 'ਚ ਸ਼ਾਮਲ ਸਾਬਕਾ

ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ, ਸਾਬਕਾ ਵਿਧਾਇਕ ਸ੍ਰ. ਨਾਜਰ ਸਿੰਘ ਮਾਨਸ਼ਾਹੀਆਂ, ਪ੍ਰੇਮ ਅਰੋੜਾ ਸਾਬਕਾ ਚੇਅਰਮੈਨ ਜ਼ਿਲ੍ਹਾ ਪਲੈਨਿੰਗ ਬੋਰਡ, ਐਡਵੋਕੇਟ ਕੁਲਵਿੰਦਰ ਉੱਡਤ, ਮੱਖਣ ਜਿੰਦਲ ਆਗੂ ਬੀ ਜੇ ਪੀ, ਐਡਵੋਕੇਟ ਈਸ਼ਵਰ ਗੋਇਲ ਤੇ ਬਲਜੀਤ ਸ਼ਰਮਾ ਪ੍ਰਧਾਨ ਪ੍ਰੋਪਰਟੀ ਡੀਲਰ ਐਸੋਸੀਏਸ਼ਨ ਨੂੰ ਮੰਗ ਕਰਦਿਆਂ ਕਿਹਾ ਕਿ ਸ਼ਹਿਰ ਅੰਦਰ ਐਨ ਓ ਸੀ ਦੀ ਖੱਜਲ ਖੁਆਰੀ ਤੇ ਲੁੱਟ ਹੋਣ ਕਰਕੇ ਸ਼ਹਿਰ ਦੇ ਲੋਕਾਂ ਵਿੱਚ ਭਾਰੀ ਰੋਸ ਵੇਖਣ ਨੂੰ ਮਿਲ ਰਿਹਾ ਤੇ ਸਾਰੀਆਂ ਸ਼ਰਤਾਂ ਪੂਰੀਆਂ ਕਰਕੇ ਬਾਵਜੂਦ ਨਗਰ ਕੌਂਸਲ ਤੇ ਸਬੰਧਤ ਅਧਿਕਾਰੀਆਂ ਵੱਲੋਂ ਐੱਨ ਓ ਸੀ ਜਾਰੀ ਨਹੀਂ ਕੀਤਾ ਜਾ ਰਿਹਾ, ਉਲਟਾ ਮੋਟੇ ਭ੍ਰਿਸ਼ਟਾਚਾਰ ਨੂੰ ਜਨਮ ਦੇ ਖੱਜਲ ਕੀਤਾ ਜਾ ਰਿਹਾ ਹੈ। ਉਨ੍ਹਾ ਪਾਰਦਰਸ਼ੀ ਤੇ ਸਮਾਂਬੰਦ ਦੀ ਮੰਗ ਕੀਤੀ। ਕਮੇਟੀ ਤੇ ਸ਼ਹਿਰੀਆਂ ਦੀ ਵੱਡੀ ਮੰਗ 'ਤੇ ਮੀਟਿੰਗ ਵਿੱਚ ਸ਼ਾਮਲ ਆਗੂਆਂ ਨੂੰ ਸ਼ਹਿਰ ਅੰਦਰ ਲਾਲ ਡੋਰੇ ਨੂੰ ਸਥਾਪਤ ਕਰਨ ਤੇ ਇਸ ਦੀ ਸੀਮਾ ਵਧਾਉਣ ਲਈ ਲਈ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਤੇ ਨਗਰ ਕੌਂਸਲ ਪ੍ਰਧਾਨ ਦੀ ਡਿਊਟੀ ਲਗਾਈ ਕਿ ਪੰਜ ਮੈਂਬਰੀ ਕਮੇਟੀ ਬਣਾਓ ਤੇ ਸਿੰਗਲ ਵਿੰਡੋ ਪ੍ਰਣਾਲੀ ਲਾਗੂ ਕਰੋ ਤਾਂ ਜੋ ਐੱਨ ਓ ਸੀ ਦੀ ਵੱਡੀ ਸਮੱਸਿਆ ਦਾ ਕੋਈ ਸੁਚੱਜਾ ਹੱਲ ਹੋ ਸਕੇ। ਕਿਸਾਨ ਆਗੂਆਂ ਗੁਰਸੰਟ ਮਾਨਸਾ, ਨਿਰਮਲ ਝੰਡੂਕੇ, ਮਹਿੰਦਰ ਭੈਣੀ ਬਾਘਾ ਐਡਵੋਕੇਟ ਕੁਲਵਿੰਦਰ ਉੱਡਤ, ਪ੍ਰਸ਼ੋਤਮ ਅੱਗਰਵਾਲ ਨੇ ਅਵਾਰਾ ਪਸ਼ੂਆ ਦੇ ਪੱਕੇ ਹੱਲ ਲਈ ਪ੍ਰਸ਼ਾਸਨ ਤੋਂ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਅਵਾਰਾ ਪਸ਼ੂਆਂ ਕਰਕੇ ਸੜਕੀ ਹਾਦਸੇ ਤੇ ਫਸਲੀ ਨੁਕਸਾਨ ਵੱਡੀ ਪੱਧਰ 'ਤੇ ਹੋ ਰਿਹਾ ਹੈ, ਜਿਸ ਦੇ ਫੌਰੀ ਹੱਲ ਲਈ ਵਿਸ਼ੇਸ਼ ਕਦਮ ਚੁੱਕੇ ਜਾਣ। ਵਾਟਰ ਸਪਲਾਈ ਤੇ ਸੀਵਰੇਜ ਪਾਣੀ ਮਿਕਸ ਹੋਣ ਕਾਰਨ ਭਿਆਨਕ ਬਿਮਾਰੀਆਂ ਦਾ ਖਤਰਾ ਬਣ ਚੁੱਕਾ ਹੈ, ਜਿਸ ਸਬੰਧੀ ਸੀਵਰੇਜ ਬੋਰਡ ਤੇ ਕੰਪਨੀ ਦੇ ਅਧਿਕਾਰੀਆਂ ਦੀ ਬੇਧਿਆਨੀ ਵੱਡੀ ਸਮੱਸਿਆ ਖੜੀ ਕਰ ਰਹੀ ਹੈ। ਟੋਭੇ ਦਾ ਕੂੜਾ ਟੈਂਡਰ ਹੋਣ ਦੇ ਬਾਵਜੂਦ ਸੜਕਾਂ 'ਤੇ ਆ ਰਿਹਾ ਹੈ, ਜੋ ਵਾਤਾਵਰਨ ਨੂੰ ਦੂਸ਼ਿਤ ਕਰ ਰਿਹਾ ਹੈ ਅਤੇ ਨਾਲ ਹੀ ਐਕਸੀਡੈਂਟਾਂ ਨੂੰ ਵੀ ਜਨਮ ਦੇ ਰਿਹਾ ਹੈ, ਜਿਸ ਸਬੰਧੀ ਹਾਜ਼ਰ ਵਿਜੇ ਸਿੰਗਲਾ ਪ੍ਰਧਾਨ ਨਗਰ ਕੌਂਸਲ ਨੂੰ ਇਨ੍ਹਾਂ ਦੇ ਹੱਲ ਦੀ ਹਦਾਇਤ ਕੀਤੀ ਗਈ। ਵਫਦ ਵਿੱਚ ਪੱਤਰਕਾਰ ਆਤਮਾ ਸਿੰਘ ਪਮਾਰ, ਇੰਦਰ ਸੈਨ, ਪਾਲੀ ਜੈਨ, ਸੰਜੇ ਜੈਨ ਤੇ ਯੋਗੇਸ਼ ਸ਼ਰਮਾ ਆਦਿ ਸ਼ਹਿਰ ਨਿਵਾਸੀ ਸ਼ਾਮਲ ਸਨ।

ਸ਼ਹੀਦ ਫੌਜੀ ਪਰਵਿੰਦਰ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਸਸਕਾਰ

ਮੁੱਖ ਮੰਤਰੀ ਭਗਵੰਤ ਮਾਨ ਦੀ ਤਰਫ਼ੋਂ ਗੁਰਮੇਲ ਸਿੰਘ ਘਰਾਚੋਂ ਵੱਲੋਂ ਸ਼ਹੀਦ ਨੂੰ ਸ਼ਰਧਾਂਜਲੀ ਭੇਟ

ਦਿੜ੍ਹਬਾ (ਜਸਵੀਰ ਲਾਡੀ)

ਕਾਰਗਿਲ ਵਿਖੇ ਰੁਟੀਨ ਦੀ ਟਰੇਨਿੰਗ ਦੌਰਾਨ ਸ਼ਹੀਦ ਹੋਏ ਹਲਕਾ ਦਿੜ੍ਹਬਾ ਦੇ ਸਭ ਤੋਂ ਵੱਡੇ ਪਿੰਡ ਛਾਜਲੀ ਦੇ ਨੌਜਵਾਨ ਪਰਵਿੰਦਰ ਸਿੰਘ (26) ਦੇ ਅੰਤਿਮ ਸੰਸਕਾਰ ਮੌਕੇ ਪਿੰਡ ਤੇ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ, ਜਿਨ੍ਹਾਂ ਨੇ ਭਾਵੁਕ ਹੁੰਦਿਆਂ ਸੋਜਲ ਅੱਖਾਂ ਨਾਲ ਸ਼ਹੀਦ ਨੂੰ ਅੰਤਿਮ ਵਿਦਾਈ ਦਿੱਤੀ। ਸ਼ਹੀਦ ਦੀ ਪਤਨੀ ਗਗਨਦੀਪ ਕੌਰ, ਪਿਤਾ ਗੁਰਜੀਤ ਸਿੰਘ ਸਾਬਕਾ ਫੌਜੀ ਤੇ ਭਰਾ ਗੁਰਪਿੰਦਰ ਸਿੰਘ ਫੌਜੀ ਨੇ ਸ਼ਹੀਦ ਪਰਵਿੰਦਰ ਸਿੰਘ ਨੂੰ ਸਲਿਊਟ ਕਰਕੇ ਸਲਾਮੀ ਦਿੱਤੀ।

ਸ਼ਹੀਦ ਪਰਵਿੰਦਰ ਸਿੰਘ ਦੇ ਅੰਤਿਮ ਸੰਸਕਾਰ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਰਫ਼ੋਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸੰਗਰੂਰ ਗੁਰਮੇਲ ਸਿੰਘ ਘਰਾਚੋਂ ਨੇ ਸ਼ਹੀਦ ਦੀ ਦੇਹ 'ਤੇ ਰੀਥ ਰੱਖ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾ ਪੀੜਤ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ 'ਚ ਮੁੱਖ ਮੰਤਰੀ ਭਗਵੰਤ ਮਾਨ ਖ਼ੁਦ ਤੇ ਪੰਜਾਬ ਸਰਕਾਰ ਪਰਿਵਾਰ ਦੇ ਨਾਲ ਖੜੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ਼ਹੀਦ ਦੇ ਸਨਮਾਨ ਤੇ ਸਤਿਕਾਰ ਵਜੋਂ ਹਰ ਸੰਭਵ ਮਦਦ ਕੀਤੀ ਜਾਵੇਗੀ। ਇਸ ਤੋਂ ਪਹਿਲਾਂ ਬੁੱਧਵਾਰ ਨੂੰ ਕਾਰਗਿਲ ਤੋਂ ਸ਼ਹੀਦ ਪਰਵਿੰਦਰ ਸਿੰਘ ਦੀ

ਮ੍ਰਿਤਕ ਦੇਹ ਨੂੰ ਇੱਕ ਵੱਡੇ ਕਾਫ਼ਲੇ ਨਾਲ ਪਿੰਡ ਛਾਜਲੀ ਵਿਖੇ ਲਿਆਂਦਾ ਗਿਆ। ਪਰਿਵਾਰ ਨੇ ਨਮ ਅੱਖਾਂ ਨਾਲ ਸ਼ਹੀਦ ਨੂੰ ਸ਼ਰਧਾਂਜਲੀ ਦਿੱਤੀ। ਅੱਜ ਪੂਰੇ ਫ਼ੌਜੀ ਸਨਮਾਨਾਂ ਸਮੇਤ ਧਾਰਮਿਕ ਰਹੁ ਰੀਤਾਂ ਨਾਲ ਜਵਾਨ ਪਰਵਿੰਦਰ ਸਿੰਘ ਦੀ ਚਿਖਾ ਨੂੰ ਅਗਨੀ ਦਿੱਤੀ ਗਈ। ਇਸ ਮੌਕੇ ਭਾਰਤੀ ਫ਼ੌਜ ਦੇ ਬਿਗਲਰ ਨੇ ਮਾਤਮੀ ਧੁਨ ਵਜਾਈ ਤੇ ਫੌਜ ਦੇ ਜਵਾਨਾਂ ਨੇ ਹਥਿਆਰ ਉਲਟੇ ਕਰਕੇ ਗਾਰਡ ਆਫ਼ ਆਨਰ ਦਿੰਦਿਆਂ ਫ਼ਾਇਰ ਕਰਕੇ ਸ਼ਹੀਦ ਨੂੰ ਸਲਾਮੀ ਦਿੱਤੀ। ਫੌਜੀ ਅਧਿਕਾਰੀਆਂ ਨੇ ਵੀ ਰੀਥ ਰੱਖ ਕੇ ਸ਼ਰਧਾਂਜਲੀ ਅਰਪਿਤ ਕੀਤੀ। ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ, ਐੱਸ.ਡੀ.ਐੱਮ. ਸੁਨਾਮ ਰਾਜੇਸ਼ ਸ਼ਰਮਾ, ਐੱਸ.ਪੀ. ਰਾਕੇਸ਼ ਸ਼ਰਮਾ, ਗੁਰਮੇਲ ਸਿੰਘ ਘਰਾਚੋਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਫੌਜ ਦੇ ਹਰਜੀਤ ਸਿੰਘ ਦਿਉਲ, ਸੂਬੇਦਾਰ ਬੂਟਾ ਸਿੰਘ ਨੇ ਵੀ ਰੀਥਾਂ ਰੱਖੀਆਂ।

ਫ਼ੌਜ ਦੇ ਅਧਿਕਾਰੀਆਂ ਨੇ ਸ਼ਹੀਦ ਦੇ ਤਾਬੂਤ 'ਤੇ ਲਿਪਟਿਆ ਤਿਰੰਗਾ ਸ਼ਹੀਦ ਦੇ ਪਿਤਾ ਗੁਰਜੀਤ ਸਿੰਘ ਨੂੰ ਸੌਂਪਿਆ। ਪ੍ਰਸ਼ਾਸਨ ਸਮੇਤ ਸਿਆਸੀ, ਸਮਾਜਿਕ, ਧਾਰਮਿਕ ਸੰਸਥਾਵਾਂ ਦੀ ਅਹਿਮ ਸ਼ਖ਼ਸੀਅਤਾਂ ਤੋਂ ਇਲਾਵਾ ਵੱਡੀ ਗਿਣਤੀ 'ਚ ਪੁੱਜੇ ਆਮ ਲੋਕਾਂ ਨੇ ਸ਼ਹੀਦ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਈ ਦਿੱਤੀ।

ਕਾਤਰਾਂ

ਗ੍ਰੀਸ 'ਚ ਇਕਲੌਤੇ ਨੌਜਵਾਨ ਪੁੱਤ ਦੀ ਮੌਤ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਬਲਾਕ ਦੇ ਪਿੰਡ ਝੂੰਗੀਆਂ (ਬੁਰਜ ਕੱਚਾ) ਦੇ ਰਹਿਣ ਵਾਲੇ ਦਲੀਪ ਸਿੰਘ ਦਾ ਇਕਲੌਤਾ ਪੁੱਤਰ ਅਰੁਣਦੀਪ ਸਿੰਘ (27) ਜੋ ਕਿ ਵਿਦੇਸ਼ (ਗ੍ਰੀਸ) ਵਿਖੇ ਰੋਜ਼ਗਾਰ ਲਈ ਗਿਆ ਸੀ, ਦੀ ਉੱਥੇ ਮੌਤ ਹੋ ਗਈ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਅਰੁਣਦੀਪ ਸਿੰਘ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ, ਜੋ ਗ੍ਰੀਸ ਵਿਖੇ ਰੋਜ਼ਗਾਰ ਲਈ ਗਿਆ, ਜਿੱਥੇ ਕਿ ਉਹ ਖੇਤਾਂ ਵਿੱਚ ਕੰਮ ਕਰਦਾ ਸੀ। ਪਿੰਡ ਵਾਸੀਆਂ ਦੇ ਦੱਸਣ ਅਨੁਸਾਰ ਉਹ ਗ੍ਰੀਸ ਵਿਖੇ ਖੇਤਾਂ ਵਿੱਚ ਕੰਮ ਕਰ ਰਿਹਾ ਸੀ ਕਿ ਅਚਾਨਕ ਉਸ ਨੂੰ ਕਿਸੇ ਜ਼ਹਿਰੀਲੇ ਜਾਨਵਰ ਨੇ ਕੱਟ ਲਿਆ, ਜਿਸ ਨਾਲ ਉਸ ਦੀ ਮੌਤ ਹੋ ਗਈ। ਅੱਜ ਜਦੋਂ ਨੌਜਵਾਨ ਅਰੁਣਦੀਪ ਸਿੰਘ ਦੀ ਮ੍ਰਿਤਕ ਦੇਹ ਪਿੰਡ ਪੁੱਜੀ ਤਾਂ ਉੱਥੇ ਮਾਹੌਲ ਬਹੁਤ ਹੀ ਗਮਗੀਨ ਹੋ ਗਿਆ, ਕਿਉਂਕਿ ਜਿੱਥੇ ਮਾਪਿਆਂ ਦਾ ਰੋ-ਰੋ ਕੇ ਬੁਰਾ ਹਾਲ ਸੀ, ਉੱਥੇ ਭੈਣ ਨੇ ਆਪਣੇ ਇਕਲੌਤੇ ਭਰਾ ਨੂੰ ਸਿਰ 'ਤੇ ਸਿਹਰਾ ਸਜਾ ਕੇ ਅੰਤਿਮ ਵਿਦਾਇਗੀ ਦਿੱਤੀ। ਪਿੰਡ ਦੇ ਸ਼ਮਸ਼ਾਨਘਾਟ ਵਿੱਚ ਅਰੁਣਦੀਪ ਸਿੰਘ ਦਾ ਬੜੀ ਸੋਜਲ ਅੱਖਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

ਦੰਦ ਸਾਡੀ ਜ਼ਿੰਦਗੀ ਦਾ ਮਹੱਤਵਪੂਰਨ ਹਿੱਸਾ : ਡਾ. ਵਰੁਨ

ਮੋਗਾ (ਅਮਰਜੀਤ ਬੱਬਰੀ)-ਸਿਵਲ ਸਰਜਨ ਡਾ. ਰਾਜੇਸ਼ ਕੁਮਾਰ ਅਤਰੀ ਤੇ ਜ਼ਿਲ੍ਹਾ ਡੈਂਟਲ ਅਫਸਰ ਡਾ. ਗੌਤਮ ਬੀਰ ਸਿੰਘ ਦੇ ਹੁਕਮਾਂ ਸਦਕਾ ਤੇ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਸਿੰਘ ਝਮਟ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਹਸਪਤਾਲ ਢੰਡੀਕੇ ਵਿਖੇ 4 ਤੋਂ ਲੈ ਕੇ 18 ਅਕਤੂਬਰ ਤੱਕ ਦੰਦਾਂ ਦਾ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਦੀ ਜਾਣ ਕਾਰੀ ਸਰਕਾਰੀ ਹਸਪਤਾਲ ਤੋਂ ਡਾ. ਵਰੁਨ ਨੇ ਦਿੱਤੀ। ਡਾ. ਵਰੁਨ ਨੇ ਦੱਸਿਆ ਕਿ 'ਅੱਖਾਂ ਗਈਆਂ ਜਹਾਨ ਗਿਆ, ਦੰਦ ਗਏ ਸਵਾਦ ਗਿਆ' ਦੇ ਵਾਕ ਅਨੁਸਾਰ ਦੰਦ ਸਾਡੀ ਜ਼ਿੰਦਗੀ ਦਾ ਬਹੁਤ ਹੀ ਮਹੱਤਵਪੂਰਨ ਹਿੱਸਾ ਹਨ। ਕਈ ਲੋਕ ਗਲਤ ਖਾਣ ਪੀਣ ਕਰਕੇ ਇਨ੍ਹਾਂ ਦੰਦਾਂ ਨੂੰ ਸਮੇਂ ਤੋਂ ਪਹਿਲਾਂ ਹੀ ਗੁਆ ਬੈਠਦੇ ਹਨ। ਡਾ. ਵਰੁਨ ਨੇ ਕਿਹਾ ਕਿ ਕੈਂਪ ਵਾਲੇ ਦਿਨ ਲੋੜਵੰਦ 13 ਗਰੀਬ ਲੋਕਾਂ ਨੂੰ ਦੰਦਾਂ ਦੇ ਸੈੱਟ ਬਿਲਕੁੱਲ ਫ੍ਰੀ ਲਗਾਏ ਗਏ ਤੇ ਦਵਾਈਆਂ ਵੀ ਫ੍ਰੀ ਦਿੱਤੀਆਂ ਗਈਆਂ। ਇਸ ਸਮੇਂ ਉਨ੍ਹਾਂ ਨਾਲ ਮ. ਪ. ਹੈਲਥ ਸੁਪਰਵਾਈਜ਼ਰ ਕੁਲਬੀਰ ਸਿੰਘ ਵੀ ਹਾਜ਼ਰ ਸਨ।

ਨਾਬਾਲਿਗਾ ਨੂੰ ਵਰਗਲਾਉਣ ਵਾਲਾ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸਰਹਿੰਦ ਤੋਂ ਇੱਕ ਨੌਂਵੀ ਜਮਾਤ ਦੀ ਵਿਦਿਆਰਥਣ ਨੂੰ ਵਰਗਲਾ ਕੇ ਲੈ ਗਏ ਲੜਕੇ ਨੂੰ ਗ੍ਰਿਫ਼ਤਾਰ ਕਰਕੇ ਸਰਹਿੰਦ ਪੁਲਸ ਵੱਲੋਂ ਲੜਕੀ ਨੂੰ ਬਰਾਮਦ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਪਿਤਾ ਨੇ ਸਰਹਿੰਦ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਗਾਏ ਸਨ ਕਿ ਉਸ ਦੀ ਨਾਬਾਲਿਗ ਲੜਕੀ, ਜਿਸ ਦੀ ਉਮਰ 14 ਸਾਲ ਦੇ ਕਰੀਬ ਹੈ 2 ਅਕਤੂਬਰ ਦੀ ਸਵੇਰ ਆਪਣੇ ਸਹੇਲੀ ਦੇ ਘਰ ਭੋਗ 'ਤੇ ਗਈ ਸੀ, ਜਿਸ ਤੋਂ ਬਾਅਦ ਉਹ ਵਾਪਸ ਘਰ ਨਹੀਂ ਪਰਤੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਸਨ ਕਿ ਰੌਬਿਨ ਨਾਮਕ ਲੜਕਾ ਉਸ ਦੀ ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਕਿਧਰੇ ਵਰਗਲਾ ਕੇ ਲੈ ਗਿਆ ਹੈ। ਥਾਣਾ ਸਰਹਿੰਦ ਵਿਖੇ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਕਰਦੇ ਹੋਏ ਸਹਾਇਕ ਥਾਣੇਦਾਰ ਬਲਵੀਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਰੌਬਿਨ ਵਾਸੀ ਪਟਿਆਲਾ ਨੂੰ ਗ੍ਰਿਫ਼ਤਾਰ ਨੂੰ ਕਰ ਲਿਆ ਗਿਆ, ਜਦੋਂ ਕਿ ਬਰਾਮਦ ਕੀਤੀ ਗਈ ਲੜਕੀ ਨੂੰ ਉਸ ਦੇ ਮਾਪਿਆਂ ਦੇ ਸਪੁਰਦ ਕਰ ਦਿੱਤਾ।

ਪੁਲਸ ਨੇ ਲੋਕਾਂ ਨੂੰ ਨਸ਼ਿਆਂ ਪ੍ਰਤੀ ਕੀਤਾ ਜਾਗਰੂਕ

ਮਲੋਟ (ਗੁਰਮੀਤ ਸਿੰਘ ਮੱਕੜ)-ਥਾਣਾ ਲੰਬੀ ਦੇ ਮੁਖੀ ਰਜਿੰਦਰ ਕੁਮਾਰ ਦੀ ਅਗਵਾਈ ਹੇਠ ਲੰਬੀ ਵਿਖੇ ਸੈਮੀਨਰ ਕੀਤਾ ਗਿਆ, ਜਿਸ ਵਿੱਚ ਨਸ਼ਿਆਂ ਪ੍ਰਤੀ ਲੋਕਾਂ ਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਥਾਣਾ ਲੰਬੀ ਦੇ ਮੁਖੀ ਨੇ ਦੱਸਿਆ ਕਿ ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਦੇ ਦਿਸ਼ਾਂ ਨਿਰਦੇਸ਼ਾਂ ਤੇ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪੁਲਸ ਮੁਖੀ ਦੀ ਅਗਵਾਈ ਹੇਠ ਨਸ਼ਿਆਂ ਦੇ ਖਾਤਮੇ ਲਈ ਵਿਸ਼ੇਸ਼ ਮੁਹਿਮ ਚਲਾਈ ਜਾ ਰਹੀ ਹੈ। ਜਿੱਥੇ ਨਸ਼ਿਆਂ ਦੀ ਤਸਕਰੀ ਕਰਨ ਵਾਲੇ ਲੋਕਾਂ ਨੂੰ ਫੜਿਆ ਜਾ ਰਿਹਾ ਹੈ, ਉਥੇ ਸੈਮੀਨਾਰ ਲਗਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਜੋ ਨੌਜਵਾਨ ਨਸ਼ਿਆਂ ਦੀ ਦਲ ਦਲ ਵਿੱਚੋਂ ਬਾਹਰ ਨਿਕਲਣਾ ਚਾਹੁੰਦੇ ਹਨ, ਉਨ੍ਹਾਂ ਦਾ ਇਲਾਜ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਲੰਬੀ ਦੇ ਨਾਲ ਲੱਗਦੇ ਪੰਜਾਬ ਹਰਿਆਣਾ ਦੀਆਂ ਸਰਹੱਦਾਂ ਉੱਪਰ 24 ਘੰਟੇ ਨਾਕਾਬੰਦੀ ਕੀਤੀ ਹੋਈ ਹੈ ਤੇ ਨਸ਼ਿਆਂ ਦੀ ਤਸਕਰੀ ਕਰਨ ਵਾਲਿਆਂ 'ਤੇ ਨਜ਼ਰ ਰੱਖੀ ਜਾ ਰਹੀ ਹੈ।

ਗੁਰਦੁਆਰਾ ਪ੍ਰਗਟ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ ਮਨਾਇਆ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਗੁਰਦੁਆਰਾ ਪ੍ਰਗਟ ਸਾਹਿਬ ਪਿੰਡ ਹਾਮਦ ਵਿਖੇ ਹਰ ਸਾਲ ਦੀ

6-Oct-PAGE-8.qxd 10/5/2023 10:54 PM Page 1

ਪੰਜਾਬ ਪ੍ਰੈੱਸ ਕਲੱਬ ਵੱਲੋਂ ਪ੍ਰੈੱਸ ਦੀ ਅਜ਼ਾਦੀ 'ਤੇ ਹੋ ਰਹੇ ਹਮਲਿਆਂ ਦੀ ਨਿੰਦਾ

ਜਲੰਧਰ, (ਸ਼ੈਲੀ ਐਲਬਰਟ)

ਇਹ ਬੇਹੱਦ ਚਿੰਤਾ ਤੇ ਫ਼ਿਕਰ ਵਾਲੀ ਗੱਲ ਹੈ ਕਿ ਦੇਸ਼ 'ਚ ਪ੍ਰੈੱਸ ਦੀ ਅਜ਼ਾਦੀ ਲਈ ਗੰਭੀਰ ਖ਼ਤਰੇ ਉੱਭਰ ਰਹੇ ਹਨ। ਬੀਤੇ ਦਿਨ ਨਵੀਂ ਦਿੱਲੀ ਵਿਚ 'ਨਿਊਜ਼ਕਲਿੱਕ' ਨਿਊਜ਼ ਪੋਰਟਲ ਨਾਲ ਸੰਬੰਧਤ ਪੱਤਰਕਾਰਾਂ ਖਿਲਾਫ਼ ਦਿੱਲੀ ਪੁਲਸ ਵਲੋਂ ਯੂ.ਏ.ਪੀ.ਏ. ਅਤੇ ਹੋਰ ਸੰਗੀਨ ਕਾਨੂੰਨਾਂ ਅਧੀਨ ਕੀਤੀ ਗਈ ਕਾਰਵਾਈ ਨੂੰ ਇਸੇ ਸੰਦਰਭ ਵਿਚ ਦੇਖਿਆ ਜਾ ਸਕਦਾ ਹੈ। ਦਿੱਲੀ ਪੁਲਸ ਵੱਲੋਂ 'ਨਿਊਜ਼ਕਲਿੱਕ' ਦੇ ਬਾਨੀ ਪ੍ਰਬੀਰ ਪਰਕਾਇਸਥ ਅਤੇ ਕੁਝ ਹੋਰ ਪੱਤਰਕਾਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਿੱਧੇ-ਅਸਿੱਧੇ ਢੰਗ ਨਾਲ 'ਨਿਊਜ਼ਕਲਿੱਕ' ਨਾਲ ਸੰਬੰਧਤ ਸੀਨੀਅਰ ਪੱਤਰਕਾਰਾਂ ਨੂੰ ਦਿੱਲੀ ਦੇ ਸਪੈਸ਼ਲ ਸੈੱਲ ਵਿਚ ਲਿਜਾ ਕੇ ਸਖ਼ਤ ਪੁੱਛਗਿੱਛ ਕੀਤੀ ਗਈ ਅਤੇ ਉਨ੍ਹਾਂ ਦੇ ਲੈਪਟਾਪ ਅਤੇ ਮੋਬਾਈਲ ਫੋਨ ਵੀ ਜ਼ਬਤ ਕੀਤੇ ਗਏ ਹਨ। ਜਿਨ੍ਹਾਂ ਸੀਨੀਅਰ ਪੱਤਰਕਾਰਾਂ ਦੇ ਘਰਾਂ ਵਿਚ ਛਾਪੇਮਾਰੀ ਕੀਤੀ ਗਈ ਹੈ, ਉਨ੍ਹਾਂ ਵਿਚ ਭਾਸ਼ਾ ਸਿੰਘ, ਉਰਮਲੇਸ਼, ਪ੍ਰੰਜਯ ਠਾਕੁਰਤਾ, ਅਭੀਸਾਰ ਸ਼ਰਮਾ, ਔਨੰਨਿਦਿਓ ਚੱਕਰਵਰਤੀ ਅਤੇ ਇਤਿਹਾਸਕਾਰ ਸੁਹੇਲ ਹਾਸ਼ਮੀ ਆਦਿ ਸ਼ਾਮਲ ਹਨ। ਮੀਡੀਆ ਕਰਮੀਆਂ 'ਤੇ ਦਿੱਲੀ ਪੁਲਸ ਵਲੋਂ ਕੀਤੀ ਗਈ ਇਸ ਕਾਰਵਾਈ ਦੀ ਅਸੀਂ ਸਖ਼ਤ ਆਲੋਚਨਾ ਕਰਦੇ ਹਾਂ ਅਤੇ ਕੇਂਦਰ ਸਰਕਾਰ ਨੂੰ ਪ੍ਰੈੱਸ ਦੀ ਅਜ਼ਾਦੀ ਨੂੰ ਯਕੀਨੀ ਬਣਾਉਣ ਦੀ ਅਪੀਲ ਕਰਦੇ ਹਾਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਇਥੇ ਪੰਜਾਬ ਪ੍ਰੈੱਸ ਕਲੱਬ ਵਿਖੇ ਜਲੰਧਰ ਦੇ ਪੱਤਰਕਾਰਾਂ ਦੀ ਹੋਈ ਹੰਗਾਮੀ ਮੀਟਿੰਗ ਵਿਚ ਕੀਤਾ ਗਿਆ। ਮੀਟਿੰਗ ਵਿਚ ਸ਼ਾਮਲ ਹੋਏ ਪੱਤਰਕਾਰਾਂ ਨੇ ਕਿਹਾ ਕਿ ਦੇਸ਼ ਵਿਚ ਪ੍ਰੈੱਸ ਦੀ ਅਜ਼ਾਦੀ ਲਗਾਤਾਰ ਸੁੰਘੜਦੀ ਜਾ ਰਹੀ ਹੈ। ਅਜ਼ਾਦ ਅਤੇ ਨਿਰਪੱਖ ਢੰਗ ਨਾਲ ਕੰਮ ਕਰਨ ਵਾਲੇ ਮੀਡੀਆ ਅਦਾਰਿਆਂ ਅਤੇ ਮੀਡੀਆ ਕਰਮੀਆਂ ਨੂੰ ਸਰਕਾਰੀ ਅਤੇ ਗ਼ੈਰ ਸਰਕਾਰੀ ਧਿਰਾਂ ਵਲੋਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਕਤ ਮੀਟਿੰਗ 'ਚ ਸ਼ਾਮਲ ਪੱਤਰਕਾਰਾਂ ਨੇ ਕਿਹਾ ਕਿ ਪੰਜਾਬ ਦੇ ਸਮੂਹ ਮੀਡੀਆ ਕਰਮੀਆਂ, ਅਦਾਰਿਆਂ ਤੇ ਜਾਗਰੂਕ ਨਾਗਰਿਕਾਂ ਨੂੰ ਵੀ ਪ੍ਰੈੱਸ ਦੀ ਆਜ਼ਾਦੀ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਪ੍ਰੈੱਸ ਕਲੱਬ ਦੇ ਪ੍ਰਧਾਨ ਸਤਨਾਮ ਸਿੰਘ ਮਾਣਕ ਤੋਂ ਇਲਾਵਾ ਪੱਤਰਕਾਰ ਰਾਜੇਸ਼ ਥਾਪਾ, ਮੇਹਰ ਮਲਿਕ, ਰਾਕੇਸ਼ ਸੂਰੀ, ਸੁਕਰਾਂਤ ਸਫ਼ਰੀ, ਪ੍ਰਦੀਪ ਵਰਮਾ, ਮਜ਼ਹਰ ਆਲਮ ਆਦਿ ਵਲੋਂ ਵੀ ਆਪਣੇ ਵਿਚਾਰ ਪ੍ਰਗਟ ਕੀਤੇ ਗਏ। ਉਕਤ ਮੀਟਿੰਗ ਵਿਚ ਜਨਰਲ ਮੈਨੇਜਰ ਜਤਿੰਦਰ ਪਾਲ ਸਿੰਘ, ਧਰਮਿੰਦਰ ਸੋਂਧੀ, ਰਾਜੂ ਗੁਪਤਾ, ਰਮੇਸ਼ ਗਾਬਾ, ਹਰਵਿੰਦਰ ਸਿੰਘ ਫੁੱਲ, ਨਿਸ਼ਾ ਸ਼ਰਮਾ, ਮਨਜੀਤ ਸ਼ਿਮਾਰੂ, ਕਰਨ ਲੂਥਰਾ, ਜਤਿੰਦਰ ਸ਼ਰਮਾ, ਜਸਬੀਰ ਸਿੰਘ ਸੋਢੀ, ਪਵਨ, ਰਾਕੇਸ਼ ਬੋਬੀ, ਵਿਕਰਮ ਵਿੱਕੀ, ਡੇਵਿਡ, ਰਾਜੇਸ਼ ਸ਼ਰਮਾ ਟਿੰਕੂ, ਸੰਨੀ ਭਗਤ, ਮਹਿੰਦਰ ਰਾਮ ਫੁਗਲਾਣਾ, ਵਿਜੇ ਅਟਵਾਲ, ਦਵਿੰਦਰ ਕੁਮਾਰ, ਅਮਰਜੀਤ ਲਵਲਾ, ਅਮਨ ਅਤੇ ਹੋਰ ਵੀ ਕਈ ਮੀਡੀਆ ਕਰਮੀ ਹਾਜ਼ਰ ਸਨ।

ਸਾਡੇ ਕੋਲ ਕਿਸੇ ਨੂੰ ਵੀ ਦੇਣ ਲਈ ਪਾਣੀ ਨਹੀਂ : ਰਾਜਾ ਵੜਿੰਗ

ਚੰਡੀਗੜ੍ਹ, (ਗੁਰਜੀਤ ਬਿੱਲਾ)

ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਸੁਪਰੀਮ ਕੋਰਟ ਵੱਲੋਂ ਐੱਸ.ਵਾਈ.ਐੱਲ ਨਹਿਰ ਦੀ ਉਸਾਰੀ ਲਈ ਜ਼ਮੀਨ ਦਾ ਪੰਜਾਬ ਵਿੱਚ ਸਰਵੇਖਣ ਕਰਨ ਦੇ ਹੁਕਮਾਂ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੰਜਾਬ ਕੋਲ ਕਿਸੇ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ, ਇਸ ਲਈ ਸਰਵੇਖਣ ਕਰਵਾਉਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਇੱਥੇ ਜਾਰੀ ਇੱਕ ਬਿਆਨ ਵਿੱਚ ਪ੍ਰਦੇਸ਼ ਕਾਂਗਰਸ ਪ੍ਰਧਾਨ ਨੇ ਕਿਹਾ, "ਅਸੀਂ ਭਾਰਤ ਦੀ ਮਾਣਯੋਗ ਸੁਪਰੀਮ ਕੋਰਟ ਦਾ ਆਦਰ ਕਰਦੇ ਹਾਂ ਅਤੇ ਉਸ ਦਾ ਸਨਮਾਨ ਕਰਦੇ ਹਾਂ, ਅਸੀਂ ਕੇਂਦਰ ਸਰਕਾਰ ਨੂੰ ਸਤਲੁਜ-ਯਮੁਨਾ ਦੇ ਨਿਰਮਾਣ ਲਈ ਜ਼ਮੀਨ ਦਾ ਸਰਵੇਖਣ ਕਰਨ ਦੇ ਹੁਕਮ ਦੇਣ ਦੇ ਅੱਜ ਦੇ ਹੁਕਮਾਂ ਦਾ ਸਖਤ ਵਿਰੋਧ ਕਰਦੇ ਹਾਂ। ਪੰਜ ਦਰਿਆਵਾਂ ਦੀ ਧਰਤੀ ਪੰਜਾਬ ਦਾ ਪਾਣੀ ਬੁਰੀ ਤਰ੍ਹਾਂ ਖਤਮ ਹੋ ਚੁੱਕਾ ਹੈ ਅਤੇ ਸਾਡਾ ਧਰਤੀ ਹੇਠਲਾ ਪਾਣੀ ਵੀ ਖਤਮ ਹੋਣ ਕਿਨਾਰੇ ਹੈ, ਇਸ ਲਈ ਸਾਡਾ ਪਾਣੀ ਕਿਸੇ ਸੂਬੇ ਨੂੰ ਦੇਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਆਮ ਆਦਮੀ ਪਾਰਟੀ 'ਤੇ ਪੰਜਾਬ ਦੇ ਮਾਮਲੇ ਨੂੰ ਕਮਜ਼ੋਰ ਕਰਨ ਦਾ ਦੋਸ਼ ਲਗਾਉਂਦੇ ਹੋਏ ਰਾਜਾ ਵੜਿੰਗ ਨੇ ਕਿਹਾ, 'ਆਮ ਆਦਮੀ ਪਾਰਟੀ ਦਾ ਸ਼ੁਰੂ ਤੋਂ ਹੀ ਇਸ ਮਾਮਲੇ 'ਚ ਨਿੱਜੀ ਹਿੱਤ ਰਿਹਾ ਹੈ। ਉਨ੍ਹਾਂ ਦੇ ਰਾਜ ਸਭਾ ਮੈਂਬਰ ਸੁਸ਼ੀਲ ਗੁਪਤਾ ਨੇ ਬਿਆਨ ਦਿੱਤਾ ਸੀ ਕਿ ਪੰਜਾਬ 'ਚ ਸਾਡੀ ਸਰਕਾਰ ਬਣ ਗਈ ਹੈ, ਹੁਣ ਅਸੀਂ ਬਣਾਵਾਂਗੇ ਅਤੇ ਹਰਿਆਣਾ ਦੇ ਹਰ ਖੇਤ ਤੱਕ ਪਾਣੀ ਪਹੁੰਚਾਵਾਂਗੇ। ਏਨਾ ਹੀ ਨਹੀਂ ਉਨ੍ਹਾਂ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਹਰਿਆਣਾ 'ਚ ਚੋਣ ਪ੍ਰਚਾਰ ਦੌਰਾਨ ਇਹੀ ਬਿਆਨ ਦਿੱਤੇ ਸਨ। ਗਿੱਦੜਬਾਹਾ ਦੇ ਵਿਧਾਇਕ ਨੇ ਅੱਗੇ ਕਿਹਾ ਕਿ ਇਹ ਸਿਰਫ ਇੱਕ ਨਹਿਰ ਦੀ ਉਸਾਰੀ ਦਾ ਮਸਲਾ ਨਹੀਂ ਹੈ, ਇਸ ਮੁੱਦੇ ਨਾਲ ਪੰਜਾਬੀਆਂ ਦੀਆਂ ਬਹੁਤ ਸਾਰੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ, ਜਿਸ ਕਾਰਨ ਪਹਿਲਾਂ ਵੀ ਪੰਜਾਬ ਵਿੱਚ ਝਗੜਾ ਹੋਇਆ ਸੀ ਅਤੇ ਹਾਲਾਤ ਵਿਗੜ ਗਏ ਸਨ। ਐੱਸ.ਵਾਈ.ਐੱਲ ਦੇ ਇਸ ਮੁੱਦੇ ਕਾਰਨ ਪੰਜਾਬ ਨੂੰ ਕਾਲੇ ਦੌਰ ਦਾ ਸਾਹਮਣਾ ਕਰਨਾ ਪਿਆ ਸੀ। ਸਰਵੇ ਦੇ ਹੁਕਮਾਂ 'ਤੇ ਟਿੱਪਣੀ ਕਰਦਿਆਂ ਵੜਿੰਗ ਨੇ ਕਿਹਾ, "ਹਰਿਆਣਾ ਸਰਕਾਰ ਨੇ ਸਰਵੇਖਣ ਕੀਤਾ ਹੈ ਅਤੇ ਉਸਾਰੀ ਦਾ ਆਪਣਾ ਪੱਖ ਪੂਰਾ ਕਰ ਲਿਆ ਹੈ ਕਿਉਂਕਿ ਉਨ੍ਹਾਂ ਨੂੰ ਪਾਣੀ ਦੀ ਲੋੜ ਹੈ, ਪਰ ਸਾਡੇ ਕੋਲ ਬਚਣ ਲਈ ਪਾਣੀ ਨਹੀਂ ਹੈ, ਇਸ ਲਈ ਪੰਜਾਬ ਵਿੱਚ ਸਰਵੇਖਣ ਕਰਨ ਦਾ ਸਵਾਲ ਹੀ ਪੈਦਾ ਨਹੀਂ ਹੋਣਾ ਚਾਹੀਦਾ।"

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅਰਥੀ ਫੂਕੀ ਮੁਜ਼ਾਹਰਾ

ਮਹਿਤਪੁਰ (ਰਾਜਾ) ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਅਤੇ ਜਮਹੂਰੀ ਕਿਸਾਨ ਸਭਾ ਵੱਲੋਂ ਬਜ਼ਾਰ 'ਚ ਮੁਜ਼ਾਹਰਾ ਕਰਨ ਉਪਰੰਤ ਨਰਿੰਦਰ ਮੋਦੀ ਅਤੇ ਲਖੀਮਪੁਰ ਖੀਰੀ ਕਾਂਡ ਦੇ ਮੁੱਖ ਦੋਸ਼ੀ ਕੇਂਦਰੀ ਰਾਜ ਮੰਤਰੀ ਅਜੇ ਮਿਸ਼ਰਾ ਟੈਣੀ ਦੀ ਅਰਥੀ ਫੂਕੀ ਗਈ ਅਤੇ ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਇਸ ਕਾਂਡ ਨਾਲ ਸਬੰਧਤ ਸਾਰੇ ਦੋਸ਼ੀਆਂ ਨੂੰ ਸਖਤ ਸਜਾਵਾਂ ਦਿੱਤੀਆਂ ਜਾਣ ਬੇਕਾਸੂਰ ਗ੍ਰਿਫ਼ਤਾਰ ਕਿਸਾਨਾਂ ਨੂੰ ਜਲਦੀ ਰਿਹਾਅ ਕੀਤਾ ਜਾਵੇ ਅਤੇ ਸ਼ਹੀਦ ਕਿਸਾਨਾਂ ਨੂੰ ਸਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਜਿਲ੍ਹਾ ਸਕੱਤਰ ਦਿਲਬਾਗ ਸਿੰਘ ਚੰਦੀ, ਯੂਥ ਵਿੰਗ ਦੇ ਪ੍ਰਧਾਨ ਮਨਦੀਪ ਸਿੱਧੂ, ਕੁਲਵਿੰਦਰ ਸਿੰਘ ਮੰਡ ਅਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਮੇਜਰ ਸਿੰਘ ਖੁਰਲਾਪੁਰ, ਮਜ਼ਦੂਰ ਆਗੂ ਸੱਤਪਾਲ ਸਹੋਤਾ ਤੋਂ ਇਲਾਵਾ ਸਤਨਾਮ ਸਿੰਘ ਬਿੱਲੇ, ਮਹਿੰਦਰ ਸਿੰਘ ਸਰਪੰਚ ਬੂਟੇ ਦੀਆ ਛੰਨਾਂ, ਸ਼ੇਰ ਸਿੰਘ ਪਹਿਲਵਾਨ, ਜਸਵੀਰ ਸਿੰਘ ਆਦਿ ਹਾਜ਼ਰ ਸਨ।

ਮੁਹੱਲਾ ਟਿੱਬਾ ਸਾਹਿਬ 'ਚ ਗੁਰਦੁਆਰੇ ਦੇ ਬਾਹਰੋਂ ਸਕੂਟਰੀ ਚੋਰੀ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਸਥਾਨਿਕ ਮਾਡਲ ਟਾਊਨ ਥਾਣੇ ਅਧੀਨ ਆਉਂਦੇ ਮੁਹੱਲਾ ਟਿੱਬਾ ਸਾਹਿਬ ਵਿਖੇ ਗੁਰਦੁਆਰੇ ਦੇ ਬਾਹਰੋਂ ਸਕੂਟਰੀ ਚੋਰੀ ਹੋਣ ਦੀ ਖ਼ਬਰ ਮਿਲੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਾਬਾ ਪਰਮਿੰਦਰ ਸਿੰਘ ਪਨੇਸਰ ਵਾਸੀ ਮਿਰਜਾਪੁਰ ਧਾਲੀਵਾਲ ਨੇ ਦੱਸਿਆ ਕਿ ਉਹ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਮਹਲਾ ਟਿੱਬਾ ਸਾਹਿਬ ਵਿਖੇ ਧਾਰਮਿਕ ਸਮਾਗਮ 'ਚ ਸ਼ਾਮਲ ਹੋਣ ਲਈ ਆਪਣੀ ਹਾਂਡਾ ਐਕਟਿਵਾ ਸਕੂਟਰੀ ਨੰਬਰ ਪੀਬੀ 07 ਏ ਵਾਈ 7533 ਰਾਹੀਂ ਆਏ ਸਨ। ਜਦੋਂ ਉਹ ਸਮਾਗਮ ਦੀ ਸਮਾਪਤੀ ਉਪਰੰਤ ਕਰੀਬ ਇੱਕ ਘੰਟੇ ਬਾਅਦ ਬਾਹਰ ਨਿਕਲੇ ਤਾਂ ਦੇਖਿਆ ਕਿ ਸਕੂਟਰੀ ਉੱਥੇ ਨਹੀਂ ਸੀ। ਇਸ ਸੰਬੰਧੀ ਕੁਝ ਦੇਰ ਉਹਨਾਂ ਆਲੇ ਦੁਆਲੇ ਭਾਲ ਕੀਤੀ ਪਰ ਕੁਝ ਪਤਾ ਨਾ ਲੱਗਣ ਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੂੰ ਦੱਸਿਆ ਤਾਂ ਸੀ ਸੀ ਟੀ ਵੀ ਦੀ ਫੁਟੇਜ 'ਚ ਇੱਕ ਵਿਅਕਤੀ ਸਕੂਟਰੀ ਲਿਜਾਂਦਾ ਦੇਖਿਆ ਗਿਆ। ਇਸ ਸੰਬੰਧੀ ਉਨ੍ਹਾਂ ਸੀਨੀਅਰ ਆਪ ਆਗੂ ਸਤਵੰਤ ਸਿੰਘ ਸਿਆਣ ਨੂੰ ਨਾਲ ਲਿਜਾ ਕੇ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੀ ਪੁਲਸ ਨੂੰ ਲਿਖਤੀ ਸਚਨਾ ਦੇ ਦਿੱਤੀ ਹੈ।

ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮੰਗ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)

ਕਰੀਬ ਦੋ ਸਾਲ ਪਹਿਲਾਂ ਲਖੀਮਪੁਰ ਖੀਰੀ ਵਿਖੇ ਸਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਕੇ ਵਾਪਸ ਮੁੜ ਰਹੇ ਕਿਸਾਨਾਂ ਉੱਪਰ ਕੇਂਦਰੀ ਮੰਤਰੀ ਅਜੇ ਮਿਸ਼ਰਾ ਦੇ ਲੜਕੇ ਵੱਲੋਂ ਗੱਡੀ ਹੇਠਾਂ ਦੇ ਕੇ ਕੁਝ ਕਿਸਾਨਾਂ ਅਤੇ ਇਕ ਪੱਤਰਕਾਰ ਨੂੰ ਮਾਰ ਦਿੱਤਾ ਸੀ ਅਤੇ ਘਟਨਾ ਦੇ ਦੋਸ਼ੀਆਂ ਨੂੰ ਅੱਜ ਤੱਕ ਸਜਾ ਨਾ ਦਿੱਤੇ ਜਾਣ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਨੇ ਦੇਸ਼ ਦੇ ਪ੍ਰਧਾਨ ਮੰਤਰੀ, ਕੇਂਦਰੀ ਮੰਤਰੀ ਮਿਸ਼ਰਾ ਅਤੇ ਉਸਦੇ ਲੜਕੇ ਦੇ ਪੁਤਲੇ ਫੂਕੇ ਗਏ ਅਤੇ ਕੇਂਦਰ ਸਰਕਾਰ ਵਿਰੁੱਧ ਜੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਤੋਂ ਪਹਿਲਾਂ ਪ੍ਰੈਸ ਕਲੱਬ ਵਿਖੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਗੁਰਦੀਪ ਸਿੰਘ ਭੰਡਾਲ ਸੂਬਾ ਜਨਰਲ ਸਕੱਤਰ ਪੰਜਾਬ ਕਿਸਾਨ ਯੂਨੀਅਨ ਬਾਗੀ ਅਤੇ ਬਲਵੀਰ ਸਿੰਘ ਪੈਨਸ਼ਨਰ ਯੂਨੀਅਨ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਉਹਨਾਂ ਮੰਗ ਕੀਤੀ ਕਿ ਸੰਬੰਧਿਤ ਮੰਤਰੀ ਅਜੇ ਮਿਸ਼ਰਾ ਨੂੰ ਤੁਰੰਤ ਕੇਂਦਰ ਸਰਕਾਰ 'ਚੋਂ ਬਰਖਾਸਤ ਕੀਤਾ ਜਾਵੇ ਅਤੇ ਉਸਦੇ ਲੜਕੇ ਵਿਰੁੱਧ ਕਾਨੂੰਨੀ ਕਾਰਵਾਈ ਕਰਕੇ ਉਸ ਨੂੰ ਸਖਤ ਸਜਾਵਾਂ ਦਿੱਤੀਆਂ ਜਾਣ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਐਡਵੋਕੇਟ ਰਜਿੰਦਰ ਸਿੰਘ ਰਾਣਾ, ਐਡਵੋਕੇਟ ਕੇਹਰ ਸਿੰਘ ਐਡਵੋਕੇਟ ਤਰੁਣ ਕੰਬੋਜ ਸੈਕਟਰੀ ਐਡਵੋਕੇਟ ਪਰਮਿੰਦਰ ਸਿੰਘ ਨੰਢਾ, ਕੁੱਲ ਹਿੰਦ ਕਿਸਾਨ ਸਭਾ ਦੇ ਅਮਰਜੀਤ ਸਿੰਘ ਟਿੱਬਾ, ਮਾਸਟਰ ਚਰਨ ਸਿੰਘ, ਜਸਵੰਤ ਸਿੰਘ ਕਰਮਜੀਤ ਪੁਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਰਘਬੀਰ ਸਿੰਘ ਮਹਿਰਵਾਲਾ, ਡਾਕਟਰ ਸੁਖਦੇਵ ਸਿੰਘ, ਮਾਸਟਰ ਨਰੰਜਣ ਸਿੰਘ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਪ੍ਰਧਾਨ ਸਤਨਾਮ ਸਿੰਘ ਸਾਬੀ, ਨਿਰਮਾਣ ਮਜ਼ਦੂਰ ਯੂਨੀਅਨ ਦੇ ਕਾਮਰੇਡ ਬਲਦੇਵ ਸਿੰਘ, ਪੇਂਡੂ ਮਜਦੂਰ ਯੂਨੀਅਨ ਦੇ ਨਿਰਮਲ ਸਿੰਘ ਸ਼ੇਰਪੁਰ ਸਧਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੁਰਜੀਤ ਸਿੰਘ ਠੱਟਾ, ਸੰਤਾ ਸਿੰਘ, ਨੰਬਰਦਾਰ ਯੂਨੀਅਨ ਦੇ ਹਰਵੰਤ ਸਿੰਘ ਵੜੈਚ ਸਰਵਨ ਸਿੰਘ ਕਰਮਜੀਤ ਪੁਰ, ਨੰਬਰਦਾਰ ਮਹਿੰਦਰ ਸਿੰਘ ਮੋਖੇ, ਭਾਕਿਯੂ ਡਕੌਂਦਾ ਦੇ ਜਿਲ੍ਹਾ ਕਪੂਰਥਲਾ ਦੇ ਪ੍ਰਧਾਨ ਧਰਮਿੰਦਰ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਬਲਵਿੰਦਰ ਸਿੰਘ ਭੁੱਲਰ, ਪਰਮਜੀਤ ਸਿੰਘ, ਜਸਪਾਲ ਸਿੰਘ, ਸੁਖਦੇਵ ਸਿੰਘ, ਦਿਆਲ ਸਿੰਘ ਦੀਪੇਵਾਲ, ਬਲਬੀਰ ਸਿੰਘ, ਮਦਨ ਲਾਲ ਕੰਡਾ, ਪੰਜਾਬ ਕਿਸਾਨ ਯੂਨੀਅਨ ਬਾਗੀ ਦੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਜੱਬੋਵਾਲ, ਅਵਤਾਰ ਸਿੰਘ ਸੈਕਟਰੀ, ਹਰਬੰਸ ਸਿੰਘ, ਹਰਪਿੰਦਰ ਸਿੰਘ, ਹਰਚਰਨ ਸਿੰਘ, ਮਨਜੀਤ ਸਿੰਘ ਵੀ ਹਾਜ਼ਰ ਸਨ।

ਲਖੀਮਪੁਰ ਖੀਰੀ ਦੇ ਦੋਸ਼ੀਆਂ ਖਿਲਾਫ ਕਾਰਵਾਈ ਕਰਕੇ ਦਿੱਤਾ ਜਾਵੇ ਇਨਸਾਫ : ਲੁਭਾਇਆ ਸਿੰਘ

ਕਾਲਾ ਸੰਘਿਆਂ, (ਮਨਜੀਤ ਮਾਨ)

ਕੇਂਦਰ ਸਰਕਾਰ ਵੱਲੋਂ 2 ਸਾਲ ਪਹਿਲਾਂ ਲਿਆਂਦੇ ਗਏ 3 ਕਾਲੇ ਖੇਤੀ ਬਿੱਲਾਂ ਵਿਰੁੱਧ ਆਰੰਭੇ ਕਿਸਾਨਾਂ ਦੇ ਸੰਘਰਸ਼ ਦੌਰਾਨ ਯੂ. ਪੀ. ਦੇ ਲਖੀਮਪੁਰ ਖੀਰੀ ਵਿਚ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਇੱਕ ਕੇਂਦਰੀ ਮੰਤਰੀ ਦੇ ਵਿਗੜੈਲ ਪੁੱਤ ਵੱਲੋਂ ਕਥਿਤ ਆਪਣੀਆਂ ਗੱਡੀਆਂ ਹੇਠ ਦਰੜ ਕੇ 4 ਕਿਸਾਨਾਂ, 1 ਪੱਤਰਕਾਰ ਸਮੇਤ 8 ਲੋਕਾਂ ਨੂੰ ਮੌਤ ਦੇ ਘਾਟ ਉਤਾਰਨ ਦੇ ਬਾਵਜੂਦ ਪੀੜਤ ਪਰਵਾਰਾਂ ਨੂੰ ਮਾਣਯੋਗ ਅਦਾਲਤ ਵੱਲੋਂ ਇਨਸਾਫ ਮੁਹੱਈਆ ਨਾ ਕਰਵਾਏ ਜਾਣ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਵੱਲੋਂ ਦਿੱਤੀ ਗਈ ਕਾਲ ਤਹਿਤ ਕਿਰਤੀ ਕਿਸਾਨ ਯੂਨੀਅਨ ਇਲਾਕਾ ਕਾਲਾ ਸੰਘਿਆਂ ਵੱਲੋਂ ਦੋਸ਼ੀਆਂ ਦੇ ਪੁਤਲੇ ਫੂਕ ਕੇ ਆਪਣੇ ਦੁਖੜੇ ਸਰਕਾਰ ਮੂਹਰੇ ਰੋਏ ਗਏ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਕਿਰਤੀ ਕਿਸਾਨ ਯੂਨੀਅਨ ਇਲਾਕਾ ਕਾਲਾ ਸੰਘਿਆਂ ਦੇ ਪ੍ਰਧਾਨ ਕਾਮਰੇਡ ਲੁਭਾਇਆ ਸਿੰਘ ਤੇ ਸੁਰਿੰਦਰ ਸਿੰਘ ਗਦਰੀ ਕਰ ਰਹੇ

6-Oct-PAGE-9.qxd 10/5/2023 10:53 PM Page 1

ਮੋਟਰਸਾਈਕਲ ਸਵਾਰ ਨਸ਼ੀਲੇ ਕੈਪਸੂਲਾਂ ਸਮੇਤ ਕਾਬੂ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਐਸ ਆਈ ਜਗਜੀਤ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਨੇ ਦੱਸਿਆ ਐਸ ਆਈ ਗੁਰਦੀਪ ਸਿੰਘ ਸਮੇਤ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪਿੰਡ ਬਡਲਾ ਤੋਂ ਵਾਪਸ ਥਾਣਾ ਆ ਰਹੇ ਸੀ ਤਾਂ ਪਿੰਡ ਮੋਨਾ ਕਲਾਂ ਤੋਂ ਫੁਗਲਾਣਾ ਦੇ ਵਿਚਕਾਰ ਬਣੇ ਰੈਂਪ ਤੋਂ ਫੁਗਲਾਣਾ ਵੱਲ ਨੂੰ ਸੜਕ 'ਤੇ ਪੁੱਜੇ ਤਾਂ ਸਾਹਮਣੇ ਤੋਂ ਪਿੰਡ ਫੁਗਲਾਣਾ ਵਲੋਂ ਇੱਕ ਮੋਨਾ ਨੌਜਵਾਨ ਉਮਰ ਕਰੀਬ 30/35 ਸਾਲ ਮੋਟਰਸਾਇਕਲ ਨੰਬਰ - 07— 4820 ਪਰ ਆਉਂਦਾ ਦਿਖਾਈ ਦਿੱਤਾ ਜੋ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਤੇ ਮੋਟਰਸਾਇਕਲ ਸੜਕ ਦੇ ਖੱਬੇ ਪਾਸੇ ਲੱਗਾ ਕੇ ਹੈਂਡਲ ਨਾਲ ਟੰਗਿਆ ਹੋਇਆ ਲਿਫਾਫਾ ਪਲਾਸਟਿਕ ਉਤਾਰ ਕੇ ਤੇਜ ਕਦਮੀ ਖੇਤਾਂ ਵੱਲ ਨੂੰ ਤੁਰ ਪਿਆ ਜਿਸ ਨੂੰ ਕਾਬੂ ਕਰ ਲਿਆ ਗਿਆ। ਉਸ ਦੀ ਪਛਾਣ ਉਂਕਾਰ ਚੰਦ ਉਰਫ ਕਾਲਾ ਪੁੱਤਰ ਗੁਰਪਾਲ ਸਿੰਘ ਵਾਸੀ ਸੁੰਦਰ ਨਗਰ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਜੋਂ ਹੋਈ ਅਤੇ ਉਸ ਕੋਲੋਂ 1080 ਨਸ਼ੀਲੇ ਕੈਪਸੂਲ ਬਰਾਮਦ ਹੋਏ । ਜਿਸ 'ਤੇ ਮੁਕੱਦਮਾ 22-61-85 ਐਨ.ਡੀ.ਪੀ.ਐਸ ਐਕਟ ਦਰਜ ਕੀਤਾ ਗਿਆ ।

ਹਰਸ਼ਦੀਪ ਨੇ ਜਿੱਤਿਆ ਗੋਲਡ ਮੈਡਲ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਪੰਜਾਬ ਸਰਕਾਰ ਵਲੋਂ ਕਰਵਾਈਆਂ ਗਿਆ ' ਖੇਡਾਂ ਵਤਨ ਪੰਜਾਬ ਦੀਆਂ' ਦੇ ਪਾਵਰ ਲਿਫਟਿੰਗ ਦੇ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੀਮਾ ਕਲਾਂ, ਚੀਮਾ ਖੁਰਦ ਦੇ ਵਿਦਿਆਰਥੀ ਹਰਸ਼ਦੀਪ ਪੁੱਤਰ ਖੁਸ਼ਪਾਲ ਨਾਹ੍ਰਨਾ ਨੇ ਗੋਲਡ ਮੈਡਲ ਜਿੱਤ ਕੇ ਆਪਣੇ ਸਕੂਲ ,ਪਿੰਡ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ । ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਗੁਰਿੰਦਰ ਸਿੰਘ, ਖੁਸ਼ਪਾਲ ਸਿੰਘ ਅਤੇ ਸਕੂਲ ਦੇ ਸਟਾਫ ਵਲੋਂ ਹਰਸ਼ਦੀਪ ਦਾ ਨਿੱਘਾ ਸਵਾਗਤ ਕੀਤਾ ਗਿਆ ।

ਬਿਜ਼ਨੈਸ ਬਲਾਸਟਰ ਪ੍ਰੋਗਰਾਮ ਦੀ ਕੀਤੀ ਸ਼ੁਰੂਆਤ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁੰਡਾਲਾ ਲੜਕੇ ਵਿਖੇ ਪ੍ਰਿੰਸੀਪਲ ਸ੍ਰੀਮਤੀ ਨੀਲਮ ਦੀ ਅਗਵਾਈ ਹੇਠ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਬਿਜਨਸ ਬਲਾਸਟਰ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਜਿਸ ਵਿਚ ਪ੍ਰੋਗਰਾਮ ਇੰਚਾਰਜ ਮਨੋਜ ਕੁਮਾਰ ਨੇ ਸਰਕਾਰ ਵਲੋਂ ਚਲਾਏ ਜਾ ਰਹੇ ਇਸ ਪ੍ਰੋਗਰਾਮ ਦੀ ਸੰਪੂਰਨ ਜਾਣਕਾਰੀ ਦਿੱਤੀ ਗਈ। ਵਿਕਰਮ ਪਾਲ ਸਿੰਘ ਨੇ ਇਸ ਪ੍ਰੋਗਰਾਮ ਦੀ ਪ੍ਰਸ਼ੰਸਾ ਕਰਦਿਆਂ ਹੋਇਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਨਾਲ ਵਿਦਿਆਰਥੀਆਂ ਵਿਚ ਕੁਝ ਨਵਾਂ ਕਰਨ ਦੀ ਕਾਬਲੀਅਤ ਆਵੇਗੀ। ਇਸ ਸਮੇਂ ਵਿਦਿਆਰਥੀਆਂ ਨੇ ਵੀ ਸਵਾਲ ਜਵਾਬ ਕੀਤੇ। ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਆਲੇ ਦੁਆਲੇ ਵਿੱਚੋਂ ਨਵੇਂ ਆਈਡੀਆ ਵਿਚਾਰ ਲੈ ਕੇ ਆਉਣ ਜਿਸ ਨਾਲ ਬਿਜਨਸ ਬਲਾਸਟਰ ਪ੍ਰੋਗਰਾਮ ਸਫਲਤਾਪੂਰਵਕ ਸਪੰਨ ਹੋ ਸਕੇ ਤੇ ਵਿਦਿਆਰਥੀ ਆਪਣੇ ਜੀਵਨ ਵਿੱਚ ਕੁੱਝ ਨਵਾਂ ਸਿੱਖ ਸਕਣ।

ਭਗਵਾਨ ਵਾਲਮੀਕਿ ਪ੍ਰਕਾਸ਼ ਪੁਰਬ ਮਨਾਉਣ ਸੰਬੰਧੀ ਅਹਿਮ ਵਿਚਾਰਾਂ

ਕਾਲਾ ਸੰਘਿਆਂ (ਮਨਜੀਤ ਮਾਨ)-ਭਗਵਾਨ ਵਾਲਮੀਕਿ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਦੇ ਸਬੰਧ 'ਚ ਭਗਵਾਨ ਵਾਲਮੀਕਿ ਮਹਾਰਾਜ ਦੀ ਸ਼ੋਭਾ ਯਾਤਰਾ ਕਮੇਟੀ ਨਕੋਦਰ ਦੀ ਇੱਕ ਵਿਸ਼ੇਸ਼ ਮੀਟਿੰਗ ਰਜਿੰਦਰ ਕਾਕੂ ਦੀ ਪ੍ਰਧਾਨਗੀ ਹੇਠ ਕੀਤੀ ਗਈ ਜਿਸ ਵਿੱਚ 28 ਅਕਤੂਬਰ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਉਤਸਵ ਦੇ ਸੰਬੰਧ ਵਿੱਚ ਨਕੋਦਰ 'ਚ ਵਿਸ਼ਾਲ ਸ਼ੋਭਾ ਯਾਤਰਾ 26 ਅਕਤੂਬਰ ਦਿਨ ਵੀਰਵਾਰ ਨੂੰ ਭਗਵਾਨ ਵਾਲਮੀਕਿ ਚੌਕ ਨਕੋਦਰ ਤੋਂ ਆਰੰਭ ਹੋ ਕੇ ਸਾਰੇ ਸ਼ਹਿਰ ਦੀ ਪ੍ਰਕਰਮਾ ਕਰੇਗੀ ਅਤੇ ਭਗਵਾਨ ਵਾਲਮੀਕਿ ਚੌਕ 'ਚ ਸਮਾਪਤ ਹੋਵੇਗੀ। ਇਹ ਮਤਾ ਸਰਬ ਸੰਮਤੀ ਨਾਲ ਸਮੂਹ ਮੁਹੱਲਾ ਅਤੇ ਮੰਦਰ ਕਮੇਟੀਆਂ ਨਾਲ ਪਾਸ ਕੀਤਾ। ਇਸ ਮੌਕੇ ਚੇਅਰਮੇਨ ਰਜਿੰਦਰ ਕਾਕੂ, ਪ੍ਰਧਾਨ ਚੇਤਨ ਗਿੱਲ, ਉਪ ਚੇਅਰਮੇਨ ਨਵਨੀਤ ਸ਼ੇਰਗਿੱਲ, ਉਪ ਪ੍ਰਧਾਨ ਵਿਸ਼ਾਲ ਵਿੱਕੀ, ਭਗਵਾਨ ਵਾਲਮੀਕਿ ਐਕਸ਼ਨ ਫੋਰਸ ਪੰਜਾਬ ਪ੍ਰਧਾਨ ਧਰਮਿੰਦਰ ਨੰਗਲ, ਬਲਕਾਰ ਸਹੋਤਾ, ਰਵੀ ਸੱਭਰਵਾਲ ਪ੍ਰਧਾਨ ਵਾਲਮੀਕਿ ਟਾਈਗਰ ਫੋਰਸ ਨਕੋਦਰ, ਸ਼ਿਵ ਚੌਹਾਨ, ਅਜੇ ਬਾਬਾ, ਮੇਜਰ ਸੋਨੂੰ, ਮਨੀ ਗਰੇਵਾਲ, ਬੀਰਾ ਪ੍ਰਧਾਨ , ਤੀਰਥ, ਧੀਰਜ ਗਿੱਲ, ਅਜੇ ਗਿੱਲ, ਬਿਕਰਮ ਲਾਡੀ, ਜੱਸੀ ਪ੍ਰਧਾਨ, ਲਸ਼ਮਣ ਸਹੋਤਾ, ਸੋਨਾ ਮੱਟੂ , ਪੀਤਾ ਪ੍ਰਧਾਨ, ਜੱਸਾ ਪੰਚ, ਪ੍ਰਮਿੰਦਰ ਥਾਪਰ, ਰਜੇਸ਼ ਆਦਿ ਹਾਜ਼ਰ ਸਨ।

ਮਨੁੱਖ ਹੱਥੋਂ ਮਨੁੱਖ ਦੀ ਲੁੱਟ ਖ਼ਤਮ ਕਰਵਾਉਣਾ ਸੀ ਸ਼ਹੀਦ ਭਗਤ ਸਿੰਘ ਦਾ ਨਿਸ਼ਾਨਾ : ਤਰਕਸ਼ੀਲ ਆਗੂ

ਖਰੜ (ਹਰਨਾਮ ਸਿੰਘ ਡੱਲਾ) "ਸ਼ਹੀਦ ਭਗਤ ਸਿੰਘ ਕੇਵਲ ਇਸ ਕਰਕੇ ਸਾਡਾ ਹਰਮਨ ਪਿਆਰਾ ਕੌਮੀ ਨਾਇਕ ਨਹੀਂ ਕਿ ਉਸਨੇ ਸੁਤੰਤਰਤਾ ਸੰਗਰਾਮ ਵਿੱਚ ਅੰਗਰੇਜ਼ੀ ਹਕੂਮਤ ਤੋਂ ਸਿਰਫ ਭਾਰਤ ਨੂੰ ਆਜ਼ਾਦ ਕਰਵਾਉਣ ਲਈ ਫਾਂਸੀ ਦਾ ਰੱਸਾ ਚੁੰਮਿਆ ਸੀ, ਸਗੋਂ ਭਗਤ ਸਿੰਘ ਇਸ ਕਰਕੇ ਸਾਡਾ ਹਰਮਨ ਪਿਆਰਾ ਕੌਮੀ ਨਾਇਕ ਤੇ ਸ਼ਹੀਦ ਏ ਆਜ਼ਮ ਹੈ ਕਿਉਂਕਿ ਉਸ ਕੋਲ਼ ਆਜ਼ਾਦੀ ਤੋਂ ਬਾਅਦ ਦੇ ਭਾਰਤ ਲਈ ਅਜਿਹਾ ਪਲਾਨ -ਪ੍ਰਬੰਧ ਸੀ ਜਿਸ ਵਿੱਚ ਸਭ ਨੂੰ ਯੋਗਤਾ ਅਨੁਸਾਰ ਰੁਜ਼ਗਾਰ ਅਤੇ ਲੋੜ ਅਨੁਸਾਰ ਸਹੂਲਤਾਂ ਮਿਲਣਾ ਸੀ।" ਇਹ ਵਿਚਾਰ ਤਰਕਸ਼ੀਲ ਸੋਸਾਇਟੀ ਪੰਜਾਬ ਦੀ ਇਕਾਈ ਖਰੜ ਦੇ ਮੀਡੀਆ ਇੰਚਾਰਜ ਕਰਮਜੀਤ ਸਕਰੁਲਾਂਪੁਰੀ ਨੇ ਆਰੀਆ ਕਾਲਜ ਫਾਰ ਵੂਮਨ,ਖਰੜ ਵਿੱਚ ਕਰਵਾਏ ਇਕ ਸੰਖੇਪ ਪ੍ਰੋਗਰਾਮ ਵਿੱਚ ਪ੍ਰਗਟ ਕੀਤੇ । ਉਹਨਾਂ ਨੇ ਅੱਗੇ ਕਾਲਜ ਵਿਦਿਆਰਥੀਆਂ ਨੂੰ ਸਿਲੇਬਸ ਤੋਂ ਇਲਾਵਾ ਬਹੁਪੱਖੀ ਅਧਿਐਨ ਕਰਨ 'ਤੇ ਵੀ ਜ਼ੋਰ ਦਿੱਤਾ । ਇਕਾਈ ਦੇ ਜਥੇਬੰਦਕ ਮੁੱਖੀ ਕੁਲਵਿੰਦਰ ਨਗਰੀ ਨੇ ਆਪਣੇ ਭਾਸ਼ਣ ਵਿੱਚ ਕਈ ਕਿਸਮ ਦੇ ਕੀਤੇ ਜਾ ਰਹੇ ਵਹਿਮਾਂ ਭਰਮਾਂ ਦਾ ਰਾਜ਼ ਖੋਲਿਆ, ਬੱਚਿਆਂ ਅਤੇ ਸਮੂਹ ਸਟਾਫ ਵੱਲੋਂ ਉਹਨੇ ਦੇ ਵਿਚਾਰਾਂ ਨੂੰ ਬਹੁਤ ਹੀ ਧਿਆਨ ਨਾਲ ਕੇਵਲ ਸੁਣਿਆ ਹੀ ਨਹੀਂ ਗਿਆ ਸਗੋਂ ਪ੍ਰਚਲਿਤ ਵਹਿਮ ਭਰਮਾਂ ਬਾਰੇ ਵੀ ਖੁੱਲ੍ਹ ਕੇ ਸਵਾਲ ਜਵਾਬ ਕੀਤੇ ਗਏ । ਪ੍ਰੋਗਰਾਮ ਦੇ ਆਖਿਰ ਵਿਚ ਚੰਡੀਗੜ੍ਹ ਜ਼ੋਨ ਦੇ ਮੁੱਖੀ ਗੁਰਮੀਤ ਖਰੜ ਨੇ ਤਰਕਸ਼ੀਲ ਸੋਸਾਇਟੀ ਦਾ ਉਦੇਸ਼, ਬਣਤਰ ਅਤੇ ਕਾਰਜਵਿਧੀ ਵਾਰੇ ਵਿਸਥਾਰ ਨਾਲ ਗੱਲ ਕੀਤੀ । ਉਹਨਾਂ ਨੇ ਭਗਤ ਸਿੰਘ ਦੀਆਂ ਪ੍ਰਸਿੱਧ ਲਿਖਤਾਂ ਜਿਹਨਾਂ ਵਿੱਚ " ਮੈਂ ਨਾਸਤਿਕ ਕਿਉਂ ਹਾਂ ? " " ਬੰਬ ਦਾ ਫਲਸਫ਼ਾ", " ਮਜ਼ਹਬੀ ਦੰਗੇ ਅਤੇ ਇਲਾਜ਼ " ਪੜ੍ਹਨ ਲਈ ਦੱਸੀਆਂ ਗਈਆਂ। ਇਸ ਮੌਕੇ ਸੀਨੀਅਰ ਤਰਕਸ਼ੀਲ ਆਗੂ ਸੁਜਾਨ ਸਿੰਘ ਬਡਾਲਾ, ਵਿਕਰਮਜੀਤ ਸੋਨੀ, ਸੁਰਿੰਦਰ ਸਿੰਬਲ ਮਾਜਰਾ ਅਤੇ ਗੁਰਮੀਤ ਸਹੋੜਾ ਸੋਸਾਇਟੀ ਵੱਲੋਂ ਲਗਾਈ ਗਈ ਪੁਸਤਕ ਪ੍ਰਦਰਸ਼ਨੀ 'ਤੇ ਹਾਜਰ ਰਹੇ।

ਗੁਰੂ ਕਿਰਪਾ ਨਗਰ-ਸ਼ਾਂਤੀ ਨਗਰ ਸੜਕ ਦਾ ਨਿਰਮਾਣ ਆਰੰਭ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਦੇ ਕੈਬਿਨਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਵੱਲੋਂ ਗੁਰੂ ਕ੍ਰਿਪਾ ਨਗਰ (ਅਸਲਾਮਾਬਾਦ) - ਸ਼ਾਂਤੀ ਨਗਰ ਸੜਕ ਦਾ ਨਿਰਮਾਣ ਕਾਰਜ ਪੂਰੇ ਜੋਰ-ਸ਼ੋਰ ਨਾਲ ਆਰੰਭ ਕਰਵਾਇਆ ਗਿਆ ਹੈ । ਮੁਹੱਲੇ ਦੇ ਪਤਵੰਤਿਆਂ ਕੌਂਸਲਰ ਚੌਧਰੀ ਮੁੱਖੀ ਰਾਮ, ਲਾਇਨ ਡਾ: ਮੁਖਤਿਆਰ ਸਿੰਘ ਧਾਲੀਵਾਲ ਪ੍ਰਧਾਨ ਲਾਇਨਜ ਕਲੱਬ, ਸੋਹਨ ਲਾਲ ਸਾਬਕ ਥਾਣੇਦਾਰ, ਸਤਪਾਲ ਮੈਪੀ ਸਾਬਕ ਬੈਂਕ ਮੈਨੇਜਰ, ਸੁਰਿੰਦਰਪਾਲ ਸਿੰਘ ਸਹੋਤਾ, ਕੇਵਲ ਰਾਮ, ਅਵਤਾਰ ਸਿੰਘ, ਮੈਡਮਾਂ ਕਮਲਾ ਰਾਣੀ, ਸੋਨੀਆ ਰਾਣੀ, ਪ੍ਰਵੀਨ ਕੌਰ, ਹਰਬੰਸ ਕੌਰ, ਗਿਆਨ ਕੌਰ, ਹਰਪ੍ਰੀਤ ਕੌਰ, ਸੀਮਾ ਰਾਣੀ, ਹਰਕੀਰਤ ਕੌਰ, ਨੀਲਮ ਕਟਾਰੀਆ, ਬਾਬੀ ਬਾਲਾ ਨੇ ਜਿੰਪਾ ਦੀ ਆਮਦ ਦਾ ਨਿੱਘਾ ਸੁਆਗਤ ਕੀਤਾ।

ਖੇਡਾਂ ਦੇ ਨਾਲ-ਨਾਲ ਸਾਫ ਵਾਤਾਵਰਨ ਦੀ ਸਿਰਜਣਾ ਵੀ ਸਾਡੀ ਜ਼ਿੰਮੇਵਾਰੀ : ਫੁੱਟਬਾਲ ਕਲੱਬ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਆਸ ਸੋਸ਼ਲ ਵੈਲਫੇਅਰ ਸੋਸਾਇਟੀ ਪੰਜਾਬ ਦੇ ਸਹਿਯੋਗ ਨਾਲ ਡੇਲੀ ਮੌਰਨਿੰਗ ਫੁੱਟਬਾਲ ਕਲੱਬ ਨਵਾਂਸ਼ਹਿਰ ਵਲੋਂ ਗਾਂਧੀ ਜੈਅੰਤੀ ਨੂੰ ਸਮਰਪਤ ਸਵੱਛਤਾ ਮੁਹਿੰਮ ਛੇੜੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਸਮੂਹ ਸਿੱਖਿਆ ਅਤੇ ਸੂਚਨਾ ਅਫਸਰ ਤਰਸੇਮ ਲਾਲ ਨੇ ਦੱਸਿਆ ਕਿ ਆਸ ਸੋਸ਼ਲ ਵੈਲਫੇਅਰ ਸੁਸਾਇਟੀ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੂਰ, ਵਾਈਸ ਪ੍ਰਧਾਨ ਡਾਕਟਰ ਸੁਸ਼ੀਲ ਕੁਮਾਰ, ਸਰਪ੍ਰਸਤ ਰਿਟਾਇਰਡ ਪ੍ਰਿੰਸੀਪਲ ਅਸੋਕ ਸ਼ਰਮਾ, ਨਰਿੰਦਰ ਪਾਲ ਤੂਰ, ਡਾਕਟਰ ਪਿਆਰਾ ਸਿੰਘ ਬੰਗੜ ਦੀ ਟੀਮ ਨੇ ਡੇਲੀ ਮੌਰਨਿੰਗ ਫੁੱਟਬਾਲ ਕਲੱਬ ਨਵਾਂਸ਼ਹਿਰ ਦੇ ਪ੍ਰਧਾਨ ਅਜੇ ਮਹਿਰਾ ਤੇ ਟੀਮ ਮੈਂਬਰਾਂ ਦੇ ਸਹਿਯੋਗ ਨਾਲ ਜਿੱਥੇ ਆਰ ਕੇ ਆਰੀਆ ਕਾਲਜ ਦੀ ਫੁੱਟਬਾਲ ਗਰਾਊਂਡ ਤੇ ਆਸ ਪਾਸ ਸਵੱਛਤਾ ਅਭਿਆਨ ਤਹਿਤ ਸਫਾਈ ਕੀਤੀ ਉੱਥੇ ਘਾਹ ਕੱਟਣ ਵਾਲੀ ਮਸ਼ੀਨ ਨਾਲ ਕਟਾਈ ਵੀ ਕੀਤੀ । ਉਨ੍ਹਾ ਕਿਹਾ ਕਿ ਮੁਹਿੰਮ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸਾਫ ਸਫਾਈ ਪ੍ਰਤੀ ਜਾਗਰੂਕ ਕਰਨਾ ਹੈ ਉੱਥੇ ਨੌਜਵਾਨ ਪੀੜ੍ਹੀ ਨੂੰ ਸਾਫ ਵਾਤਾਵਰਨ ਵਿੱਚ ਨਸ਼ਿਆ ਤੋਂ ਦੂਰ ਰਹਿੰਦੇ ਹੋਏ ਖੇਡਾਂ ਵੱਲ ਪ੍ਰੇਰਿਤ ਕਰਨਾ ਵੀ ਹੈ। ਇਸ ਮੁਹਿਮ ਵਿੱਚ ਸਾਰੇ ਅਹੁਦੇਦਾਰਾਂ ਤੇ ਖਿਡਾਰੀਆਂ ਨੇ ਇਹ ਪ੍ਰਣ ਵੀ ਲਿਆ ਕਿ ਉਹ ਆਪਣੀ ਜ਼ਿੰਦਗੀ ਵਿੱਚ ਕਦੇ ਵੀ ਗੰਦਗੀ ਨਹੀਂ ਫੈਲਾਉਣਗੇ ਅਤੇ ਸਵੱਛਤਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਣਗੇ। ਇਸ ਮੌਕੇ ਸਰਬਜੀਤ ਸਿੰਘ ਸਾਬੀ, ਮਿੰਟਾ ਗੁੱਜਰਪੁਰੀਆ, ਅਜੇ ਸਰੀਨ, ਸੈਰ ਕਮੇਟੀ ਨਵਾਂਸ਼ਹਿਰ ਦੇ ਪ੍ਰਧਾਨ ਵਿਜੇ ਕੁਮਾਰ ਜਾਂਗੜਾ ਅਤੇ ਸਮੂਹ ਖਿਡਾਰੀਆਂ ਵਲੋਂ ਸੰਪੂਰਨ ਸਹਿਯੋਗ ਦਿੱਤਾ ਗਿਆ।

'ਨਿਊਜ਼ ਕਲਿੱਕ' 'ਤੇ ਪੁਲਸ ਛਾਪਿਆਂ ਖਿਲਾਫ਼ ਪਾਸਲਾ ਦੀ ਅਗਵਾਈ 'ਚ ਜ਼ੋਰਦਾਰ ਵਿਖਾਵਾ

ਜਲੰਧਰ (ਕੇਸਰ, ਰਾਜੇਸ਼ ਥਾਪਾ)

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐਮਪੀਆਈ) ਦੇ ਵਰਕਰਾਂ ਨੇ ਮੋਦੀ-ਸ਼ਾਹ ਸਰਕਾਰ ਦੇ ਹੁਕਮਾਂ ਤਹਿਤ ਦਿੱਲੀ ਪੁਲਸ ਵੱਲੋਂ 'ਨਿਊਜ਼ ਕਲਿੱਕ' ਦੇ ਦਫ਼ਤਰਾਂ ਅਤੇ ਅਦਾਰੇ ਨਾਲ ਜੁੜੇ ਪੱਤਰਕਾਰਾਂ ਤੇ ਬੁੱਧੀਜੀਵੀਆਂ ਦੇ ਘਰਾਂ 'ਚ ਮਾਰੇ ਗਏ ਛਾਪਿਆਂ ਅਤੇ ਜ਼ਰੂਰੀ ਸਾਮਾਨ ਜ਼ਬਤ ਕਰਨ ਦੀ ਦਬਾਊ ਕਾਰਵਾਈ ਵਿਰੁੱਧ ਜ਼ਬਰਦਸਤ ਰੋਸ ਮੁਜ਼ਾਹਰਾ ਕੀਤਾ। ਮੋਦੀ ਸਰਕਾਰ ਦੀ ਤਾਨਾਸ਼ਾਹੀ ਖਿਲਾਫ਼ ਜੋਰਦਾਰ ਨਾਹਰੇ ਬੁਲੰਦ ਕਰ ਰਹੇ ਮੁਜ਼ਾਹਰਾਕਾਰੀਆਂ ਦੇ ਹੱਥਾਂ 'ਚ 'ਨਿਊਜ਼ ਕਲਿੱਕ' ਖ਼ਿਲਾਫ਼ ਬੋਲੇ ਗਏ ਜ਼ਾਬਰ ਪੁਲਸੀਆ ਹੱਲੇ ਦਾ ਵਿਰੋਧ ਪ੍ਰਗਟਾਉਂਦੀਆਂ ਤਖਤੀਆਂ ਵੀ ਫੜ੍ਹੀਆਂ ਹੋਈਆਂ ਸਨ। ਪਾਰਟੀ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਮੁਜ਼ਾਹਰੇ ਵਿੱਚ ਉਚੇਚੇ ਸ਼ਾਮਲ ਹੋਏ ਤੇ ਨੇ ਕਿਹਾ ਕਿ ਲੋਕ ਪੱਖੀ (ਸਮਾਨਾਂਤਰ) ਮੀਡੀਆ, ਖਾਸ ਕਰ ਕੇ 'ਨਿਊਜ ਕਲਿੱਕ' ਨੂੰ ਆਰਐਸਐਸ ਦੇ ਧਰਮ ਆਧਾਰਿਤ ਕੱਟੜ ਰਾਜ ਦੀ ਕਾਇਮੀ ਦੇ ਤਬਾਹਕੁੰਨ ਏਜੰਡੇ ਅਤੇ ਦੇਸ਼ ਦੀ ਜਾਇਦਾਦ ਤੇ ਕੁਦਰਤੀ ਵਸੀਲੇ ਦੇਸੀ-ਵਿਦੇਸ਼ੀ ਧਨਾਢਾਂ ਨੂੰ ਲੁਟਾਉਣ ਦਾ ਰਾਹ ਪੱਧਰਾ ਕਰਨ ਵਾਲੀਆਂ ਮੋਦੀ ਸਰਕਾਰ ਦੀਆਂ ਨੀਤੀਆਂ ਦਾ ਲੋਕ ਪੱਖੀ ਪੈਂਤੜੇ ਤੋਂ ਬਾਦਲੀਲ ਵਿਰੋਧ ਕਰਨ ਬਦਲੇ ਪੁਲਸੀਆ ਕਹਿਰ ਦਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਭਵਿੱਖ 'ਚ ਹੋਣ ਜਾ ਰਹੀਆਂ ਚਾਰ ਰਾਜਾਂ ਦੀਆਂ ਅਸੰਬਲੀ ਚੋਣਾਂ ਅਤੇ 2024 'ਚ ਹੋਣ ਜਾ ਰਹੀਆਂ ਆਮ ਚੋਣਾਂ 'ਚ ਭਾਜਪਾ ਦੀ ਸਪਸ਼ਟ ਹਾਰ ਨੂੰ ਭਾਂਪਦਿਆਂ ਬੁਖਲਾਹਟ 'ਚ ਆ ਕੇ 'ਲੋਕਾਂ ਦੇ ਮੀਡੀਆ' ਦਾ ਗਲਾ ਘੁੱਟਣਾ ਚਾਹੁੰਦੀ ਹੈ। ਮੋਦੀ ਸਰਕਾਰ ਵਲੋਂ ਮੀਡੀਆ ਭਾਈਚਾਰੇ ਨੂੰ, ਜੋ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੇ ਜਮਹੂਰੀਅਤ ਉਪਰ ਕੀਤੇ ਜਾ ਰਹੇ ਹਮਲਿਆਂ ਨੂੰ ਲੱਖਾਂ ਲੋਕਾਂ ਪਾਸੇ ਨੰਗਿਆ ਕਰਦਾ ਹੈ, 'ਦੇਸ਼ ਵਿਰੋਧੀ' ਕਹਿਣਾ ਅਤੀ ਸ਼ਰਮਨਾਕ ਤੇ ਨਿੰਦਣਯੋਗ ਹੈ। ਸਾਥੀ ਪਾਸਲਾ ਨੇ 'ਨਿਊਜ ਕਲਿੱਕ' ਨਾਲ ਪੂਰਨ ਇੱਕਜੁਟਤਾ ਦਾ ਇਜਹਾਰ ਕਰਦਿਆਂ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਦੇਸ਼ ਦਾ ਪ੍ਰਗਤੀਸ਼ੀਲ ਅੰਦੋਲਨ ਲੋਕ ਲਾਮਬੰਦੀ ਦੇ ਜ਼ੋਰ 'ਤੇ ਇਨ੍ਹਾਂ ਜ਼ਾਬਰ ਨੀਤੀਆਂ ਦਾ ਮੂੰਹਤੋੜ ਜਵਾਬ ਦੇਵੇਗਾ।

ਨੇਤਰਦਾਨ ਸੰਸਥਾ ਦੇ ਮੈਂਬਰਾਂ ਦੀ ਸਿਵਲ ਸਰਜਨ ਨੇ ਕੀਤੀ ਸ਼ਲਾਘਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਪੰਜਾਬ ਵਿੱਚ ਨੇਤਰਦਾਨ ਮੁਹਿੰਮ ਨੂੰ ਹਲਾਰਾ ਦੇਣ ਵਾਲੀ ਸੰਸਥਾ ਨੇਤਰਦਾਨ ਸੰਸਥਾ ਹੁਸ਼ਿਆਰਪੁਰ ਜੋ ਪਿਛਲੇ 23 ਸਾਲਾਂ ਤ

6-OCT-PAGE-10.qxd 10/5/2023 10:38 PM Page 1

ਵਿਜੀਲੈਂਸ ਵੱਲੋਂ ਰਿਸ਼ਵਤ ਲੈਂਦਾ ਸਬ-ਇੰਸਪੈਕਟਰ ਰੰਗੇ ਹੱਥੀਂ ਕਾਬੂ

ਪਾਇਲ ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)

ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਥਾਣਾ ਮਲੌਦ, ਜ਼ਿਲ੍ਹਾ ਖੰਨਾ ਵਿਖੇ ਤਾਇਨਾਤ ਪੁਲਸ ਸਬ-ਇੰਸਪੈਕਟਰ ਜਗਜੀਤ ਸਿੰਘ (ਨੰ: 462/ਖੰਨਾ) ਨੂੰ 20,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਸ ਮੁਲਾਜ਼ਮ ਨੂੰ ਹਰਦੀਪ ਸਿੰਘ ਵਾਸੀ ਪਿੰਡ ਸੇਖਾਂ, ਤਹਿਸੀਲ ਪਾਇਲ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਦਫਤਰ ਲੁਧਿਆਣਾ ਵਿਖੇ ਸ਼ਿਕਾਇਤ ਦਰਜ ਕਰਵਾਈ ਸੀ ਕਿ 28 ਸਤੰਬਰ, 2023 ਨੂੰ ਉਸ ਦਾ ਭਰਾ ਜਗਤਾਰ ਸਿੰਘ ਆਪਣੇ ਮੋਟਰਸਾਈਕਲ (ਰਜਿਸਟ੍ਰੇਸ਼ਨ ਨੰਬਰ -10-4663) 'ਤੇ ਸਿਵਲ ਹਸਪਤਾਲ ਮਲੌਦ ਵਿਖੇ ਨਸ਼ਾ ਛੁਡਾਊ ਕੇਂਦਰ ਤੋਂ ਦਵਾਈ ਲੈਣ ਗਿਆ ਸੀ। ਦੁਪਹਿਰ ਬਾਅਦ ਉਨ੍ਹਾਂ ਨੂੰ ਪਤਾ ਲੱਗਾ ਕਿ ਉਸ ਦੇ ਭਰਾ ਜਗਤਾਰ ਸਿੰਘ ਖਿਲਾਫ਼ ਥਾਣਾ ਮਲੌਦ ਵਿਖੇ ਨਾਰਕੋਟਿਕ ਡਰੱਗਸ ਐਂਡ ਸਾਇਕੋਟ੍ਰੋਪਿਕ ਸਬਟਾਂਸਿਸ (ਐਨ.ਡੀ.ਪੀ.ਐਸ.) ਦਾ ਮਾਮਲਾ ਦਰਜ ਕੀਤਾ ਗਿਆ। ਇਸ ਤੋਂ ਬਾਅਦ ਸ਼ਿਕਾਇਤਕਰਤਾ ਆਪਣੇ ਪਿੰਡ ਵਾਸੀ ਪਰਮਜੀਤ ਸਿੰਘ ਨਾਲ ਥਾਣੇ ਗਿਆ ਤੇ ਉਕਤ ਐੱਸ.ਆਈ. ਨੂੰ ਮਿਲਿਆ, ਜਿਸ ਨੇ ਉਨ੍ਹਾਂ ਨੂੰ ਦੱਸਿਆ ਕਿ ਜਗਤਾਰ ਸਿੰਘ ਵਿਰੁੱਧ ਐੱਨ.ਡੀ.ਪੀ.ਐੱਸ. ਐਕਟ ਦੀ ਧਾਰਾ 22 ਤਹਿਤ 28 ਸਤੰਬਰ 2023 ਨੂੰ ਐੱਫ.ਆਈ.ਆਰ. 101 ਦਰਜ ਕੀਤੀ ਗਈ ਹੈ।

ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਐੱਸ. ਆਈ. ਜਗਜੀਤ ਸਿੰਘ ਨੇ ਉਸ ਨੂੰ ਵੀ ਇਸ ਕੇਸ ਵਿੱਚ ਫਸਾਉਣ ਦੀ ਧਮਕੀ ਦਿੱਤੀ ਤੇ ਉਸ ਕੋਲੋਂ ਰਿਸ਼ਵਤ ਵਜੋਂ ਪਹਿਲਾਂ ਹੀ 15,000 ਰੁਪਏ ਲੈ ਚੁੱਕਿਆ ਹੈ। ਐਸ.ਆਈ. ਜਗਜੀਤ ਸਿੰਘ ਨੇ ਉਨ੍ਹਾਂ ਨੂੰ ਦੱਸਿਆ ਕਿ ਮੋਟਰਸਾਈਕਲ ਬਾਰੇ ਅਜੇ ਤੱਕ ਕੇਸ ਵਿੱਚ ਜ਼ਿਕਰ ਨਹੀਂ ਕੀਤਾ ਗਿਆ ਤੇ ਇਸ ਮੋਟਰਸਾਈਕਲ ਨੂੰ ਕੇਸ ਵਿੱਚ ਸ਼ਾਮਲ ਨਾ ਕਰਨ ਲਈ ਰਿਸ਼ਵਤ ਵਜੋਂ 20,000 ਰੁਪਏ ਦੀ ਮੰਗ ਕੀਤੀ। ਸ਼ਿਕਾਇਤਕਰਤਾ ਹਰਦੀਪ ਸਿੰਘ ਨੇ ਰਿਸ਼ਵਤ ਨਾ ਦੇਣ ਬਾਰੇ ਸੋਚ ਕੇ ਵਿਜੀਲੈਂਸ ਬਿਊਰੋ ਰੇਂਜ ਦਫ਼ਤਰ ਲੁਧਿਆਣਾ ਵਿਖੇ ਪਹੁੰਚ ਕਰਨ ਦਾ ਫ਼ੈਸਲਾ ਕੀਤਾ। ਬੁਲਾਰੇ ਨੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਤੇ ਐੱਸ.ਆਈ. ਜਗਜੀਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਉਕਤ ਪੁਲਸ ਮੁਲਾਜ਼ਮ ਖਿਲਾਫ਼ ਥਾਣਾ ਵਿਜੀਲੈਂਸ ਰੇਂਜ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਧੀਨ ਮਾਮਲਾ ਦਰਜ ਕੀਤਾ ਗਿਆ ਹੈ। ਫੜੇ ਗਏ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਤੇ ਮਾਮਲੇ ਦੀ ਅਗਲੀ ਕਾਰਵਾਈ ਜਾਰੀ ਹੈ।

ਚੀਮਾ ਮੰਡੀ ਵਿਖੇ ਝੋਨੇ ਦੀ ਖਰੀਦ ਸ਼ੁਰੂ

ਚੀਮਾ ਮੰਡੀ (ਰਵਿੰਦਰ ਚੀਮਾ)-ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਦੇ ਚਲਦਿਆਂ ਚੀਮਾ ਮੰਡੀ ਦੀ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਸ਼ੁਰੂ ਹੋ ਗਈ ਹੈ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਦਰਸਨ ਸਿੰਘ ਗੀਤੀਮਾਨ ਤੇ ਸੈਕਟਰੀ ਮੰਡੀ ਬੋਰਡ ਜਸਵੀਰ ਸਿੰਘ ਦੀ ਅਗਵਾਈ ਵਿੱਚ ਝੋਨੇ ਦੀ ਬੋਲੀ ਸ਼ੁਰੂ ਕੀਤੀ ਗਈ। ਇਸ ਸਮੇਂ ਪਹਿਲੇ ਦਿਨ 350 ਕੁਇੰਟਲ ਝੋਨੇ ਦੀ ਖਰੀਦ ਕੀਤੀ ਗਈ। ਇਸ ਮੌਕੇ ਬੋਲਦਿਆਂ ਚੇਅਰਮੈਨ ਦਰਸ਼ਨ ਸਿੰਘ ਮਾਨ ਨੇ ਕਿਹਾ ਕਿ ਕਿਸਾਨਾਂ ਦਾ ਇੱਕ ਇੱਕ ਦਾਣਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੰਡੀਆਂ ਵਿੱਚੋਂ ਚੁੱਕਿਆ ਜਾਵੇਗਾ। ਇਸ ਮੌਕੇ ਸੈਕਟਰੀ ਮੰਡੀ ਬੋਰਡ ਜਸਵੀਰ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਕਿ ਕਿਸੇ ਵੀ ਕਿਸਾਨ ਨੂੰ ਕੋਈ ਵੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਪਨਸਪ ਏਜੰਸੀ ਦੇ ਮੈਨੇਜਰ ਹਰਵਿਲਾਸ, ਰਜਿੰਦਰ ਕੁਮਾਰ ਲੀਲੂ, ਕੁਲਦੀਪ ਸਿੰਘ ਸਿੱਧੂ. ਲਖਵਿੰਦਰ ਸਿੰਘ ਲੱਖੀ, ਬਹਾਦਰ ਸਿੰਘ ਚਹਿਲ, ਮੇਜਰ ਸਿੰਘ, ਜਗਜੀਤ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।

ਪਾਵਰਕਾਮ ਪੈਨਸ਼ਨਰਜ਼ ਵੱਲੋਂ ਮੰਗਾਂ ਨੂੰ ਲੈ ਕੇ ਪਟਿਆਲਾ 'ਚ ਧਰਨਾ, ਪ੍ਰਦਰਸ਼ਨ

ਸਮਰਾਲਾ (ਸੁਰਜੀਤ ਸਿੰਘ)

ਪਾਵਰਕਾਮ ਦੀ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਪੰਜਾਬ ਦੇ ਕੋਨੇ ਕੋਨੇ ਤੋਂ ਹਜ਼ਾਰਾਂ ਸੇਵਾ ਮੁਕਤ ਕਰਮਚਾਰੀਆਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਧਾਨ ਅਵਿਨਾਸ਼ ਚੰਦਰ ਸ਼ਰਮਾ ਦੀ ਅਗਵਾਈ ਵਿੱਚ ਮੈਨੇਜਮੈਂਟ ਤੇ ਸਰਕਾਰ ਖਿਲਾਫ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ। ਸੂਬਾ ਸਕੱਤਰ ਧੰਨਵੰਤ ਸਿੰਘ ਭੱਠਲ ਨੇ ਦੱਸਿਆ ਕਿ ਪੰਜਾਬ ਤੇ ਪਾਵਰਕਾਮ ਪੈਨਸ਼ਨਰਾਂ ਦੀਆਂ ਮੰਗਾਂ, ਜਿਨ੍ਹਾਂ ਵਿੱਚ ਛੇਵੇਂ ਤਨਖਾਹ ਕਮਿਸ਼ਨ ਦੀਆਂ ਤਰੁਟੀਆਂ ਦੂਰ ਕਰਨੀਆਂ, 1.1.2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਜ਼ ਲਈ ਘੱਟੋ-ਘੱਟ 2.59 ਦਾ ਫੈਕਟਰ ਲਾਗੂ ਕਰਨਾ, ਬਿਜਲੀ ਖਪਤ ਵਿੱਚ ਛੋਟ ਦੇਣੀ, ਕੈਸ਼ਲੈਸ ਟ੍ਰੀਟਮੈਂਟ ਸਕੀਮ ਮੁੜ ਲਾਗੂ ਕਰਨੀ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਕਾਇਆ, ਸੇਵਾਮੁਕਤ ਕਰਮਚਾਰੀਆਂ ਨੂੰ ਪੇ ਕਮਿਸ਼ਨ ਦੇ ਬਕਾਏ ਦੀ ਅਦਾਇਗੀ ਇਕੋ ਵਾਰੀ ਵਿੱਚ ਕਰਨੀ, 23 ਸਾਲਾ ਸਾਲਾਨਾ ਤਰੱਕੀ ਬਿਨਾਂ ਸ਼ਰਤ ਦੇਣਾ ਆਦਿ ਹਨ। ਇਸ ਤੋਂ ਇਲਾਵਾ ਪੈਨਸ਼ਨਰਜ਼ ਤੋਂ 200 ਰੁਪਏ ਵਿਕਾਸ ਟੈਕਸ ਮੁੜ ਚਾਲੂ ਕੀਤਾ ਬੰਦ ਕਰਨਾ। ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਦੱਸਿਆ ਕਿ ਬਿਜਲੀ ਖਪਤ ਵਿੱਚ ਰਿਆਇਤ ਤੇ ਬਾਕੀ ਮੰਗਾਂ ਸਬੰਧੀ ਕਾਰਪੋਰੇਸ਼ਨ ਤੇ ਸਰਕਾਰ ਦੇ ਪੱਧਰ 'ਤੇ ਮੀਟਿੰਗਾਂ ਤੋਂ ਇਲਾਵਾ ਬਿਜਲੀ ਮੰਤਰੀ ਨਾਲ ਵੀ ਮੀਟਿੰਗ ਹੋ ਚੁੱਕੀ ਹੈ, ਪ੍ਰੰਤੂ ਉਨ੍ਹਾਂ ਦੀਆਂ ਮੰਗਾਂ 'ਤੇ ਹਮੇਸ਼ਾ ਟਾਲ-ਮਟੋਲ ਵਾਲਾ ਰਵੱਈਆ ਹੀ ਰਿਹਾ ਹੈ, ਜਿਸ ਕਾਰਨ ਪਾਵਰਕਾਮ ਪੈਨਸ਼ਨਰਜ਼ ਨੂੰ ਮਜਬੂਰ ਹੋ ਕੇ ਸੰਘਰਸ਼ ਦਾ ਰਾਹ ਅਖਤਿਆਰ ਕਰਨਾ ਪਿਆ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਪੈਨਸ਼ਨਰਜ਼ ਨਾਲ ਵਿਤਕਰਾ ਕਰਦੀ ਆਈ ਹੈ।

ਪੰਜਾਬ ਦਾ ਖਜ਼ਾਨਾ ਸਿਰਫ ਪੈਨਸ਼ਨਰਜ਼ ਲਈ ਹੀ ਖਾਲੀ ਹੈ, ਬਾਕੀ ਸਾਰੇ ਕਾਰਜ ਨਿਰਵਿਘਨ ਚੱਲ ਰਹੇ ਹਨ। ਜਥੇਬੰਦੀ ਦੇ ਸਾਰੇ ਮੈਂਬਰ ਚੱਟਾਨ ਵਾਂਗ ਖੜੇ ਹਨ ਤੇ ਜਥੇਬੰਦੀ ਦੇ ਨਿਰਦੇਸ਼ਾਂ ਦੀ ਉਡੀਕ ਕਰ ਰਹੇ ਜਨ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਤੇ ਪਾਵਰਕਾਮ ਨੇ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਰੋਸ ਧਰਨੇ ਵਿੱਚ ਸਵਿੰਦਰਪਾਲ ਸਿੰਘ ਮੋਲੋਵਾਲੀ ਸੀਨੀਅਰ ਮੀਤ ਪ੍ਰਧਾਨ, ਦੇਵ ਰਾਜ, ਮੁਖਤਾਰ ਸਿੰਘ ਮੁਹਾਵਾ, ਬਿਕਰਮਜੀਤ ਸਿੰਘ, ਸ਼ਿਵ ਕੁਮਾਰ ਤਿਵਾੜੀ ਉੱਪ ਜਨਰਲ ਸਕੱਤਰ, ਡੀ. ਕੇ ਮਹਿਤਾ ਵਿੱਤ ਸਕੱਤਰ, ਸਿਕੰਦਰ ਸਿੰਘ ਜਥੇਬੰਦਕ ਸਕੱਤਰ, ਜੋਗਿੰਦਰ ਸਿੰਘ ਮੱਲ੍ਹਣ ਪ੍ਰੈੱਸ ਸਕੱਤਰ, ਜੰਗੀਰ ਸਿੰਘ ਦਫਤਰੀ ਸਕੱਤਰ, ਰਾਕੇਸ਼ ਸ਼ਰਮਾ, ਅਮਰਜੀਤ ਸਿੰਘ ਸਿੱਧੂ, ਸੀਤਾ ਰਾਮ ਸ਼ਰਮਾ ਸੰਗਰੂਰ, ਧੰਨਾ ਸਿੰਘ ਬਠਿੰਡਾ, ਮੁਹੰਮਦ ਯੂਨਸ ਅੰਸਾਰੀ ਕਪੂਰਥਲਾ, ਜਗਦੀਸ਼ ਕੁਮਾਰ ਨਵਾਂ ਸ਼ਹਿਰ, ਹਰਭਜਨ ਸਿੰਘ ਬੁਟਾਰੀ, ਮੱਸਾ ਸਿੰਘ ਬਟਾਲਾ, ਹਰੀ ਦੱਤ ਲੁਧਿਆਣਾ, ਪਿਆਰਾ ਲਾਲ ਬਰਨਾਲਾ, ਬਲਦੇਵ ਰਾਜ ਜੋਸ਼ੀ ਲੁਧਿਆਣਾ, ਸੰਤ ਰਾਮ ਚੀਮਾ ਪਟਿਆਲਾ, ਥੋੜੂ ਰਾਮ ਜਲੰਧਰ ਆਦਿ ਨੇ ਆਪਣੇ ਵਿਚਾਰ ਰੱਖੇ।

ਕਾਤਰਾਂ

'ਫੂਕ ਪਰਾਲੀ ਆਪਣੀ ਧਰਤੀ ਬੰਜਰ ਬਣਾਈ ਜਾਨਾਂ ਤੂੰ' ਗੀਤ ਰਾਹੀਂ ਕਿਸਾਨ ਕੀਤੇ ਜਾਗਰੂਕ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਗਰੂਕਤਾ ਗੀਤ 'ਫੂਕ ਪਰਾਲੀ ਆਪਣੀ ਧਰਤੀ ਬੰਜਰ ਬਣਾਈ ਜਾਨਾ ਤੂੰ' ਰਾਹੀਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੁ ਕਿਸਾਨ ਪਰਾਲੀ ਨੂੰ ਲਾਉਣ ਦੀ ਬਜਾਏ ਉਸ ਦਾ ਸੁਚੱਝੇ ਢੰਗ ਨਾਲ ਨਿਪਟਾਰਾ ਕਰਨ।ਡਿਪਟੀ ਕਮਿਸ਼ਨਰ ਫਿਰੋਜ਼ਪੁਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਦੇ ਕੇਸਾਂ ਨੂੰ ਠੱਲ੍ਹ ਪਾਉਣ ਦੇ ਮਕਸਦ ਨਾਲ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਉਪਰਾਲੇ ਜਾਰੀ ਹਨ।ਇਸ ਲੜੀ ਤਹਿਤ ਇੱਕ ਜਾਗਰੂਕਤਾ ਗੀਤ ਵੀ ਤਿਆਰ ਕਰਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਗੀਤ ਨੂੰ ਪਿੰਡਾਂ ਵਿੱਚ ਪ੍ਰਚਾਰ ਵੈਨਾਂ ਤੇ ਸੋਸ਼ਲ ਮੀਡੀਆ ਰਾਹੀਂ ਕਿਸਾਨਾਂ ਤੱਕ ਪੁਚਾਇਆ ਜਾ ਰਿਹਾ ਹੈ ਤਾਂ ਜੁ ਵੱਧ ਤੋਂ ਵੱਧ ਕਿਸਾਨ ਜਾਗਰੂਕ ਹੋ ਕੇ ਪਰਾਲੀ ਨੂੰ ਅੱਗ ਨਾ ਲਾਉਣ।ਡਿਪਟੀ ਕਮਿਸ਼ਨਰ ਨੇ ਪਰਾਲੀ ਨੂੰ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਜਿੱਥੇ ਵਾਤਾਵਰਣ ਦੂਸ਼ਿਤ ਹੁੰਦਾ ਹੈ, ਉੱਥੇ ਇਸ ਤੋਂ ਪੈਦਾ ਹੋਏ ਧੂੰਏਂ ਨਾਲ ਅਨੇਕਾਂ ਬਿਮਾਰੀਆਂ ਪੈਦਾ ਹੁੰਦੀਆਂ ਹਨ ਤੇ ਕਈ ਵਾਰ ਸੜਕੀ ਦੁਰਘਟਨਾਵਾਂ ਵੀ ਵਾਪਰਦੀਆਂ ਹਨ।

ਫੜ੍ਹ ਨੂੰ ਲੈ ਕੇ ਤਕਰਾਰ ਦੌਰਾਨ ਹਵਾਈ ਫਾਇਰ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸੰਘੋਲ ਦਾਣਾ ਮੰਡੀ ਵਿਖੇ ਦੋ ਆੜ੍ਹਤੀਆਂ ਦਰਮਿਆਨ ਫੜ੍ਹ ਨੂੰ ਲੈ ਕੇ ਹੋਈ ਤਕਰਾਰ ਦੌਰਾਨ ਇੱਕ ਆੜ੍ਹਤੀ ਵੱਲੋਂ ਹਵਾਈ ਫਾਇਰ ਕਰ ਦੇਣ 'ਤੇ ਦੂਸਰੀ ਧਿਰ ਵੱਲੋਂ ਉਸ ਦਾ ਲਾਇਸੰਸੀ ਰਿਵਾਲਵਰ ਖੋਹ ਲੈ ਜਾਣ ਦਾ ਸਮਾਚਾਰ ਹੈ। ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਮੁਤਾਬਿਕ ਸੰਘੋਲ ਦਾਣਾ ਮੰਡੀ ਵਿਖੇ ਲਖਵੀਰ ਸਿੰਘ ਉਰਫ ਲੱਖੀ ਵਾਸੀ ਪਿੰਡ ਹਰਗਣਾ ਤੇ ਕੁਲਵੀਰ ਸਿੰਘ ਵਾਸੀ ਪਿੰਡ ਮੋਹਣਮਾਜਰਾ ਨਾਮਕ ਦੋ ਆੜ੍ਹਤੀਆਂ ਦਰਮਿਆਨ ਅਲਾਟ ਹੋਈ ਫੜ੍ਹ ਵਾਲੀ ਜਗ੍ਹਾ 'ਤੇ ਜ਼ੀਰੀ ਦੀਆਂ ਬੋਰੀਆਂ ਲਈ ਕਰੇਟ ਲਗਾਉਣ ਨੂੰ ਲੈ ਕੇ ਦੋਵਾਂ ਧਿਰਾਂ ਦੇ ਵਿਅਕਤੀਆਂ ਦੀ ਆਪਸ 'ਚ ਤਕਰਾਰ ਹੋ ਗਈ, ਜਿਸ 'ਤੇ ਇੱਕ ਧਿਰ ਦੇ ਵਿਅਕਤੀ ਨੇ ਦੂਸਰੀ ਧਿਰ ਦੇ ਵਿਅਕਤੀਆਂ ਨੂੰ ਭਾਰੀ ਪੈਂਦੇ ਦੇਖ ਆਪਣੇ 32 ਬੋਰ ਦੇ ਲਾਇਸੰਸੀ ਰਿਵਾਲਵਰ ਨਾਲ ਹਵਾਈ ਫਾਇਰ ਕਰ ਦਿੱਤਾ, ਜਿਸ 'ਤੇ ਦੂਸਰੀ ਧਿਰ ਦਾ ਇੱਕ ਵਿਅਕਤੀ ਉਸ ਦੇ ਹੱਥ 'ਚੋਂ ਰਿਵਾਲਵਰ ਹੀ ਖੋਹ ਕੇ ਭੱਜ ਗਿਆ। ਸੰਘੋਲ ਚੌਕੀ ਦੀ ਪੁਲਸ ਨੇ ਮਾਮਲੇ 'ਚ ਕਰਾਸ ਪਰਚਾ ਦਰਜ ਕਰਦੇ ਹੋਏ ਲਖਵੀਰ ਸਿੰਘ ਤੇ ਕੁਲਵੀਰ ਸਿੰਘ ਦੋਵਾਂ ਨੂੰ ਕਾਬੂ ਕਰਕੇ ਖੋਹਿਆ ਹੋਇਆ ਰਿਵਾਲਵਰ ਬਰਾਮਦ ਕਰ ਲਿਆ ਹੈ ਤੇ ਸਹਾਇਕ ਥਾਣੇਦਾਰ ਰਣਜੀਤ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਮਾਲਵਾ ਸਾਹਿਤ ਸਭਾ ਦਾ ਸਾਲਾਨਾ ਸਮਾਗਮ 8 ਨੂੰ

ਬਰਨਾਲਾ (ਰਾਜਿੰਦਰ ਬਰਾੜ)-ਮਾਲਵਾ ਸਾਹਿਤ ਸਭਾ ਬਰਨਾਲਾ ਵੱਲੋਂ ਸਾਲਾਨਾ ਸਾਹਿਤਕ ਸਮਾਗਮ ਸਥਾਨਕ ਪੰਜਾਬ ਆਈਟੀਆਈ ਹੰਡਿਆਇਆ ਰੋਡ ਬਰਨਾਲਾ ਵਿਖੇ 8 ਅਕਤੂਬਰ ਨੂੰ ਸਵੇਰੇ 10 ਵਜੇ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਸਭਾ ਦੇ ਜਨਰਲ ਸਕੱਤਰ ਦਰਸ਼ਨ ਸਿੰਘ ਗੁਰੂ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਸਭਾ ਦੇ ਪ੍ਰਧਾਨ ਡਾ. ਸੰਪੂਰਨ ਸਿੰਘ ਟੱਲੇਵਾਲੀਆ ਤੇ ਪਰਿਵਾਰ ਵੱਲੋਂ ਬੇਬੇ ਗੁਰਦਿਆਲ ਕੌਰ ਤੇ ਬਾਪੂ ਹਰਚੰਦ ਸਿੰਘ ਟੱਲੇਵਾਲੀਆ ਦੀ ਨਿੱਘੀ ਯਾਦ ਨੂੰ ਸਮਰਪਤ ਸੱਤਵਾਂ ਪੁਰਸਕਾਰ ਪ੍ਰਸਿੱਧ ਕਵੀਸ਼ਰ ਮਾ. ਭੀਮ ਮੌੜ ਤੇ ਸਾਥੀਆਂ ਨੂੰ ਦਿੱਤਾ ਜਾਵੇਗਾ। ਇਸ ਤੋਂ ਪਹਿਲਾਂ ਇਹ ਪੁਰਸਕਾਰ ਕ੍ਰਮਵਾਰ ਸਿੱਖ ਵਿਦਵਾਨ ਗਿਆਨੀ ਕਰਮ ਸਿੰਘ ਭੰਡਾਰੀ, ਪ੍ਰਸਿੱਧ ਕਵੀ ਦਰਸ਼ਨ ਬੁੱਟਰ, ਪ੍ਰਸਿੱਧ ਆਲੋਚਕ ਪ੍ਰੋਫੈਸਰ ਬ੍ਰਹਮਜਗਦੀਸ਼ ਸਿੰਘ, ਪ੍ਰਸਿੱਧ ਕਵੀ ਜਸਵੰਤ ਜਫਰ ਲੋਕ ਕਵੀ ਮਾ. ਸੁਰਜੀਤ ਸਿੰਘ ਦਿਹੜ ਤੇ ਕਹਾਣੀਕਾਰ ਗੁਰਮੀਤ ਕੜਿਆਲਵੀ ਨੂੰ ਦਿੱਤਾ ਜਾ ਚੁੱਕਿਆ ਹੈ। ਇਸ ਸਮਾਗਮ ਵਿੱਚ ਕਵੀ ਦਰਬਾਰ ਦੇ ਨਾਲ ਨਾਲ ਕਵਿਸ਼ਰੀ ਦਰਬਾਰ ਵੀ ਹੋਵੇਗਾ।

ਰਾਮ ਲੀਲ੍ਹਾ ਦਾ ਮੰਚਨ 13 ਤੋਂ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)

ਸਰਵਹਿੱਤਕਾਰੀ ਸਭਾ ਸ੍ਰੀ ਰਾਮਲੀਲ੍ਹਾ ਕਮੇਟੀ ਦੀ ਮੀਟਿੰਗ ਸਭਾ ਦੇ ਪ੍ਰਧਾਨ ਅਸ਼ੋਕ ਸੂਦ ਤੇ ਚੇਅਰਮੈਨ ਮੋਹਿਤ ਕੁੰਦਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਰਾਮਲੀਲ੍ਹਾ ਮੰਚਨ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਦ ਤੇ ਕੁੰਦਰਾ ਨੇ ਦੱਸਿਆ ਕਿ ਇਸ ਵਾਰ ਰਾਮਲੀਲ੍ਹਾ ਦਾ ਮੰਚਨ 13 ਅਕਤੂਬਰ ਨੂੰ ਸ਼ੁਰੂ ਹੋਵੇਗਾ ਤੇ ਰੋਜ਼ਾਨਾ ਰਾਤ 9 ਵਜੇ ਤੋਂ 12 ਵਜੇ ਤੱਕ ਪਵਿੱਤਰ ਗ੍ਰੰਥ ਰਮਾਇਣ ਦੇ ਅਧਾਰ 'ਤੇ ਕਲਾਕਾਰ ਆਪਣੀ ਪੇਸ਼ਕਾਰੀ ਕ

6-Oct-PAGE-11-Majha-23.qxd 10/5/2023 11:03 PM Page 1

ਚੇਅਰਮੈਨ ਸੇਖਵਾਂ ਨੇ ਧਾਰੀਵਾਲ, ਕਾਹਨੂੰਵਾਨ ਤੇ ਕਾਦੀਆਂ ਵਿਖੇ ਝੋਨੇ ਦੀ ਖਰੀਦ ਕਰਵਾਈ ਸ਼ੁਰੂ

ਧਾਰੀਵਾਲ (ਮਨਦੀਪ ਸਿੰਘ ਵਿੱਕੀ) – ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਅੱਜ ਧਾਰੀਵਾਲ, ਕਾਹਨੂੰਵਾਨ ਅਤੇ ਕਾਦੀਆਂ ਦੀਆਂ ਦਾਣਾ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨਾਲ ਮੰਡੀ ਬੋਰਡ, ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਖਰੀਦ ਏਜੰਸੀਆਂ ਦੇ ਅਧਿਕਾਰੀ, ਆੜ੍ਹਤੀਆ ਐਸੋਸੀਏਸ਼ਨ ਦੇ ਨੁਮਾਇੰਦੇ ਅਤੇ ਕਿਸਾਨ ਵੀ ਹਾਜ਼ਰ ਸਨ। ਝੋਨੇ ਦੀ ਖਰੀਦ ਸ਼ੁਰੂ ਕਰਵਾਉਂਦਿਆਂ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ, ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਮੁਤਾਬਕ ਪੰਜਾਬ ਸਰਕਾਰ ਕਿਸਾਨਾਂ ਦੀ ਫਸਲ ਦਾ ਇਕ-ਇਕ ਦਾਣਾ ਖਰੀਦਣ ਲਈ ਵਚਨਬੱਧ ਹੈ ਅਤੇ ਸੂਬਾ ਸਰਕਾਰ ਨੇ ਇਹ ਵੀ ਨਵਾਂ ਇਤਿਹਾਸ ਸਿਰਜਿਆ ਹੈ ਕਿ ਕਿਸਾਨਾਂ ਨੂੰ ਨਾਲੋ-ਨਾਲ ਅਦਾਇਗੀ ਕਰਕੇ ਝੋਨੇ ਦੀ ਫਸਲ ਦੀ ਲਿਫਟਿੰਗ ਵੀ ਤੁਰੰਤ ਸ਼ੁਰੂ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਖਰੀਦ, ਲਿਫਟਿੰਗ ਅਤੇ ਅਦਾਇਗੀ ਦੀ ਸਮੁੱਚੀ ਪ੍ਰਕਿਰਿਆ ਨੂੰ ਡਿਜੀਟਲ ਵਿਧੀ ਨਾਲ ਸਿਰੇ ਚੜ੍ਹਾਇਆ ਜਾ ਰਿਹਾ ਹੈ ਅਤੇ ਕਿਸੇ ਕਿਸਾਨ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਿਯਮਾਂ ਵਿੱਚ ਢਿੱਲ ਦੇਣ ਤੋਂ ਬਾਅਦ 654 ਨਵੇਂ ਸ਼ੈਲਰਾਂ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ। ਸਾਡੇ ਮੁੱਖ ਮੰਤਰੀ ਦੇ ਯਤਨਾਂ ਸਦਕਾ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਪੰਜਾਬ ਸਰਕਾਰ ਨੇ ਖਰੀਦ ਸ਼ੁਰੂ ਹੋਣ ਤੋਂ ਪਹਿਲਾਂ ਝੋਨੇ ਦੇ ਸੀਜ਼ਨ ਲਈ 37,000 ਕਰੋੜ ਰੁਪਏ ਦੀ ਕੈਸ਼ ਕਰੈਡਿਟ ਲਿਮਟ (ਸੀ.ਸੀ.ਐਲ.) ਪ੍ਰਾਪਤ ਕੀਤੀ ਹੈ।

ਚੇਅਰਮੈਨ ਸੇਖਵਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਸਾੜਨ ਦੀ ਬਜਾਇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਖੇਤੀ ਸੰਦਾਂ ਦੀ ਵਰਤੋਂ ਕਰਨ, ਕਿਉਂਕਿ ਇਸ ਲਈ ਪੰਜਾਬ ਸਰਕਾਰ ਨੇ ਅਗੇਤੇ ਪ੍ਰਬੰਧ ਕੀਤੇ ਹੋਏ ਹਨ। ਉਨ੍ਹਾਂ ਕਿਹਾ ਕਿ ਝੋਨੇ ਦੀ ਸੰਭਾਲ ਲਈ ਲੋੜੀਂਦੇ ਬਾਰਦਾਨੇ ਅਤੇ ਤਰਪਾਲਾਂ ਦੇ ਲੋੜੀਂਦੇ ਪ੍ਰਬੰਧ ਸਮੇਂ ਤੋਂ ਪਹਿਲਾਂ ਹੀ ਮੁਕੰਮਲ ਹਨ।

ਰਾਸ਼ਨ ਕਾਰਡਾਂ ਦੀ ਬਹਾਲੀ ਲਈ ਧਰਨਾ ਮਹੀਨੇ ਤੋਂ ਵੀ ਵੱਧ ਦਿਨਾਂ 'ਚ ਹੋਇਆ ਸ਼ਾਮਲ

ਪਠਾਨਕੋਟ (ਦਵਿੰਦਰ ਸਿੰਘ)- ਨਜਾਇਜ਼ ਕੱਟੇ ਰਾਸ਼ਨ ਕਾਰਡਾਂ ਖਿਲਾਫ ਦਿਹਾਤੀ ਮਜ਼ਦੂਰ ਸਭਾ ਵਲੋਂ ਜ਼ਿਲ੍ਹਾ ਹੈਡਕੁਆਰਟਰ ਪਠਾਨਕੋਟ ਵਿਖੇ ਅਣਮਿੱਥੇ ਸਮੇਂ ਲਈ ਲੱਗੇ ਦਿਨ ਰਾਤ ਦੇ ਧਰਨੇ ਨੂੰ ਇੱਕ ਮਹੀਨਾ ਦੋ ਦਿਨ ਹੋ ਚੁੱਕੇ ਹਨ ਪਰ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਮੰਤਰੀ ਬਿਲਕੁਲ ਚੁੱਪ ਹਨ, ਕੋਈ ਜਵਾਬ ਨਹੀਂ। ਸਾਥੀ ਅਜੀਤ ਰਾਮ ਗੰਦਲਾਂ ਲਾਹੜੀ ਅਤੇ ਪ੍ਰਵੀਨ ਕੁਮਾਰ ਬਮਿਆਲ ਨੇ ਕਿਹਾ ਕਿ ਇਸ ਤੋਂ ਵੱਧ ਮਾੜੀ ਗੱਲ ਕੀ ਹੋ ਸਕਦੀ ਹੈ, ਮਜ਼ਦੂਰਾਂ ਦੀਆਂ ਵੋਟਾਂ ਲੈ ਕੇ ਮਜ਼ਦੂਰਾਂ ਨਾਲ ਹੀ ਧੋਖਾ ਕੀਤਾ ਗਿਆ ਹੈ।

ਕਾਮਰੇਡ ਸ਼ਿਵ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਜਾਇਜ਼ ਕੱਟੇ ਰਾਸ਼ਨ ਕਾਰਡਾਂ ਨੂੰ ਬਹਾਲ ਵੀ ਨਹੀਂ ਕੀਤਾ ਜਾ ਰਿਹਾ ਅਤੇ ਦੂਸਰੇ ਪਾਸੇ ਪਿਛਲੇ ਇੱਕ ਮਹੀਨੇ ਤੋਂ ਅਸੀਂ ਏਥੇ ਜ਼ਿਲ੍ਹਾ ਹੈਡਕੁਆਰਟਰ ਧਰਨੇ ਵਿੱਚ ਬੈਠੇ ਦੇਖ ਰਹੇ ਹਾਂ ਕਿ ਸੁਵਿਧਾ ਸੈਂਟਰ ਲੋਕ ਗੇੜੇ ਮਾਰ ਮਾਰ ਥੱਕ ਹਾਰ ਕੇ ਜਦੋਂ ਕੰਮ ਨਹੀਂ ਹੁੰਦਾ ਤਾਂ ਲੋਕ ਮਾਨ ਸਰਕਾਰ ਨੂੰ ਕੋਸਦੇ ਹੋਏ ਕਹਿੰਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸਬੰਧਤ ਵਿਭਾਗ ਦੇ ਮੰਤਰੀ ਨੇ ਕੋਈ ਜਵਾਬ ਨਹੀਂ ਦੇਣਾ ਜਾਂ ਮਸਲੇ ਦਾ ਨਿਪਟਾਰਾ ਨਹੀਂ ਕਰਨਾ ਤਾਂ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਕਹਿਣਾ ਠੀਕ ਹੈ ਕਿ ਅਸੀਂ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਨੀ ਹੈ, ਅਸੀਂ ਕੁਝ ਨਹੀਂ ਕਰ ਸਕਦੇ। ਅਸੀਂ ਬੇਵੱਸ ਹਾਂ।

ਪਿੰਡ ਪਰਮਾਨੰਦ, ਮਾੜੀ, ਜੰਗਲਾਂ, ਸ਼ਾਦੀਪੁਰ, ਕੋਠੀ ਪੰਡਤਾਂ, ਮਲਕਪੁਰ, ਤਾਰਾਗੜ੍ਹ, ਸੁੰਦਰਚੱਕ ਕੜਬੋਲੀ ਮੁਹੱਲਾ, ਪਠਾਨਕੋਟ, ਭੜੋਲੀ ਕਲਾਂ, ਸੁਜਾਨਪੁਰ, ਬਸਾਊ ਬਾੜਵਾਂ, ਨਰੋਟ ਮਹਿਰਾ, ਸਰਨਾ, ਕੋਟਲੀ, ਬਲਸੂਆ ਅਤੇ ਹੋਰ ਪਿੰਡਾਂ ਤੋਂ ਔਰਤਾਂ ਮਰਦਾਂ ਨੇ ਧਰਨੇ ਵਿੱਚ ਸ਼ਮੂਲੀਅਤ ਕੀਤੀ। ਉਪਰੋਕਤ ਤੋਂ ਇਲਾਵਾ ਸਾਥੀ ਸੋਹਨ ਲਾਲ, ਯਸਪਾਲ, ਰਜਿੰਦਰ ਕੁਮਾਰ ਮਲਕਪੁਰ, ਰਾਜੂ ਨਰੋਟ ਮਹਿਰਾ, ਬਲਦੇਵ ਰਾਜ ਮਲਕਪੁਰ, ਕਾਲੂ ਰਾਮ ਅਤੇ ਹੋਰ ਸਾਥੀਆਂ ਨੇ ਧਰਨੇ ਸੰਬੋਧਨ ਕੀਤਾ।

ਅਧਿਕਾਰੀਆਂ ਵੱਲੋਂ ਛਾਪੇਮਾਰੀ, ਦੁੱਧ ਪਨੀਰ ਤੇ ਕਰਿਆਨੇ ਦੇ ਲਏ ਨਮੂਨੇ

ਮਜੀਠਾ(ਸੋਇਮ ਆਨੰਦ)- ਤਿਉਹਾਰਾਂ ਦੇ ਮੱਦੇਨਜ਼ਰ ਅਤੇ ਪੰਜਾਬ ਸਰਕਾਰ ਵਲੋਂ ਮਿਲਾਵਟਖੋਰਾਂ 'ਤੇ ਨਜ਼ਰ ਰੱਖਣ ਵਾਸਤੇ ਭੋਜਨ ਸੁਰੱਖਿਆ ਕਮਿਸ਼ਨ ਵਲੋਂ ਅੱਜ ਸ਼ਹਿਰ ਮਜੀਠਾ ਵਿਚ ਭੋਜਨ ਸੁਰੱਖਿਆ ਕਮਿਸ਼ਨ ਦੇ ਸਹਾਇਕ ਕਮਿਸ਼ਨਰ ਭੋਜਨ ਸੁਰੱਖਿਆ ਅੰਮ੍ਰਿਤਸਰ ਰਾਜਿੰਦਰਪਾਲ ਵਲੋਂ ਆਪਣੀ ਟੀਮ ਮੈਂਬਰਾਂ ਸਮੇਤ ਅਚਾਨਕ ਛਾਪਾਮਾਰੀ ਕੀਤੀ। ਜਿਸ ਤਹਿਤ ਟੀਮ ਵਲੋਂ ਡੇਅਰੀਆਂ ਤੋਂ ਦੁੱਧ ਅਤੇ ਪਨੀਰ ਦੇ ਨਮੂਨੇ ਲਏ। ਇਸ ਤੋਂ ਇਲਾਵਾ ਸ਼ਹਿਰ ਦੀਆਂ ਕੁਝ ਕਰਿਆਨਾ ਦੁਕਾਨਾਂ ਤੋਂ ਘਿਓ, ਨਮਕੀਨ, ਦਾਲਾਂ ਅਤੇ ਕੋਲਡ ਡਰਿੰਕਸ ਦੀ ਦੁਕਾਨ ਤੋਂ ਬੰਦ (ਪਾਓ) ਆਦਿ ਦੇ ਨਮੂਨੇ ਲੈ ਕੇ ਇਨ੍ਹਾਂ ਨੂੰ ਸੀਲਬੰਦ ਕਰਕੇ ਲੈਬਾਰਟਰੀ ਵਿਚ ਜਾਂਚ ਵਾਸਤੇ ਭੇਜ ਦਿੱਤੇ ਗਏ। ਛਾਪੇ ਦੀ ਖਬਰ ਸੁਣ ਕੇ ਸ਼ਹਿਰ ਦੀਆਂ ਸਾਰੀਆਂ ਖਾਣ ਪੀਣ ਵਾਲੀਆਂ ਦੁਕਾਨਾਂ ਬੰਦ ਕਰਕੇ ਦੁਕਾਨਦਾਰ ਅੱਗੇ ਪਿੱਛੇ ਹੋ ਗਏ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਰਾਜਿੰਦਰਪਾਲ ਨੇ ਦੱਸਿਆ ਕਿ ਖਾਣ ਪੀਣ ਵਾਲੀਆਂ ਵਸਤਾਂ ਵੇਚਣ ਵਾਲੇ ਦੁਕਾਨਦਾਰਾਂ ਪਾਸ ਭੋਜਨ ਸੁਰੱਖਿਆ ਵਿਭਾਗ ਵਲੋਂ ਜਾਰੀ ਲਾਇਸੰਸ ਹੋਣਾ ਲਾਜ਼ਮੀ ਹੈ ਜਿਹੜਾ ਕਿ ਦੁਕਾਨਦਾਰ ਦੀ ਡਾਕਟਰੀ ਜਾਂਚ ਕਰਨ ਉਪਰੰਤ ਜਾਰੀ ਹੁੰਦਾ ਹੈ ਅਤੇ ਇਹ ਲਾਇਸੰਸ ਹਰ ਸਾਲ ਨਿਵਾਇਆ ਜਾਣਾ ਹੁੰਦਾ ਹੈ। ਬਿਨਾਂ ਇਸ ਲਾਇਸੰਸ ਕੋਈ ਵੀ ਵਿਅਕਤੀ ਖਾਣ ਪੀਣ ਵਾਲੀਆਂ ਵਸਤਾਂ ਨਹੀ ਵੇਚ ਸਕਦਾ। ਉਨ੍ਹਾਂ ਨੇ ਸ਼ਹਿਰ ਦੇ ਸਮੂਹ ਖਾਣ ਪੀਣ ਦੀਆਂ ਵਸਤਾਂ ਵੇਚਣ ਵਾਲੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੇ ਹੁਣ ਤੱਕ ਇਹ ਲਾਇਸੰਸ ਨਹੀ ਬਣਵਾਏ ਉਹ ਜਲਦੀ ਤੋਂ ਜਲਦੀ ਲਾਇਸੰਸ ਬਣਵਾ ਲੈਣ ਨਹੀ ਤਾਂ ਦੁਬਾਰਾ ਚੈਕਿੰਗ ਦੌਰਾਨ ਪਕੜੇ ਜਾਣ 'ਤੇ ਸਰਕਾਰ ਦੇ ਨਿਯਮਾਂ ਮੁਤਾਬਕ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਨੇ ਇਹ ਵੀ ਅਪੀਲ ਕੀਤੀ ਕਿ ਖਾਣ ਪੀਣ ਵਾਲੀਆਂ ਵਸਤਾਂ ਵਿਚ ਮਿਲਾਵਟ ਨਾ ਕਰਨ ਜਿਸ ਨਾਲ ਮਨੁੱਖੀ ਸਰੀਰਾਂ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਭੋਜਨ ਸੁਰੱਖਿਆ ਅਫਸਰ ਅਮਨਦੀਪ ਸਿੰਘ ਵੀ ਹਾਜ਼ਰ ਸਨ।

9 ਨੂੰ ਅੰਮ੍ਰਿਤਸਰ 'ਚ ਪੁੱਜੇਗੀ ਵੂਮੈਨ ਮੋਟਰਸਾਈਕਲ ਰੈਲੀ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਸੀ.ਆਰ.ਪੀ.ਐਫ. ਵਲੋਂ ਮਹਿਲਾ ਸ਼ਕਤੀਕਰਨ ਦੇ ਉਦੇਸ਼ ਲਈ ਇਕ ਵੂਮੈਨ ਮੋਟਰਸਾਈਕਲ ਰੈਲੀ ਸ੍ਰੀਨਗਰ ਤੋਂ ਅੰਮ੍ਰਿਤਸਰ ਤੱਕ ਕੱਢੀ ਜਾ ਰਹੀ ਹੈ। ਇਸ ਮੋਟਰਸਾਈਕਲ ਰੈਲੀ 'ਚ 25 ਮੋਟਰਸਾਈਕਲਾਂ 'ਤੇ 50 ਸਵਾਰ ਹਨ। ਇਹ ਰੈਲੀ 9 ਅਕਤੂਬਰ ਨੂੰ ਅੰਮ੍ਰਿਤਸਰ ਵਿਖੇ ਪੁੱਜੇਗੀ ਅਤੇ ਉਸੇ ਹੀ ਦਿਨ ਸ਼ਾਮ 4 ਵਜੇ ਵਾਹਗਾ ਬਾਰਡਰ ਅਟਾਰੀ ਵਿਖੇ ਆਪਣਾ ਬੈਂਡ ਡਿਸਪਲੇ ਕਰੇਗੀ। ਮੀਟਿੰਗ ਕਰਦੇ ਹੋਏ ਡਿਪਟੀ ਕਮਿਸ਼ਨਰ ਅਮਿਤ ਤਲਵਾੜ ਨੇ ਦੱਸਿਆ ਕਿ ਗਣਤੰਤਰ ਦਿਵਸ ਮੌਕੇ ਦਿੱਲੀ ਵਿਖੇ ਕੀਤੀ ਗਈ ਪਰੇਡ 'ਚ ਇਸ ਬੈਂਡ ਵਲੋਂ ਆਪਣੀ ਸ਼ਮੂਲੀਅਤ ਕੀਤੀ ਗਈ ਸੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਰੈਲੀ ਅਗਲੇ ਦਿਨ 10 ਅਕਤੂਬਰ ਨੂੰ ਸਵੇਰੇ 10:00 ਵਜੇ ਸਰੂਪ ਰਾਣੀ ਕਾਲਜ ਫਾਰ ਵੂਮੈਨ ਵਿਖੇ ਆਪਣਾ ਬੈਂਡ ਡਿਸਪਲੇ ਕਰੇਗੀ ਅਤੇ ਇਸੇ ਹੀ ਦਿਨ ਸ਼ਾਮ ਨੂੰ 4:00 ਵਜੇ ਜਲ੍ਹਿਆਂਵਾਲਾ ਬਾਗ ਵਿਖੇ ਆਪਣੇ ਬੈਂਡ ਦੀ ਨੁਮਾਇਸ਼ ਕਰੇਗੀ। ਉਨਾਂ ਦੱਸਿਆ ਕਿ ਇਸ ਰੈਲੀ ਦਾ ਸਟੇਅ ਆਈ.ਟੀ.ਬੀ.ਪੀ. ਕੈਂਪ ਅੰਮ੍ਰਿਤਸਰ ਵਿਖੇ ਹੋਵੇਗਾ। 11 ਅਕਤੂਬਰ ਨੂੰ ਆਈ.ਟੀ.ਬੀ.ਪੀ. ਕੈਂਪ ਤੋਂ ਸਵੇਰੇ 8:00 ਵਜੇ ਡਿਪਟੀ ਕਮਿਸ਼ਨਰ ਝੰਡੀ ਦੇ ਕੇ ਇਸ ਰੈਲੀ ਨੂੰ ਜਲੰਧਰ ਲਈ ਰਵਾਨਾ ਕਰਨਗੇ। ਇਸ ਮੀਟਿੰਗ 'ਚ ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ, ਐਸ.ਡੀ.ਐਮ. ਮਨਕੰਵਲ ਸਿੰਘ ਚਾਹਲ ਤੋਂ ਇਲਾਵਾ ਸੀ.ਆਰ.ਪੀ.ਐਫ. ਦੇ ਅਧਿਕਾਰੀ ਹਾਜ਼ਰ ਸਨ।

ਪਟਵਾਰੀ ਵੱਲੋਂ ਜਨਮ ਦਿਨ ਮੌਕੇ ਚੌਕਾਂ ਨੂੰ ਰਾਸ਼ੀ ਭੇਟ

ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ) - ਸਮਾਜਸੇਵੀ ਪੈਨਸ਼ਨਰ ਧਰਮਵੀਰ ਸਿੰਘ ਸੰਧੂ ਪਟਵਾਰੀ ਵੱਲੋਂ ਆਪਣੇ ਜਨਮ ਦਿਨ ਦੀ ਖੁਸ਼ੀ ਮੌਕੇ ਵਿਦੇਸ਼ ਬੈਠਿਆਂ ਚੌਂਕਾ ਬੀਬੀ ਰਜਨੀ ਜੀ ਦੇ ਸੇਵਾਦਾਰ ਭਵਨ ਕੁਮਾਰ ਟਾਹ ਨਾਲ ਵੀਡੀਓ ਕਾਲ ਰਾਹੀਂ ਕੇਕ ਕੱਟ ਕੇ ਜਨਮ ਦਿਨ ਦੀ ਖੁਸ਼ੀ ਸਾਂਝੀ ਕੀਤੀ ਅਤੇ ਚੌਂਕਾ ਦੇ ਖਾਤੇ ਦਸ ਹਜ਼ਾਰ ਰੁਪਏ ਦੀ ਰਾਸ਼ੀ ਸਹਾਇਤਾ ਵਜੋਂ ਪਾਈ। ਸਮਾਜਸੇਵੀ ਪੈਨਸ਼ਨਰ ਧਰਮਵੀਰ ਸਿੰਘ ਸੰਧੂ ਪਟਵਾਰੀ ਨੇ ਟੈਲੀਫੋਨ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੌਂਕਾ ਬੀਬੀ ਰਜਨੀ ਜੀ ਦੇ ਬਾਨੀ ਮਰਹੂਮ ਪ੍ਰਧਾਨ ਵਿਨੋਦ ਕੁਮਾਰ ਸ਼ਰਮਾ ਨੇ ਸਾਨੂੰ ਇਮਾਨਦਾਰੀ ਅਤੇ ਸਮਾਜਸੇਵੀ ਕੰਮਾਂ ਵਿੱਚ ਯੋਗਦਾਨ ਪਾਉਣ ਦੀ ਪ੍ਰੇਰਨਾ ਦਿੱਤੀ ਜਿਸ ਸਦਕਾ ਮੈਂ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਉਂਦਾ ਆ ਰਿਹਾ ਹਾਂ। ਸੰਧੂ ਨੇ ਕਿਹਾ ਕਿ ਚੌਂਕਾ ਵੱਲੋਂ ਸਥਾਨਕ ਸ਼ਹਿਰ ਅਤੇ ਇਲਾਕਾ ਨਿਵਾਸੀਆਂ ਵਾਸਤੇ ਨਿਭਾਈਆਂ ਜਾ ਰਹੀਆਂ ਸੇਵਾਵਾਂ ਤੋਂ ਬਹੁਤ ਪ੍ਰਭਾਵਿਤ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਚੌਂਕਾਂ ਦਾ ਸਹਿਯੋਗ ਕਰਨਾ ਚਾਹੀਦਾ ਹੈ। ਚੌਂਕਾਂ ਦੇ ਪ੍ਰਬੰਧਕ ਭਵਨ ਕੁਮਾਰ ਟਾਹ ਨੇ ਸਮਾਜਸੇਵੀ ਪੈਨਸ਼ਨਰ ਧਰਮਵੀਰ ਸਿੰਘ ਸੰਧੂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਸੰਧੂ ਪਟਵਾਰੀ ਵੱਲੋਂ ਸ਼ੁਰੂ ਤੋਂ ਹੀ ਚੌਂਕਾਂ ਦਾ ਬਹੁਤ ਸਹਿਯੋਗ ਕੀਤਾ ਜਾ ਰਿਹਾ ਅਤੇ ਹਰੇਕ ਸਾਲ ਇੱਕ ਮਹੀਨੇ ਦੀ ਪੈਨਸ਼ਨ ਰਾਸ਼ੀ ਚੌਂਕਾਂ ਵਿਖੇ ਸਹਾਇਤਾ ਵਜੋਂ ਪਾਉਂਦੇ ਆ ਰਹੇ ਹਨ। ਇਸ ਮੌਕੇ ਹੋਨ੍ਹਾਂ ਤੋਂ ਇਲਾਵਾ ਪ੍ਰਿੰਸੀਪਲ ਮੰਗਤ ਰਾਮ, ਮੁਕੇਸ਼ ਕੁਮਾਰ ਜੋਸ਼ੀ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ, ਵਿਪਨ ਘਰਿਆਲਾ, ਕੁਲਦੀਪ ਰਾਏ ਸ਼ਰਮਾ, ਕਿਸ਼ਨ ਲਾਲ ਸ਼ਰਮਾ, ਮਹਿਲ ਸਿੰਘ, ਸੁਖਦੇਵ ਸਿੰਘ ਬੁੱਕ ਡੀਪੂ ਵਾਲੇ, ਸਾਕਸ਼ੀ ਜੋਸ਼ੀ, ਰਾਜਬੀਰ ਕੌਰ ਅਤੇ ਮਨਜੀਤ ਕੌਰ ਆਦਿ ਹਾਜ਼ਰ ਸਨ।

ਨਗਰ ਕੌਂਸਲ ਨੇ ਕਲਸ਼ ਯਾਤਰਾ ਕੱਢੀ

ਧਾਰੀਵਾਲ (ਮਨਦੀਪ ਸਿੰਘ ਵਿੱਕੀ) - ਪੰਜਾਬ ਸਰਕਾਰਾਂ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਨਗਰ ਕੌਂਸਲ ਧਾਰੀਵਾਲ ਦੀ ਸਵੱਛ ਭਾਰਤ ਦੀ ਟੀਮ ਵੱਲੋਂ ਅੱਜ 'ਮੇਰੀ ਮਿੱਟੀ ਮੇਰਾ ਦੇਸ' ਮੁਹਿੰਮ ਤਹਿਤ ਧਾਰੀਵਾਲ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਜਾ ਕੇ 'ਵੀਰਾਂ ਦੇ ਸਨਮਾਨ ਵਿੱਚ ਕਲਸ਼ ਯਾਤਰਾ' ਕੱਢੀ ਗਈ ਅਤੇ ਕਲਸ਼ ਵਿੱਚ ਸ਼ਹਿਰ ਵਾਸੀਆਂ ਤੋਂ ਮਿੱਟੀ ਪਵਾਈ ਗਈ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਵੀ ਇਸ ਮੁਹਿੰਮ ਵਿੱਚ ਭਾਗ ਲਿਆ ਤੇ ਸਹੁੰ ਚੁੱਕ ਕੇ ਸੂਰਬੀਰਾਂ ਨੂੰ ਯਾਦ ਕੀਤਾ। ਇਸ ਉਪਰੰਤ ਵਿਦਿਆਥੀਆਂ ਵੱਲੋਂ ਕਲਸ਼ ਵਿੱਚ ਮਿੱਟੀ ਪਾ ਕੇ ਰਾਸ਼ਟਰ ਪ੍ਰਤੀ ਆਪਣੇ ਫਰਜ਼ਾਂ ਅਤੇ ਜ਼ਿੰਮੇਵਾਰੀਆਂ ਨੂੰ ਨਿਭਾਉਣ ਅਤੇ ਦੇਸ਼ ਦੀ ਸ਼ਾਨ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਯੋਧਿਆਂ ਦੇ ਰਸਤੇ 'ਤੇ ਚੱਲਣ ਦਾ ਪ੍ਰਣ ਲਿਆ ਗਿਆ। ਇਸ ਮੌਕੇ ਸੈਨੇਟਰੀ ਇੰਸਪੈਕਟਰ ਸੰਜੀਵ ਸੋਨੀ, ਸੀ.ਐੱਫ. ਰਵਿੰਦਰ ਸਿੰਘ, ਮੋਟੀਵੇਟਰ ਸੁਭਨਵਦੀਪ ਸਿੰਘ, ਗੁਰਵਿੰਦਰ ਕੌਰ ਅਤੇ ਧਾਰੀਵਾਲ ਸ਼ਹਿਰ ਦੀ ਸਵੱਛ ਭਾਰਤ ਦੀ ਟੀਮ ਅਤੇ ਹੋਰ ਸ਼ਹਿਰ ਵਾਸੀ ਵੀ ਹਾਜ਼ਰ ਸਨ।

ਕਰਿਸ਼ਮਾ ਨੇ ਬਤੌਰ ਥਾਣਾ ਮੁਖੀ ਪੁਰਾਣਾ ਸ਼ਾਲਾ ਦਾ ਚਾਰਜ ਸੰਭਾਲਿਆ

ਗੁਰਦਸਪੁਰ, (ਜਨਕ ਮਹਾਜਨ)- ਮੈਡਮ ਕਰਿਸ਼ਮਾ ਨੇ ਬਤੌਰ ਥਾਣਾ ਮੁਖੀ ਪੁਰਾਣਾ ਸ਼ਾਲਾ ਦਾ ਚਾਰਜ ਸੰਭਾਲ ਲਿਆ ਹੈ। ਚਾਰਜ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਉਹ ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼

6-OCT-PAGE-12.qxd 10/5/2023 10:37 PM Page 1

ਵਾਤਾਵਰਣ ਪ੍ਰਦੂਸ਼ਣ ਰੋਕਣ ਲਈ ਜ਼ਿਲ੍ਹਾ ਪੱਧਰੀ ਸਿਖਲਾਈ ਵਰਕਸ਼ਾਪ

ਗੁਰਦਾਸਪੁਰ (ਦਿਨੇਸ਼ ਕੁਮਾਰ)- ਵਾਤਾਵਰਣ ਪ੍ਰਦੂਸ਼ਣ ਰੋਕਣ ਲਈ ਵਿੰਗੀਫਾਈ ਫਾਊਂਡੇਸ਼ਨ ਵੱਲੋਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਅਤੇ ਪੰਜਾਬ ਫੋਕ ਆਰਟ ਸੰਸਥਾ ਦੇ ਸਹਿਯੋਗ ਨਾਲ ਗੋਲਡਨ ਇੰਜੀਨੀਅਰਿੰਗ ਕਾਲਜ ਗੁਰਦਾਸਪੁਰ ਵਿਖੇ ਮੁੱਖ ਖੇਤੀਬਾੜੀ ਅਫਸਰ ਡਾ. ਕਿਰਪਾਲ ਸਿੰਘ ਢਿਲੋਂ ਦੇ ਪ੍ਰਬੰਧਾਂ ਹੇਠ ਇਕ ਜ਼ਿਲ੍ਹਾ ਪੱਧਰੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦੀ ਪ੍ਰਧਾਨਗੀ ਜ਼ਿਲ੍ਹਾ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕੀਤੀ ਜਦੋਂ ਕਿ ਵਧੀਕ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ, ਐਸ ਡੀ ਐਮ ਅਰਵਿੰਦ ਕੁਮਾਰ, ਜ਼ਿਲ੍ਹਾ ਸਿਖਲਾਈ ਅਫਸਰ ਡਾ. ਅਮਰੀਕ ਸਿੰਘ, ਗੋਲਡਨ ਗਰੁੱਪ ਦੇ ਚੇਅਰਮੈਨ ਡਾ. ਮੋਹਿਤ ਮਹਾਜਨ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਤਹਿਸੀਲਦਾਰ, ਨਾਇਬ ਤਹਿਸੀਲਦਾਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਜ਼ਿਲ੍ਹੇ ਦੇ ਵੱਖ ਵੱਖ ਬਲਾਕਾਂ ਤੋਂ ਆਏ ਕਿਸਾਨਾਂ ਅਤੇ ਅਧਿਕਾਰੀਆਂ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਖੇਤਾਂ ਵਿਚ ਲਗਾਈ ਜਾਂਦੀ ਅੱਗ ਕਿਸੇ ਵੀ ਪੱਖ ਤੋਂ ਲਾਭਦਾਇਕ ਨਹੀਂ ਹੈ। ਇਸ ਲਈ ਇਸ ਅੱਗ ਨੂੰ ਰੋਕਣ ਲਈ ਪੂਰੇ ਜ਼ਿਲ੍ਹੇ ਨੂੰ 79 ਜ਼ੋਨਾਂ ਵਿਚ ਵੰਡ ਕੇ 300 ਤੋਂ ਜ਼ਿਆਦਾ ਅਧਿਕਾਰੀ ਤੇ ਕਰਮਚਾਰੀ ਫੀਲਡ ਵਿਚ ਤੈਨਾਤ ਕੀਤੇ ਗਏ ਹਨ। ਉਨ੍ਹਾਂ ਕਿਹਾ ਅਨੇਕਾਂ ਕਿਸਾਨ ਅਜਿਹੇ ਹਨ ਜਿਨ੍ਹਾਂ ਨੇ ਪਿਛਲੇ 5-10 ਸਾਲਾਂ ਤੋਂ ਖੇਤਾਂ ਵਿਚ ਅੱਗ ਨਹੀਂ ਲਗਾਈ। ਅਜਿਹੇ ਕਿਸਾਨਾਂ ਤੋਂ ਸੇਧ ਲੈ ਕੇ ਹੋਰ ਕਿਸਾਨਾਂ ਨੂੰ ਵੀ ਚਾਹੀਦਾ ਹੈ ਕਿ ਉਹ ਖੇਤਾਂ ਵਿਚ ਰਹਿੰਦ ਖੂੰਹਦ ਨੂੰ ਅੱਗ ਲਗਾਏ ਬਗੈਰ ਹੀ ਨਿਪਟਾਉਣ ਅਤੇ ਜਾਂ ਫਿਰ ਪਰਾਲੀ ਨੂੰ ਇਕੱਤਰ ਕਰਕੇ ਹੋਰ ਕੰਮਾਂ ਲਈ ਵਰਤਣ। ਡੀ ਸੀ ਡਾ.ਹਿਮਾਂਸ਼ੂ ਅਗਰਵਾਲ ਨੇ ਐਲਾਨ ਕੀਤਾ ਕਿ ਅੱਗ ਨਾ ਲਗਾਉਣ ਵਾਲਿਆਂ ਨੂੰ ਵਾਤਾਵਰਣ ਦੇ ਰਾਖੇ ਐਵਾਰਡ ਨਾਲ ਸਨਮਾਨਤ ਕੀਤਾ ਜਾਵੇਗਾ। ਜ਼ਿਲ੍ਹੇ ਅੰਦਰ ਹਾਟਸਪਾਟ ਪਿੰਡਾਂ ਵਿਚੋਂ ਜਿਹੜੇ ਪਿੰਡਾਂ 'ਚ ਅੱਗ ਲਗਾਉਣ ਦਾ ਕੋਈ ਮਾਮਲਾ ਸਾਹਮਣੇ ਨਹੀਂ ਆਵੇਗਾ, ਉਨਾਂ ਪਿੰਡਾਂ ਨੂੰ ਇਕ ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਉਨਾਂ ਐਲਾਨ ਕੀਤਾ ਕਿ ਸਟਬਲ ਬਰਨਿੰਗ ਰੋਕਣ ਲਈ ਤੈਨਾਤ ਕੀਤੇ ਫੀਲਡ ਅਫਸਰਾਂ ਵਿਚੋਂ 10 ਬੈਸਟ ਫੀਲਡ ਅਫਸਰਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਪਰ ਨਾਲ ਹੀ ਉਨਾਂ ਚਿਤਾਵਨੀ ਦਿੱਤੀ ਕਿ ਜਿਹੜੇ ਕਿਸਾਨ ਵਾਰ ਵਾਰ ਅੱਗ ਲਗਾਉਣ ਦੇ ਆਦੀ ਹੋ ਚੁੱਕੇ ਹਨ ਉਨ੍ਹਾਂ ਖਿਲਾਫ ਵੀ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ ਅਤੇ ਨਾਲ ਹੀ ਡਿਊਟੀ 'ਚ ਢਿੱਲ ਵਰਤਣ ਵਾਲੇ ਅਧਿਕਾਰੀਆਂ ਕਰਮਚਾਰੀਆਂ ਖਿਲਾਫ ਵੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਕਿਰਪਾਲ ਸਿੰਘ ਢਿਲੋਂ ਨੇ ਜ਼ਿਲ੍ਹੇ ਅੰਦਰ ਕਿਸਾਨਾਂ ਨੂੰ ਦਿੱਤੀਆਂ ਮਸ਼ੀਨਰੀ ਤੇ ਹੋਰ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਤੇ ਜ਼ਿਲ੍ਹੇ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਪ੍ਰਸ਼ਾਸਨ ਦਾ ਸਾਥ ਦੇਣ। ਇਸ ਤੋਂ ਪਹਿਲਾਂ ਸੰਬੋਧਨ ਕਰਦਿਆਂ ਏ ਡੀ ਸੀ ਸੁਭਾਸ਼ ਚੰਦਰ, ਜ਼ਿਲ੍ਹਾ ਸਿਖਲਾਈ ਅਫਸਰ ਡਾ. ਅਮਰੀਕ ਸਿੰਘ, ਪ੍ਰਦੂਸ਼ਣ ਕੰਟਰੋਲ ਬੋਰਡ ਦੇ ਐਸ ਡੀ ਓ ਸਿਮਰਪ੍ਰੀਤ ਸਿੰਘ, ਇੰਜੀ. ਦੀਪਕ ਭਾਰਦਵਾਜ, ਬੀ ਡੀ ਪੀ ਓ ਮਿੱਤਰਮਾਨ ਸਿੰਘ ਸਮੇਤ ਹੋਰ ਬੁਲਾਰਿਆਂ ਨੇ ਵੀ ਰਹਿੰਦ ਖੂੰਹਦ ਦੀ ਅੱਗ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਿਹਤ ਵਿਭਾਗ ਤੋਂ ਡਾ. ਪ੍ਰਭਜੋਤ ਕੌਰ ਕਲਸੀ ਨੇ ਰਹਿੰਦ ਖੂੰਹਦ ਦੀ ਅੱਗ ਨਾਲ ਮਨੁੱਖੀ ਸਿਹਤ 'ਤੇ ਪੈਣ ਵਾਲੇ ਮਾਰੂ ਪ੍ਰਭਾਵ ਤੋਂ ਜਾਣੂ ਕਰਵਾਇਆ। ਸਟੇਜ ਸਕੱਤਰ ਦੇ ਫਰਜ਼ ਏ ਡੀ ਓ ਮਨਜੀਤ ਸਿੰਘ ਨੇ ਨਿਭਾਏ। ਇਸ ਵਰਕਸ਼ਾਪ ਦੌਰਾਨ ਡਿਪਟੀ ਕਮਿਸ਼ਨਰ ਨੇ ਪਿਛਲੇ 5-5 ਸਾਲਾਂ ਤੋਂ ਅੱਗ ਨਾ ਲਗਾਉਣ ਵਾਲੇ ਜ਼ਿਲ੍ਹੇ ਦੇ 25 ਕਿਸਾਨਾਂ ਨੂੰ ਨਗਦ ਰਾਸ਼ੀ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ। ਏਈਓ ਰਹਮਨਪ੍ਰੀਤ ਸਿੰਘ ਨੇ ਦੱਸਿਆ ਕਿ ਵਿੰਗੀਫਾਈ ਫਾਊਂਡੇਸ਼ਨ ਵਾਤਾਵਰਣ ਨੂੰ ਬਚਾਉਣ ਲਈ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ ਅਤੇ ਪੰਜਾਬ ਅੰਦਰ ਇਸ ਮੁਹਿੰਮ ਨੂੰ ਸ਼ੁਰੂ ਕਰਨ ਲਈ ਜ਼ਿਲ੍ਹਾ ਗੁਰਦਾਸਪੁਰ ਨੂੰ ਪਾਇਟਲ ਪ੍ਰੋਜੈਕਟ ਵਜੋਂ ਚੁਣਿਆ ਗਿਆ ਹੈ ਜਿਸ ਤਹਿਤ ਇਹ ਫਾਊਂਡੇਸ਼ਨ ਵਿਭਾਗ ਨਾਲ ਮਿਲ ਕੇ ਵੱਖ ਵੱਖ ਥਾਈਂ ਕੈਂਪ ਲਗਾ ਰਹੀ ਹੈ।

'ਵਾਤਾਵਰਣ ਦੇ ਰਾਖੇ' ਕਿਸਾਨਾਂ ਨੂੰ ਸਰਕਾਰੀ ਦਫ਼ਤਰਾਂ 'ਚ ਮਿਲੇਗੀ ਵਿਸ਼ੇਸ਼ ਤਰਜੀਹ

ਗੁਰਦਾਸਪੁਰ (ਦਿਨੇਸ਼ ਕੁਮਾਰ)

ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹੁਕਮ ਜਾਰੀ ਕਰਕੇ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਵਾਤਾਵਰਣ ਦੇ ਰਾਖੇ ਕਿਸਾਨਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਵਿਸ਼ੇਸ਼ ਤਰਜੀਹ ਦੇਣ ਲਈ ਕਿਹਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਸ ਕਿਸਾਨ ਵੱਲੋਂ ਝੋਨੇ ਦੀ ਪਰਾਲੀ ਅਤੇ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਹੀਂ ਲਗਾਈ ਜਾਵੇਗੀ, ਉਸ ਕਿਸਾਨ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਾਤਾਵਰਣ ਦੇ ਰਾਖੇ ਐਵਾਰਡ ਨਾਲ ਸਨਮਾਨਤ ਕੀਤਾ ਜਾਵੇਗਾ ਅਤੇ ਜਿਸ ਵੀ ਕਿਸਾਨ ਕੋਲ ਵਾਤਾਵਰਣ ਦੇ ਰਾਖੇ ਐਵਾਰਡ ਦਾ ਸਰਟੀਫਿਕੇਟ ਹੋਵੇਗਾ ਉਸ ਨੂੰ ਜ਼ਿਲ੍ਹਾ ਪ੍ਰਸ਼ਾਸਨ ਨਾਲ ਸਬੰਧਤ ਸਰਕਾਰੀ ਦਫ਼ਤਰਾਂ ਵਿੱਚ ਕੋਈ ਕੰਮ ਪੈਂਦਾ ਜਾਂ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਸ ਦਾ ਕੰਮ ਨਿਯਮਾਂ ਅਨੁਸਾਰ ਪਹਿਲ ਦੇ ਅਧਾਰ 'ਤੇ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਫਸਲੀ ਰਹਿੰਦ-ਖੂੰਹਦ ਨੂੰ ਅੱਗ ਬਿਲਕੁਲ ਨਾ ਲਗਾਉਣ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਾਤਾਵਰਣ ਦੇ ਰਾਖੇ ਐਵਾਰਡ ਪ੍ਰਾਪਤ ਕਰਕੇ ਸਰਕਾਰੀ ਦਫ਼ਤਰਾਂ ਵਿੱਚ ਵਿਸ਼ੇਸ਼ ਤਰਜੀਹ ਪਾਉਣ। ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਜ਼ਮੀਨ ਦੇ ਪੌਸ਼ਟਿਕ ਤੱਤ ਨਸ਼ਟ ਹੁੰਦੇ ਹਨ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘਟ ਜਾਂਦੀ ਹੈ। ਇਸ ਤੋਂ ਇਲਾਵਾ ਇਸ ਨਾਲ ਸਾਹ ਦੀਆਂ ਕਈ ਭਿਆਨਕ ਬਿਮਾਰੀਆਂ ਵੀ ਫੈਲਦੀਆਂ ਹਨ। ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਝੋਨੇ ਦੀ ਪਰਾਲੀ ਨੂੰ ਅੱਗ ਬਿਲਕੁਲ ਨਾ ਲਗਾਉਣ।

ਇੰਦਰ ਸੁਖਦੀਪ ਸਿੰਘ ਓਢਰਾ ਪੀ ਪੀ ਪੀ ਐੱਫ ਦੇ ਜ਼ੋਨ ਕਨਵੀਨਰ ਤੇ ਡੀ ਟੀ ਐੱਫ ਦੇ ਜਨਰਲ ਸਕੱਤਰ ਚੁਣੇ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)

ਜ਼ਿਲ੍ਹੇ ਦੇ ਇਮਾਨਦਾਰ ਅਤੇ ਜੁਝਾਰੂ ਅਧਿਆਪਕ ਆਗੂ ਵਜੋਂ ਜਾਣੇ ਜਾਂਦੇ ਇੰਦਰ ਸੁਖਦੀਪ ਸਿੰਘ ਓਢਰਾ ਨੂੰ ਮਹੱਤਵਪੂਰਨ ਜਿੰਮੇਵਾਰੀਆਂ ਦਿੰਦੇ ਹੋਏ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ.) ਦੇ ਦੋਆਬਾ ਜ਼ੋਨ ਦਾ ਕਨਵੀਨਰ ਅਤੇ ਡੈਮੋਕਰੈਟਿਕ ਟੀਚਰਜ਼ ਫ਼ਰੰਟ ਪੰਜਾਬ (ਡੀ.ਟੀ.ਐੱਫ.) ਦਾ ਜ਼ਿਲ੍ਹਾ ਜਨਰਲ ਸਕੱਤਰ ਚੁਣਿਆ ਗਿਆ ਹੈ। ਵਰਨਣਯੋਗ ਹੈ ਕਿ ਇੰਦਰ ਸੁਖਦੀਪ ਸਿੰਘ ਓਢਰਾ ਪਿਛਲੇ ਲੱਗਭਗ 20 ਤੋਂ ਵੀ ਵੱਧ ਸਾਲਾਂ ਤੋਂ ਟਰੇਡ ਯੂਨੀਅਨ ਸੰਘਰਸ਼ਾਂ ਨਾਲ਼ ਜੁੜੇ ਹੋਏ ਹਨ। ਵਿਦਿਆਰਥੀ ਸੰਘਰਸ਼ਾਂ ਤੋਂ ਆਪਣਾ ਸੰਘਰਸ਼ੀ ਸਫ਼ਰ ਸ਼ੁਰੂ ਕਰਨ ਵਾਲ਼ੇ ਸ: ਓਢਰਾ ਨੇ ਚੜ੍ਹਦੀ ਉਮਰੇ "ਬੇਰੋਜ਼ਗਾਰ ਈ.ਟੀ.ਟੀ. ਅਧਿਆਪਕ ਯੂਨੀਅਨ" ਦੇ ਜ਼ਿਲ੍ਹਾ ਪ੍ਰਧਾਨ ਵਜੋਂ ਜ਼ਿੰਮੇਵਾਰੀ ਨਿਭਾਉਂਦਿਆਂ ਪੰਜਾਬ ਦੇ ਬੇਰੋਜ਼ਗਾਰ ਈ.ਟੀ.ਟੀ. ਅਧਿਆਪਕਾਂ ਦੇ ਸੰਘਰਸ਼ ਵਿੱਚ ਅਗਾਹਵਧੂ ਰੋਲ ਅਦਾ ਕਰਦਿਆਂ ਪੰਜਾਬ ਦੇ 13000 ਤੋਂ ਵੱਧ ਬੇਰੋਜ਼ਗਾਰ ਈ.ਟੀ.ਟੀ. ਅਧਿਆਪਕਾਂ ਨੂੰ ਪੱਕੇ ਰੋਜ਼ਗਾਰ ਉੱਤੇ ਲਗਵਾਇਆ ਅਤੇ ਇਸਤੋਂ ਬਾਅਦ "ਈ.ਟੀ.ਟੀ. ਅਧਿਆਪਕ ਯੂਨੀਅਨ" ਦੇ ਪਹਿਲੇ ਜ਼ਿਲ੍ਹਾ ਪ੍ਰਧਾਨ ਵਜੋਂ ਸੇਵਾ ਨਿਭਾਉਂਦਿਆਂ ਜ਼ਿਲ੍ਹਾ-ਪ੍ਰੀਸ਼ਦਾਂ ਨੂੰ ਦਿੱਤੇ ਸਕੂਲਾਂ ਨੂੰ ਅਧਿਆਪਕਾਂ ਸਮੇਤ ਸਿੱਖਿਆ ਵਿਭਾਗ ਵਿੱਚ ਸ਼ਾਮਿਲ ਕਰਵਾਉਣ ਦੇ ਸੰਘਰਸ਼ ਦੀ ਸ਼ੁਰੂਆਤ ਕਰਦਿਆਂ ਅਕਤੂਬਰ 2008 ਅਤੇ ਦਸੰਬਰ 2010 ਵਿੱਚ ਹੁਸ਼ਿਆਰਪੁਰ ਵਿਖੇ ਦੋ ਸੂਬਾ-ਪੱਧਰੀ ਰੈਲੀਆਂ ਕਰਕੇ ਪੰਜਾਬ ਵਿੱਚ ਸੰਘਰਸ਼ਾਂ ਦਾ ਮੁੱਢ ਬੰਨਿਆ। ਇਨ੍ਹਾਂ ਸੰਘਰਸ਼ਾਂ ਦੌਰਾਨ ਆਪ ਕਈ ਵਾਰ ਜੇਲ੍ਹ ਵੀ ਗਏ ਅਤੇ 2018 ਦੇ ਅਧਿਆਪਕ ਸੰਘਰਸ਼ ਦੌਰਾਨ ਮੋਹਰੀ ਰੋਲ ਅਦਾ ਕਰਨ ਕਾਰਣ ਇਨ੍ਹਾਂ ਦੀ ਦੂਰ-ਦੁਰੇਡੇ ਬਦਲੀ ਵੀ ਹੋਈ ਪਰ ਇਹ ਫ਼ੇਰ ਵੀ ਇਨ੍ਹਾਂ ਨੇ ਕਦੇ ਵੀ ਡਰ ਕੇ ਸੰਘਰਸ਼ਾਂ ਨੂੰ ਪਿੱਠ ਨਹੀਂ ਵਿਖਾਈ। ਗੌਰਮਿੰਟ ਟੀਚਰਜ਼ ਯੂਨੀਅਨ (ਜੀ.ਟੀ.ਯੂ.) ਦੇ ਜ਼ਿਲ੍ਹਾ ਜਥੇਬੰਦਕ ਸਕੱਤਰ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਸੇਵਾਵਾਂ ਨਿਭਾਉਣ ਤੋਂ ਬਾਅਦ ਆਪ ਮਰਹੂਮ ਅਧਿਆਪਕ ਆਗੂ ਅਜੀਬ ਦਿਵੇਦੀ ਅਤੇ ਹੋਰ ਸਾਥੀਆਂ ਸਮੇਤ ਡੈਮੋਕਰੈਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ.) ਵਿੱਚ ਸ਼ਾਮਿਲ ਹੋ ਗਏ ਅਤੇ ਬੀਤੇ ਦੋ ਸਾਲਾਂ ਤੋਂ ਡੀ.ਟੀ.ਐੱਫ. ਵਿੱਚ ਸਰਗਰਮੀ ਨਾਲ਼ ਕੰਮ ਕਰ ਰਹੇ ਸਨ। ਡੀ.ਟੀ.ਐੱਫ. ਦੇ ਸੂਬਾ ਜਨਰਲ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਮਨਜੀਤ ਸਿੰਘ ਦਸੂਹਾ, ਰੇਸ਼ਮ ਸਿੰਘ ਧੁੱਗਾ, ਬਲਜੀਤ ਸਿੰਘ ਮਹਿਮੋਵਾਲ, ਨੰਦ ਰਾਮ, ਰਜਿੰਦਰ ਹੇਜਮਾਂ, ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਜਸਵਿੰਦਰ ਝਿੰਗੜ, ਬਲਵਿੰਦਰ ਬਾਜਵਾ, ਪਰਵੀਨ ਸ਼ੇਰਪੁਰ, ਸੋਮ ਪਾਲ, ਬਲਕਾਰ ਸਿੰਘ ਪੁਰੀਕਾ, ਮਨਜੀਤ ਸਿੰਘ ਬਾਬਾ, ਅਮਨਦੀਪ ਸਿੰਘ ਚੌਹਾਨ, ਅਸ਼ਨੀ ਕੁਮਾਰ, ਹਰਿੰਦਰ ਮਾਹਿਲਪੁਰ, ਗੁਰਜਿੰਦਰ ਸਿੰਘ ਮੰਝਪੁਰ, ਪਰਮਜੀਤ ਸਿੰਘ ਭੂੰਗਾ, ਨਿਰਮਲ ਸਿੰਘ ਨਿਹਾਲਪੁਰ ਆਦਿ ਅਧਿਆਪਕ ਆਗੂਆਂ ਨੇ ਓਢਰਾ ਦੀ ਨਿਯੁਕਤੀ ਦਾ ਸਵਾਗਤ ਕੀਤਾ ਹੈ। ਓਢਰਾ ਨੇ ਕਿਹਾ ਹੈ ਕਿ ਓਹ ਉਨ੍ਹਾਂ ਨੂੰ ਮਿਲੀਆਂ ਨਵੀਆਂ ਜਿੰਮੇਵਾਰੀਆਂ ਨੂੰ ਬਾਖੂਬੀ ਨਿਭਾਉਣ ਦਾ ਯਤਨ ਕਰਨਗੇ।

